ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 5 ਜੁਲਾਈ 2025 (ਨਾਨਕਸ਼ਾਹੀ ਸੰਮਤ : ੫੫੭, ੨੧ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਕੋਰਟ ਨੇ ਦਿੱਤੇ ਸਖ਼ਤ ਆਦੇਸ਼

# ਮਜੀਠੀਆ ਦੀ ਜਾਇਦਾਦ ਜ਼ਬਤ ਕਰਨ ’ਚ ਸਹਿਯੋਗ ਕਰੇ ਦਿੱਲੀ ਤੇ ਸ਼ਿਮਲਾ ਪੁਲਿਸ

**ਚੰਡੀਗੜ੍ਹ, 4 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ, ਜੋ ਕਿ ਆਮਦਨ ਤੋਂ ਵੱਧ ਜਾਇਦਾਦ ਦੇ ਮਾਮਲੇ ਵਿੱਚ ਜੇਲ੍ਹ ਵਿੱਚ ਹਨ, ਦੀਆਂ ਮੁਸ਼ਕਲਾਂ ਹੋਰ ਵੱਧ ਗਈਆਂ ਹਨ। ਇਸ ਮੌਕੇ ਮੋਹਾਲੀ ਅਦਾਲਤ ਨੇ ਸ਼ਿਮਲਾ ਤੇ ਦਿੱਲੀ ਪੁਲਿਸ ਕਮਿਸ਼ਨਰਾਂ ਨੂੰ ਨਿਰਦੇਸ਼ ਦਿੱਤੇ ਹਨ ਕਿ ਮਜੀਠੀਆ ਨਾਲ ਸਬੰਧਤ ਗੈਰ-ਕਾਨੂੰਨੀ ਕੰਪਨੀਆਂ ਦੀ ਤਲਾਸ਼ੀ ਤੇ ਜ਼ਬਤ ਕਰਨ ਦੀ ਕਾਰਵਾਈ ਵਿੱਚ ਵਿਜੀਲੈਂਸ ਟੀਮ ਨਾਲ ਸਹਿਯੋਗ ਕੀਤਾ ਜਾਵੇ। ਜ਼ਿਕਰ ਕਰ ਦਈਏ ਕਿ ਦਿੱਲੀ ਪੁਲਿਸ ਅਤੇ ਸ਼ਿਮਲਾ ਪੁਲਿਸ ਨੇ ਪਹਿਲੇ ਛਾਪੇਮਾਰੀ ਵਿੱਚ ਸਹਿਯੋਗ ਨਹੀਂ ਕੀਤਾ ਸੀ ਤੇ ਇਸ ਤੋਂ ਇਲਾਵਾ ਮਜੀਠੀਆ ਵੀ ਜਾਂਚ ਵਿੱਚ ਸਹਿਯੋਗ ਨਹੀਂ ਕਰ ਰਹੇ ਸਨ ਜਿਸ ਤੋਂ ਬਾਅਦ ਅਦਾਲਤ ਵੱਲੋਂ ਇਹ ਨਿਰਦੇਸ਼ ਦਿੱਤੇ ਗਏ ਹਨ ਤੇ ਇਸ ਤੋਂ ਬਾਅਦ ਹੁਣ ਵਿਜੀਲੈਂਸ ਦੀ ਜਾਂਚ ਵਿੱਚ ਹੋਰ ਤੇਜ਼ੀ ਆਉਣ ਦੀ ਉਮੀਦ ਹੈ। ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਨੇਤਾ ਅਤੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਵੱਲੋਂ ਦਾਇਰ ਕੀਤੀ ਪਟੀਸ਼ਨ ’ਤੇ 4 ਜੁਲਾਈ ਨੂੰ ਪੰਜਾਬ ਐਂਡ ਹਰਿਆਣਾ ਹਾਈਕੋਰਟ ਵਿੱਚ ਸੁਣਵਾਈ ਹੋਈ ਪਰ ਉਨ੍ਹਾਂ ਨੂੰ ਅਦਾਲਤ ਵੱਲੋਂ ਕੋਈ ਰਾਹਤ ਨਹੀਂ ਮਿਲੀ। ਜਿਸ ਕਰਕੇ ਮਜੀਠੀਆ ਦੀਆਂ ਮੁਸ਼ਕਿਲਾਂ ਹੋਰ ਵੱਧਦੀਆਂ ਹੋਈਆਂ ਨਜ਼ਰ ਆ ਰਹੀਆਂ ਹਨ। ਸਰਕਾਰੀ ਵਕੀਲ ਨੇ ਦੱਸਿਆ ਕਿ ਮਜੀਠੀਆ ਦੇ ਵਕੀਲਾਂ ਵੱਲੋਂ ਇੱਕ ਅਰਜ਼ੀ ਦਾਇਰ ਕੀਤੀ ਗਈ ਸੀ, ਪਰ ਉਹ ਕਾਨੂੰਨੀ ਤੌਰ ’ਤੇ ਠੀਕ ਨਹੀਂ ਸੀ। ਇਸ ਕਰਕੇ ਉਨ੍ਹਾਂ ਨੇ ਉਹ ਅਰਜ਼ੀ ਵਾਪਸ ਲੈ ਲਈ ਗਈ ਹੈ। ਦੂਜੇ ਪਾਸੇ, ਮਜੀਠੀਆ ਦੇ ਵਕੀਲਾਂ ਦਾ ਕਹਿਣਾ ਸੀ ਕਿ ਰਿਮਾਂਡ ਨੂੰ ਲੈ ਕੇ ਕੱਲ੍ਹ ਜੋ ਰਿਮਾਂਡ ਆਰਡਰ ਆਇਆ ਸੀ, ਉਸ ਵਿੱਚ 6 ਜੂਨ ਲਿਖਿਆ ਹੋਇਆ ਸੀ, ਜਦਕਿ ਅੱਜ ਸਵੇਰੇ ਜੋ ਆਰਡਰ ਆਇਆ ਹੈ, ਉਸ ਵਿੱਚ 6 ਜੁਲਾਈ ਦਰਜ ਹੈ। ਇਸ ਕਾਰਨ ਸੁਣਵਾਈ ਅੱਗੇ ਨਹੀਂ ਵਧ ਸਕੀ। ਹੁਣ ਇਸ ਮਾਮਲੇ ਦੀ ਅਗਲੀ ਸੁਣਵਾਈ 8 ਜੁਲਾਈ ਨੂੰ ਹੋਵੇਗੀ।



## ਬਿਕਰਮ ਮਜੀਠੀਆ ਦੀ ਪਟੀਸ਼ਨ ’ਤੇ ਸੁਣਵਾਈ 8 ਜੁਲਾਈ ਤੱਕ ਮੁਲਤਵੀ

**ਚੰਡੀਗੜ੍ਹ, 4 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਸਾਬਕਾ ਕੈਬਨਿਟ ਮੰਤਰੀ ਅਤੇ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਦੀ ‘ਆਪਣੀ ਗ਼ੈਰਕਾਨੂੰਨੀ ਗ੍ਰਿਫ਼ਤਾਰੀ ਤੇ ਰਿਮਾਂਡ’ ਨੂੰ ਚੁਣੌਤੀ ਦਿੰਦੀ ਪਟੀਸ਼ਨ ’ਤੇ ਸੁਣਵਾਈ 8 ਜੁਲਾਈ ਤੱਕ ਮੁਲਤਵੀ ਕਰ ਦਿੱਤੀ ਹੈ।

ਜਸਟਿਸ ਤ੍ਰਿਭੁਵਨ ਦਹੀਆ ਦੇ ਬੈਂਚ ਕੋਲ ਸੰਖੇਪ ਸੁਣਵਾਈ ਦੌਰਾਨ ਪੰਜਾਬ ਦੇ ਐਡਵੋਕੇਟ ਜਨਰਲ ਨੇ ਦਲੀਲ ਦਿੱਤੀ ਕਿ ਮਜੀਠੀਆ ਨੇ ਮੋਹਾਲੀ ਅਦਾਲਤ ਵਿਚ 26 ਜੂਨ 2025 ਦੇ ਹੁਕਮਾਂ ਨੂੰ ਚੁਣੌਤੀ ਦਿੱਤੀ ਹੈ, ਜੋ ਅਰਥਹੀਣ ਹੋ ਚੁੱਕੀ ਹੈ ਕਿਉਂਕਿ ਉਸ ਮਗਰੋਂ ਨਵੇਂ ਸੰਮਨ ਜਾਰੀ ਹੋ ਚੁੱਕੇ ਹਨ।

ਇਸ ਮਗਰੋਂ ਅਦਾਲਤ ਨੇ ਮਜੀਠੀਆ ਦੇ ਵਕੀਲ ਨੂੰ ਸੋਧੀ ਹੋਈ ਪਟੀਸ਼ਨ ਦਾਖ਼ਲ ਕਰਨ ਲਈ ਕਿਹਾ ਹੈ। ਹਾਲਾਂਕਿ, ਅੱਜ ਮਾਮਲੇ ਵਿਚ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ ਅਤੇ ਅਦਾਲਤ ਨੇ ਸੁਣਵਾਈ 8 ਜੁਲਾਈ ਤੱਕ ਮੁਲਤਵੀ ਕਰ ਦਿੱਤੀ।

### ਮਜੀਠੀਆ ਖਿਲਾਫ਼ ਇੱਕ ਹੋਰ ਨੋਟਿਸ

ਬਿਕਰਮ ਸਿੰਘ ਮਜੀਠੀਆ ਨੂੰ ਹੁਣ ਚੰਡੀਗੜ੍ਹ ਅਦਾਲਤ ਵੱਲੋਂ ਮੁੱਖ ਮੰਤਰੀ ਦੇ ਨਿੱਜੀ ਸਕੱਤਰ ’ਤੇ ਭ੍ਰਿਸ਼ਟਾਚਾਰ ਦੇ ਦੋਸ਼ ਲਗਾਉਣ ਨਾਲ ਸਬੰਧਤ ਮਾਣਹਾਨੀ ਦੇ ਮਾਮਲੇ ਵਿੱਚ ਨੋਟਿਸ ਮਿਲਿਆ ਹੈ। ਇਸ ਮਾਮਲੇ ਦੀ ਸੁਣਵਾਈ ਜਲਦੀ ਹੀ ਹੋਵੇਗੀ। ਬਿਕਰਮ ਸਿੰਘ ਮਜੀਠੀਆ ਨੇ ਲਗਭਗ 9 ਮਹੀਨੇ ਪਹਿਲਾਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਨਿੱਜੀ ਸਕੱਤਰ ਰਾਜਬੀਰ ਸਿੰਘ ’ਤੇ ਦੋਸ਼ ਲਗਾਏ ਸਨ।

ਇਸ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਬਿਕਰਮ ਸਿੰਘ ਮਜੀਠੀਆ ਨੂੰ ਕਾਨੂੰਨੀ ਨੋਟਿਸ ਭੇਜਿਆ ਗਿਆ ਸੀ। ਇਸ ਤੋਂ ਬਾਅਦ ਉਨ੍ਹਾਂ ਨੂੰ ਨੋਟਿਸ ਭੇਜ ਕੇ 48 ਘੰਟਿਆਂ ਦੇ ਅੰਦਰ ਮੁਆਫ਼ੀ ਮੰਗਣ ਲਈ ਕਿਹਾ ਸੀ ਤੇ ਹੁਣ ਇਸ ਮਾਮਲੇ ਵਿੱਚ ਮਾਣਹਾਨੀ ਦਾ ਨੋਟਿਸ ਭੇਜਿਆ ਗਿਆ ਹੈ।




## ਮਸ਼ਹੂਰ ਪੰਜਾਬੀ ਅਦਾਕਾਰਾ ਤਾਨੀਆ ਦੇ ਪਿਤਾ ਨੂੰ ਮਾਰੀਆਂ ਗੋਲ਼ੀਆਂ

**ਮੋਗਾ, 4 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਮੋਗਾ ਜ਼ਿਲ੍ਹੇ ਦੇ ਕਸਬਾ ਕੋਟ ਇਸੇ ਖ਼ਾਂ ਵਿਖੇ ਮਸ਼ਹੂਰ ਪੰਜਾਬੀ ਅਦਾਕਾਰਾ ਤਾਨੀਆ ਦੇ ਪਿਤਾ ਨੂੰ ਅਣਪਛਾਤਿਆਂ ਨੇ ਗੋਲ਼ੀਆਂ ਮਾਰ ਦਿੱਤੀਆਂ। ਜਾਣਕਾਰੀ ਅਨੁਸਾਰ ਤਾਨੀਆ ਦੇ ਪਿਤਾ ਡਾਕਟਰ ਅਨਿਲਜੀਤ ਕੰਬੋਜ ਆਪਣੇ ਹਰਬੰਸ ਨਰਸਿੰਗ ਹੋਮ ’ਚ ਬੈਠੇ ਸਨ। ਇਸ ਦੌਰਾਨ ਦੋ ਅਣਪਛਾਤੇ ਨੌਜਵਾਨ ਮੋਟਰਸਾਈਕਲ ’ਤੇ ਆਏ ਅਤੇ ਉਨ੍ਹਾਂ ਉਪਰ ਅੰਨੇਵਾਹ ਫਾਇਰਿੰਗ ਕਰ ਦਿੱਤੀ। ਦੱਸਿਆ ਜਾ ਰਿਹਾ ਹੈ ਕਿ ਡਾਕਟਰ ਕੰਬੋਜ ਦੇ ਦੋ ਗੋਲੀਆਂ ਲੱਗੀਆਂ ਹਨ। ਜਿਨ੍ਹਾਂ ਦੀ ਹਾਲਤ ਬੇਹੱਦ ਨਾਜ਼ੁਕ ਦੱਸੀ ਜਾ ਰਹੀ ਹੈ। ਉਨ੍ਹਾਂ ਨੂੰ ਇਲਾਜ ਲਈ ਮੋਗਾ ਦੇ ਇਕ ਨਿੱਜੀ ਹਸਪਤਾਲ ਵਿਚ ਦਾਖਲ ਕਰਵਾਇਆ ਗਿਆ ਹੈ। ਦੂਜੇ ਪਾਸੇ ਵਾਰਦਾਤ ਤੋਂ ਬਾਅਦ ਪੁਲਸ ਵੀ ਮੌਕੇ ’ਤੇ ਪਹੁੰਚ ਗਈ। ਪੁਲਸ ਨੇ ਕਲੀਨਿਕ ਨੂੰ ਕਬਜ਼ੇ ਵਿਚ ਲੈ ਲਿਆ ਅਤੇ ਕਿਸੇ ਨੂੰ ਅੰਦਰ ਜਾਣ ਨਹੀਂ ਦਿੱਤਾ ਜਾ ਰਿਹਾ। ਇਹ ਵੀ ਦੱਸਿਆ ਜਾ ਰਿਹਾ ਹੈ ਕਿ ਡਾਕਟਰ ਨੂੰ ਪਹਿਲਾਂ ਤੋਂ ਧਮਕੀਆਂ ਮਿਲ ਰਹੀਆਂ ਸਨ। ਪੁਲਸ ਮੁਤਾਬਕ ਹਮਲਾਵਰ ਪਹਿਲਾਂ ਇਲਾਜ ਕਰਵਾਉਣ ਦੇ ਬਹਾਨੇ ਕਲੀਨਿਕ ਵਿਚ ਦਾਖਲ ਹੋਏ ਅਤੇ ਡਾਕਟਰ ਨਾਲ ਗੱਲਬਾਤ ਕੀਤੀ। ਇਸ ਦੌਰਾਨ ਉਨ੍ਹਾਂ ਨੇ ਡਾਕਟਰ ’ਤੇ ਗੋਲ਼ੀਆਂ ਚਲਾ ਦਿੱਤੀਆਂ। ਫਿਲਹਾਲ ਪੁਲਸ ਵਲੋਂ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਲਈ ਵੱਡੇ ਪੱਧਰ “ਤੇ ਕਾਰਵਾਈ ਕੀਤੀ ਜਾ ਰਹੀ ਹੈ।



## ਪਾਕਿਸਤਾਨੀ ਹਾਕੀ ਟੀਮ ਨੂੰ ਦਿੱਤੀ ਮਨਜ਼ੂਰੀ ਪਰ ਇੰਸਟਾਗ੍ਰਾਮ ਖਾਤਿਆਂ ’ਤੇ ਮੁੜ ਲਾਇਆ ਬੈਨ, ਕਸੂਤੇ ਭੰਬਲਭੂਸੇ ’ਚ ਫਸੀ ਜਾਪਦੀ ਭਾਰਤ ਸਰਕਾਰ !

**ਨਵੀਂ ਦਿੱਲੀ, 4 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਭਾਰਤ ਅਤੇ ਪਾਕਿਸਤਾਨ ਵਿਚਕਾਰ ਤਣਾਅਪੂਰਨ ਸਬੰਧਾਂ ਦਾ ਇੱਕ ਲੰਮਾ ਇਤਿਹਾਸ ਹੈ। ਤਣਾਅਪੂਰਨ ਸਬੰਧਾਂ ਵਿਚਕਾਰ ਸਿਹਤਮੰਦ ਸਬੰਧਾਂ ਬਾਰੇ ਗੱਲ ਕਰਨਾ ਨਾ ਸਿਰਫ਼ ਕਾਲਪਨਿਕ ਹੈ, ਸਗੋਂ ਮੂਰਖਤਾ ਵੀ ਹੈ। ਹਾਲਾਂਕਿ, ਭਾਰਤ ਅਤੇ ਪਾਕਿਸਤਾਨ ਵਿਚਕਾਰ ਸਬੰਧਾਂ ਬਾਰੇ ਇਸ ਤਰ੍ਹਾਂ ਦੀ ਰਣਨੀਤੀ ਦੇ ਦੋ ਪਹਿਲੂ ਹਨ। ਪਹਿਲਾ ਵਿਚਾਰ ਇਹ ਹੈ ਕਿ ਜੇ ਪਾਕਿਸਤਾਨ ਸਾਡੇ ਦੇਸ਼ ਵਿੱਚ ਅੱਤਵਾਦੀ ਗਤੀਵਿਧੀਆਂ ਵਿੱਚ ਸ਼ਾਮਲ ਹੈ ਅਤੇ ਉਹ ਮਾਸੂਮ ਭਾਰਤੀਆਂ ਦਾ ਖ਼ੂਨ ਵਹਾਉਣ ਦਾ ਆਨੰਦ ਮਾਣ ਰਿਹਾ ਹੈ, ਤਾਂ ਅਸੀਂ ਉਸ ਨਾਲ ਸੱਭਿਆਚਾਰਕ ਅਤੇ ਖੇਡ ਸਬੰਧ ਕਿਵੇਂ ਬਹਾਲ ਕਰ ਸਕਦੇ ਹਾਂ। ਇੱਕ ਪਾਸੇ, ਜੇ ਪਾਕਿਸਤਾਨੀ ਖਿਡਾਰੀ ਅਤੇ ਫਿਲਮੀ ਕਲਾਕਾਰ ਭਾਰਤ ਵਿਰੁੱਧ ਜ਼ਿਹਰ ਉਗਲਦੇ ਰਹਿੰਦੇ ਹਨ, ਤਾਂ ਸਾਨੂੰ ਕਿਸ ਆਧਾਰ ’ਤੇ ਉਨ੍ਹਾਂ ਨਾਲ ਆਮ ਸਬੰਧ ਬਣਾਉਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ? ਦੂਜਾ ਪਹਿਲੂ ਇਹ ਹੈ ਕਿ ਸੁੱਕੇ ਸਬੰਧਾਂ ਨੂੰ ਸਮਾਜਿਕ, ਸੱਭਿਆਚਾਰਕ ਅਤੇ ਖੇਡਾਂ ਰਾਹੀਂ ਹੀ ਮਿੱਠਾ ਬਣਾਇਆ ਜਾ ਸਕਦਾ ਹੈ। ਅਸੀਂ ਆਪਣੇ ਗੁਆਂਢੀ ਨੂੰ ਨਹੀਂ ਬਦਲ ਸਕਦੇ, ਇਸ ਲਈ ਸਾਨੂੰ ਹਮੇਸ਼ਾ ਕਿਸੇ ਨਾ ਕਿਸੇ ਤਰੀਕੇ ਨਾਲ ਸਬੰਧਾਂ ਨੂੰ ਮਿੱਠਾ ਬਣਾਉਣ ਦੀ ਕੋਸ਼ਿਸ਼ ਕਰਨੀ ਪਵੇਗੀ। ਭਾਰਤ ਵਿੱਚ ਪਾਕਿਸਤਾਨੀ ਕਲਾਕਾਰਾਂ ਦੇ ਇੰਸਟਾਗ੍ਰਾਮ ਅਕਾਊਂਟ ’ਤੇ ਲਗਾਈ ਗਈ ਪਾਬੰਦੀ ਪਹਿਲਾਂ ਹਟਾ ਦਿੱਤੀ ਗਈ ਸੀ ਅਤੇ ਫਿਰ ਉਸ ਤੋਂ ਤੁਰੰਤ ਬਾਅਦ ਇਹ ਪਾਬੰਦੀ ਦੁਬਾਰਾ ਲਗਾਈ ਗਈ। ਇਸ ਦੇ ਨਾਲ ਹੀ ਪਾਕਿਸਤਾਨੀ ਹਾਕੀ ਟੀਮ ਨੂੰ ਭਾਰਤ ਵਿੱਚ ਹੋਣ ਵਾਲੇ ਇੱਕ ਪ੍ਰੋਗਰਾਮ ਲਈ ਪ੍ਰਵਾਨਗੀ ਦਿੱਤੇ ਜਾਣ ਦੀਆਂ ਖ਼ਬਰਾਂ ਵੀ ਸਾਹਮਣੇ ਆਈਆਂ ਹਨ। ਇਹ ਸਪੱਸ਼ਟ ਹੈ ਕਿ ਦੇਸ਼ ਦੇ ਜ਼ਿਆਦਾਤਰ ਲੋਕ ਅਜਿਹੀਆਂ ਚੀਜ਼ਾਂ ਨਾਲ ਭਾਵਨਾਤਮਕ ਤੌਰ ’ਤੇ ਠੇਸ ਪਹੁੰਚੀ ਹੈ। ਜਾਂ ਤਾਂ ਸਰਕਾਰ ਨੂੰ ਖੁੱਲ੍ਹ ਕੇ ਸਾਹਮਣੇ ਆਉਣਾ ਚਾਹੀਦਾ ਹੈ ਅਤੇ ਕਹਿਣਾ ਚਾਹੀਦਾ ਹੈ ਕਿ ਸਾਨੂੰ ਪਾਕਿਸਤਾਨ ਨਾਲ ਸਬੰਧਾਂ ਨੂੰ ਸੁਧਾਰਨ ਲਈ ਕੁਝ ਕਦਮ ਚੁੱਕਣੇ ਪੈਣਗੇ ਕਿਉਂਕਿ ਜਦੋਂ ਚੀਜ਼ਾਂ ਇੱਥੋਂ-ਉੱਥੋਂ ਜਨਤਾ ਦੇ ਸਾਹਮਣੇ ਆਉਂਦੀਆਂ ਹਨ, ਤਾਂ ਉਨ੍ਹਾਂ ਨੂੰ ਗਲਤ ਵਿਆਖਿਆ ਕਰਨ ਤੋਂ ਕੋਈ ਨਹੀਂ ਰੋਕ ਸਕਦਾ। ਇਹ ਸੰਭਵ ਹੈ ਕਿ ਭਾਰਤ ਸਰਕਾਰ ਅੰਤਰਰਾਸ਼ਟਰੀ ਪੱਧਰ ’ਤੇ ਕਿਸੇ ਰਣਨੀਤੀ ਦੇ ਹਿੱਸੇ ਵਜੋਂ ਅਜਿਹਾ ਕਰ ਰਹੀ ਹੈ, ਪਰ ਇਹ ਸਪੱਸ਼ਟ ਹੈ ਕਿ ਅਜਿਹੀਆਂ ਘਟਨਾਵਾਂ ਇਹ ਸਵਾਲ ਵੀ ਉਠਾਉਂਦੀਆਂ ਹਨ ਕਿ ਕੀ ਮੋਦੀ ਸਰਕਾਰ ਦੀਆਂ ਨੀਤੀਆਂ ਮੌਜੂਦਾ ਸਮੇਂ ਦੇ ਅਨੁਕੂਲ ਨਹੀਂ ਹਨ? ਦੱਸ ਦਈਏ ਕਿ ਆਪ੍ਰੇਸ਼ਨ ਸਿੰਧੂਰ ਦੌਰਾਨ ਭਾਰਤ ਸਰਕਾਰ ਨੇ ਪਾਕਿਸਤਾਨੀ ਯੂਟਿਊਬ ਚੈਨਲਾਂ ਅਤੇ ਸੋਸ਼ਲ ਮੀਡੀਆ ਖਾਤਿਆਂ ’ਤੇ ਵੀ ਪਾਬੰਦੀ ਲਗਾ ਦਿੱਤੀ। ਇਹ ਇਸ ਲਈ ਵੀ ਜ਼ਰੂਰੀ ਹੋ ਗਿਆ ਸੀ ਕਿਉਂਕਿ ਪਾਕਿਸਤਾਨੀ ਕਲਾਕਾਰ ਆਪਣੇ ਸੋਸ਼ਲ ਮੀਡੀਆ ਖਾਤਿਆਂ ਤੋਂ ਲਗਾਤਾਰ ਭਾਰਤ ਵਿਰੁੱਧ ਜ਼ਿਹਰ ਉਗਲ ਰਹੇ ਸਨ। ਪਰ ਹੈਰਾਨੀ ਦੀ ਗੱਲ ਹੈ ਕਿ 2 ਜੁਲਾਈ 2025 ਨੂੰ ਬਿਨਾਂ ਕਿਸੇ ਸਰਕਾਰੀ ਫੈਸਲੇ ਦੇ ਕੁਝ ਪਾਕਿਸਤਾਨੀ ਕਲਾਕਾਰਾਂ ਜਿਵੇਂ ਕਿ ਮਾਵਰਾ ਹੋਕੇਨ, ਯੁਮਨਾ ਜ਼ੈਦੀ, ਅਤੇ ਦਾਨਿਸ਼ ਤੈਮੂਰ ਦੇ ਇੰਸਟਾਗ੍ਰਾਮ ਖਾਤੇ ਅਤੇ ਕੁਝ ਯੂਟਿਊਬ ਚੈਨਲ ਜਿਵੇਂ ਕਿ ਹਮ ਟੀਵੀ ਅਤੇ ਏਆਰਵਾਈ ਡਿਜੀਟਲ ਭਾਰਤ ਵਿੱਚ ਦੁਬਾਰਾ ਦਿਖਾਈ ਦੇਣ ਲੱਗੇ।



## ਅੰਮ੍ਰਿਤਸਰ ’ਚ ਦਿਨ-ਦਿਹਾੜੇ ਚੱਲੀਆਂ ਗੋਲੀਆਂ, CRPF ਦੇ ਸਾਬਕਾ DSP ਨੇ ਆਪਣੀ ਪਤਨੀ, ਨੂੰਹ ਤੇ ਮੁੰਡੇ ਨੂੰ ਮਾਰੀ ਗੋਲੀ



**ਅੰਮ੍ਰਿਤਸਰ, 4 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ’ਚ ਦਿਨ-ਦਿਹਾੜੇ ਗੋਲੀਆਂ ਚੱਲਣ ਦੀ ਸੂਚਨਾ ਹੈ, ਜਿਸ ਦੌਰਾਨ ਇੱਕ ਵਿਅਕਤੀ ਦੀ ਮੌਤ ਹੋ ਗਈ ਹੈ। ਰੂਹ ਕੰਬਾਊ ਇਸ ਮਾਮਲੇ ’ਚ ਗੁਰੂ ਨਗਰੀ ਦੇ ਮਜੀਠਾ ਰੋਡ ਵਿਖੇ ਸਥਿਤ ਸਦਰ ਥਾਣੇ ਦੇ ਬਾਹਰ ਇੱਕ ਵਿਅਕਤੀ ਵੱਲੋਂ ਆਪਣੇ ਪੂਰੇ ਪਰਿਵਾਰ ’ਤੇ ਗੋਲੀਆਂ ਚਲਾਈਆਂ ਗਈਆਂ। ਹਮਲੇ ਵਿੱਚ ਮੁਲਜ਼ਮ ਦੀ ਪਤਨੀ, ਮੁੰਡਾ ਤੇ ਨੂੰਹ ਨੂੰ ਨਿਸ਼ਾਨਾ ਬਣਾਇਆ ਗਿਆ, ਜਿਸ ਦੌਰਾਨ ਮੁੰਡੇ ਦੀ ਮੌਕੇ ’ਤੇ ਹੀ ਮੌਤ ਹੋ ਗਈ, ਜਦਕਿ ਪਤਨੀ ਤੇ ਨੂੰਹ ਜ਼ਖ਼ਮੀ ਹੋ ਗਈਆਂ, ਜਿਨ੍ਹਾਂ ਹਸਪਤਾਲ ਦਾਖਲ ਕਰਵਾਇਆ ਗਿਆ ਹੈ।

ਜਾਣਕਾਰੀ ਅਨੁਸਾਰ ਇਹ ਗੋਲੀਬਾਰੀ ਸੀਆਰਪੀਐਫ ਦੇ ਇੱਕ ਸਾਬਕਾ ਫੌਜੀ ਵੱਲੋਂ ਕੀਤੀ ਗਈ, ਜਿਸ ਦੀ ਪਛਾਣ ਸਾਬਕਾ ਅਸਿਸਟੈਂਟ ਕਮਾਂਡੈਂਟ ਸੀਆਰਪੀਐਫ ਤਰਸੇਮ ਸਿੰਘ ਵਜੋਂ ਹੋਈ ਹੈ। ਮੁਲਜ਼ਮ ਨੇ ਆਪਣੀ ਲਾਇਸੈਂਸੀ 32 ਬੋਰ ਦੇ ਪਿਸਟਲ ਨਾਲ ਵਾਰਦਾਤ ਨੂੰ ਅੰਜਾਮ ਦਿੱਤਾ, ਜਿਸ ਪਿੱਛੇ ਘਰੇਲੂ ਵਿਵਾਦ ਦਾ ਕਾਰਨ ਦੱਸਿਆ ਜਾ ਰਿਹਾ ਹੈ। ਮੌਕੇ ’ਤੇ ਪੁਲਿਸ ਪਹੁੰਚ ਗਈ ਹੈ ਅਤੇ ਜਾਂਚ ਕੀਤੀ ਜਾ ਰਹੀ ਹੈ।

ਜਾਣਕਾਰੀ ਅਨੁਸਾਰ ਮੁਲਜ਼ਮ ਤਰਸੇਮ ਸਿੰਘ ਦੇ ਦੋ ਵਿਆਹ ਹੋਏ ਸਨ ਅਤੇ ਉਹ ਆਪਣੀ ਪਹਿਲੀ ਘਰਵਾਲੀ ਦੀ ਕੁੱਟਮਾਰ ਕਰਦਾ ਰਹਿੰਦਾ ਸੀ, ਜਦਕਿ ਰਹਿਦਾ ਦੂਜੀ ਘਰਵਾਲੀ ਨਾਲ ਸੀ।

ਸ਼ੁੱਕਰਵਾਰ ਮੁਲਜ਼ਮ ਨੇ ਸਦਰ ਥਾਣੇ ਦੇ ਆਪਣੀ ਪਹਿਲੀ ਘਰਵਾਲੀ, ਮੁੰਡੇ ਬਚਿੱਤਰ ਸਿੰਘ ਅਤੇ ਨੂੰਹ ਪਰਮਜੀਤ ਕੌਰ ’ਤੇ ਕਿਸੇ ਘਰੇਲੂ ਵਿਵਾਦ ਦੇ ਚਲਦਿਆਂ ਗੋਲੀਆਂ ਚਲਾ ਦਿੱਤੀਆਂ, ਜਿਸ ਦੌਰਾਨ ਮੁੰਡੇ ਨੂੰ 3 ਗੋਲੀਆਂ ਵੱਜਣ ਕਾਰਨ ਮੌਕੇ ’ਤੇ ਮੌਤ ਹੋ ਗਈ, ਜਦਕਿ ਨੂੰਹ ਦੀ ਲੱਤ ਅਤੇ ਘਰਵਾਲੀ ਦੇ ਗਲੇ ’ਚੋਂ ਗੋਲੀ ਆਰ ਪਾਰ ਹੋ ਗਈ। ਪੁਲਿਸ ਅਨੁਸਾਰ ਵਾਰਦਾਤ ਮਜੀਠਾ ’ਚ ਸਦਰ ਥਾਣੇ ਦੇ ਬਾਹਰ ਵਾਪਰੀ ਹੈ। ਪੁਲਿਸ ਨੇ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਹੈ।

## ਪੰਜਾਬ ’ਚ ਅਗਲੇ 6 ਦਿਨ ਅਹਿਮ ! ਭਾਰੀ ਮੀਂਹ ਨਾਲ ਆਵੇਗਾ ਤੂਫ਼ਾਨ, 14 ਜ਼ਿਲ੍ਹਿਆਂ ਲਈ ਅਲਰਟ ਜਾਰੀ



**ਜਲੰਧਰ, 4 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ’ਚ ਮੌਸਮ ਵਿਭਾਗ ਵੱਲੋਂ 9 ਜੁਲਾਈ ਤੱਕ ਭਾਰੀ ਮੀਂਹ ਦੀ ਚਿਤਾਵਨੀ ਜਾਰੀ ਕੀਤੀ ਗਈ ਹੈ। ਮੌਸਮ ਵਿਭਾਗ ਵੱਲੋਂ ਮਿਲੀ ਜਾਣਕਾਰੀ ਮੁਤਾਬਕ ਅੱਜ ਤੋਂ ਲੈ ਕੇ 9 ਜੁਲਾਈ ਤੱਕ ਦੀ ਵੱਡੀ ਭਵਿੱਖਬਾਣੀ ਕੀਤੀ ਗਈ ਹੈ। ਮੌਸਮ ਵਿਭਾਗ ਵੱਲੋਂ ਅੱਜ ਪਠਾਨਕੋਟ, ਗੁਰਦਾਸਪੁਰ, ਹੁਸ਼ਿਆਰਪੁਰ, ਨਵਾਂਸ਼ਹਿਰ, ਰੂਪਨਗਰ, ਅੰਮ੍ਰਿਤਸਰ, ਤਰਨਤਾਰਨ, ਕਪੂਰਥਲਾ, ਜਲੰਧਰ ਲਈ ਭਾਰੀ ਮੀਂਹ ਦਾ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ। ਇਸੇ ਤਰ੍ਹਾਂ 5 ਜੁਲਾਈ ਨੂੰ ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਹੁਸ਼ਿਆਰਪੁਰ, ਨਵਾਂਸ਼ਹਿਰ, ਰੂਪਨਗਰ, ਮੋਹਾਲੀ ਵਿਚ ਭਾਰੀ ਮੀਂਹ ਦੀ ਸੰਭਾਵਨਾ ਜਤਾਈ ਗਈ ਹੈ। ਉਥੇ ਹੀ ਤੇਜ਼ ਤੂਫ਼ਾਨ ਅਤੇ ਹਨ੍ਹੇਰੀ ਝੱਖੜ ਵੀ ਆਵੇਗਾ। ਉਥੇ ਹੀ 6 ਅਤੇ 7 ਜੁਲਾਈ ਨੂੰ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ’ਚ ਕਈ ਥਾਵਾਂ ‘ਤੇ ਭਾਰੀ ਮੀਂਹ ਪਵੇਗਾ। ਪੰਜਾਬ ਦੇ 14 ਜ਼ਿਲ੍ਹਿਆਂ ਲਈ ਯੈਲੋ ਅਤੇ ਔਰੇਂਜ ਅਲਰਟ ਜਾਰੀ ਕੀਤਾ ਗਿਆ ਹੈ। ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਕਪੂਰਥਲਾ, ਹੁਸ਼ਿਆਰਪੁਰ, ਜਲੰਧਰ, ਨਵਾਂਸ਼ਹਿਰ, ਰੂਪਨਗਰ, ਮੋਹਾਲੀ, ਫਤਿਹਗੜ੍ਹ ਸਾਹਿਬ, ਲੁਧਿਆਣਾ, ਮੋਹਾਲੀ, ਸੰਗਰੂਰ ਅਤੇ ਪਟਿਆਲਾ ਵਿੱਚ ਭਾਰੀ ਮੀਂਹ ਪਵੇਗਾ। ਅਗਲੇ 6 ਦਿਨਾਂ ਤੱਕ ਪੰਜਾਬ ਵਿੱਚ ਮੀਂਹ ਪੈਣ ਦੀ ਸੰਭਾਵਨਾ ਹੈ। ਉਥੇ ਹੀ 8 ਅਤੇ 9 ਜੁਲਾਈ ਨੂੰ ਵੀ ਬਾਰਿਸ਼ ਹੋ ਸਕਦੀ ਹੈ। ਮੌਸਮ ਵਿਭਾਗ ਨੇ ਖ਼ਾਸ ਤੌਰ ’ਤੇ ਪੰਜਾਬ ਦੇ ਉੱਤਰੀ ਹਿੱਸਿਆਂ ਵਿੱਚ ਪਠਾਨਕੋਟ, ਗੁਰਦਾਸਪੁਰ ਅਤੇ ਆਲੇ-ਦੁਆਲੇ ਦੀ ਬੈਲਟ ਨੂੰ ਲੈ ਕੇ ਅਲਰਟ ਜਾਰੀ ਕੀਤਾ ਹੈ। ਇਨ੍ਹਾਂ ਇਲਾਕਿਆਂ ’ਚ ਮੀਂਹ ਕਾਰਨ ਪਾਣੀ ਭਰਨ ਜਾਂ ਸਲਾਈਡਿੰਗ ਵਾਂਗ ਘਟਨਾਵਾਂ ਵੀ ਵਾਪਰ ਸਕਦੀਆਂ ਹਨ।




# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।


**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

★-- ਗੁਰੂ ਪੰਥ ਦੇ ਸੇਵਾਦਾਰ --★

**ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK**

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਧੁਰੀਲੀ ਸ਼ਬਦ ਸੁਰੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA
WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke
Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and
Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

# 29ਵਾਂ ਸਲਾਨਾ ਜੋੜ ਮੇਲਾ
# ਗੁਰਮਤਿ ਸਮਾਗਮ

1 ਨਵੰਬਰ 2025, ਦਿਨ ਸ਼ਨੀਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖ਼ਾਲਸਾ
ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com

E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV

DAMDAMI TAKSAL
JATHA (UK & EUROPE)

# AMRIT SANCHAARS

JUNE/JULY 2025

ਆਵਾਜ਼ਿ ਕੌਮ AWAZE QAUM
International Newspaper & WEB TV

## EAST LONDON

SATURDAY 5TH JULY | 1PM

SRI GURU SINGH SABHA, 2-8 PARK AVE, SOUTHALL, UB1 3AG

## SOUTHALL

SUNDAY 20TH JULY | 1PM

SRI GURU SINGH SABHA, 2-8 PARK AVE, SOUTHALL, UB1 3AG

CONTACT **07940 270 120** FOR MORE DETAILS

DAMDAMI TAKSAL JATHA UK & EUROPE


DAMDAMI TAKSAL
JATHA (UK & EUROPE)
ਅੰਮ੍ਰਿਤ ਸੰਚਾਰ
AMRIT SANCHAR
SOUTHALL
ਆਵਾਜ਼ਿ ਕੌਮ
AWAZE QAUM
International Newspaper & WEB TV
SUNDAY 20TH JULY | 1PM
SRI GURU SINGH SABHA SOUTHALL
2-8 PARK AVE | SOUTHALL | UB1 3AG
ਕੇਸੀ ਇਸ਼ਨਾਨ ਕਰਕੇ ਪਹੁੰਚੋ । ਕੱਕਾਰ ਉਪਲਬਧ ਹੋਣਗੇ
ARRIVE AFTER DOING FULL KESI ISHNAAN (BODY & HAIR WASH)
KAKKARS WILL BE AVAILABLE
CONTACT 07940 270 120 FOR MORE DETAILS


DAMDAMI TAKSAL
ਅੰਮ੍ਰਿਤ ਸੰਚਾਰ
AMRIT SANCHAR
EAST LONDON
ਆਵਾਜ਼ਿ ਕੌਮ
AWAZE QAUM
International Newspaper & WEB TV
SATURDAY 5TH JULY | 1PM
ATAM ACADEMY
LITTLE HEATH | BARLEY LN | ROMFORD | RM6 4XX
ਕੇਸੀ ਇਸ਼ਨਾਨ ਕਰਕੇ ਪਹੁੰਚੋ । ਕੱਕਾਰ ਉਪਲਬਧ ਹੋਣਗੇ
ARRIVE AFTER DOING FULL KESI ISHNAAN (BODY & HAIR WASH)
KAKKARS WILL BE AVAILABLE
CONTACT 07940 270 120 FOR MORE DETAILS

## ਸੂਰਾ ਸੋ ਪਿਹਚਾਨੀਐ ਜੁ ਲਰੈ ਦੀਨ ਕੇਹੇਤ
## ਪੁਰਜਪੁਰਜਕਿਟਮਰੈਕਬਹੂਨ ਛਾਡੈ ਖੇਤੁ ॥੨॥੨॥'



Dhan Dhan Shaheed Baba Banda Singh Ji Bahadur De Shaheedi Yaad.
Vich Annual Akhand Path Sahib

**Akhand Path Aram Friday 4th July – 10.00am**

**Akhand Path Bhog**
**Sunday 6th July 10.00am**

ਆਵਾਜ਼ਿ ਕੌਮ
AWAZE QAUM
International Newspaper & WEB TV

**After Bhog; Kirtan, and**
**Guru Ka Langar.**
**Please join us with your family and friends.**

Guru Nanak Gurudwara, Wednesfield 96 Well Lane, Wednesfield
WV1 1XT Contact: J Singh 07401259555 P Singh 7764707028



ੴ ਸਤਿਗੁਰ ਪ੍ਰਸਾਦਿ

ਸਿਖਹੁ ਸੁਣਹੁ ਸੀਖ ਇਹ ਮੇਰੀ ॥ ਬਾਣੀ ਪੜ੍ਹਹੁ ਸੁਧ ਗੁਰ ਕੇਰੀ ॥ ਪੜ੍ਹੈ ਮਹਾਤਮ ਲਹੈ ਬਿਸਾਲਾ ॥ ਹਲਤ ਪਲਤ ਮਹਿ ਹੋਇ ਨਿਹਾਲਾ ॥



# ਗੁਰਦੁਆਰਾ ਸਾਹਿਬ ਰਿਵਰਸਾਈਡ

ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ,
ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ 350 ਸਾਲਾ ਗੁਰਤਾਗੱਦੀ ਸ਼ਤਾਬਦੀ ਅਤੇ ਭਾਈ ਮਤੀ ਦਾਸ ਜੀ,
ਭਾਈ ਸਤੀ ਦਾਸ ਜੀ, ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ







## ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵੱਲੋਂ

## ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਦੇ ਸਹਿਯੋਗ ਨਾਲ

# ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ੁੱਧ ਪਾਠ ਬੋਧ (ਸੰਥਿਆ) ਸਮਾਗਮ



**ਜੂਨ 29, 2025 ਤੋਂ ਅਗਸਤ 3, 2025 ਤੱਕ**

ਸ਼ਨੀਵਾਰ ਅਤੇ ਐਤਵਾਰ ਦੁਪਹਿਰ 2:00 ਤੋਂ 5:00 ਵਜੇ ਤੱਕ

ਸੋਮਵਾਰ ਤੋਂ ਸ਼ੁੱਕਰਵਾਰ ਸ਼ਾਮ 5:00 ਤੇ 8:00 ਵਜੇ ਤੱਕ



ਸੰਗਤਾਂ ਨੂੰ ਬੇਨਤੀ ਹੈ ਕਿ ਗੁਰਬਾਣੀ ਦੇ ਸ਼ੁੱਧ ਉਚਾਰਨ ਸਿੱਖਣ ਲਈ ਸਮਾਗਮਾਂ ਵਿੱਚ ਸ਼ਾਮਿਲ ਹੋ ਕੇ ਲਾਹਾ ਪ੍ਰਾਪਤ ਕਰੋ ਜੀ

YouTube LIVE STREAM @gurdwarasahibriverside | 951-201-7034, 832-541-9136, 951-685-9701

7940 Mission Blvd Jurupa Valley 92509

ਆਵਾਜ਼ਿ ਕੌਮ AWAZE QAUM International Newspaper & WEB TV



--✶ ਗੁਰੂ ਪੰਥ ਦਾ ਸੇਵਾਦਾਰ ✶--

# ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ

## ਮੁਖੀ ਦਮਦਮੀ ਟਕਸਾਲ, ਜਥਾ ਭਿੰਡਰਾਂ, ਮਹਿਤਾ

# ਅਤੇ ਪ੍ਰਧਾਨ ਸੰਤ ਸਮਾਜ

# ਦੇਗ ਤੇਗ ਫ਼ਤਿਹ



## ਸ੍ਰੀ ਅਖੰਡ ਪਾਠ ਸਾਹਿਬ

# SRI AKHAND PAATH SAHIB

## 18-20TH JULY 2025

**SRI GURU SINGH SABHA SOUTHALL, PARK AVENUE I UB13AG**

ਸ਼ਹੀਦ ਜਨਰਲ ਲਾਭ ਸਿੰਘ ਮੁਖੀ ਖਾਲਿਸਤਾਨ ਕਮਾਂਡੋ ਫੋਰਸ : ਸ਼ਹੀਦ ਜਨਰਲ ਅਵਤਾਰ ਸਿੰਘ ਬ੍ਰਹਮਾ ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ : ਸ਼ਹੀਦ ਜਨਰਲ ਗੁਰਜੰਟ ਸਿੰਘ ਬੁਧਸਿੰਘ ਵਾਲਾ ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ : ਸ਼ਹੀਦ ਭਾਈ ਮਹਿੰਦਰ ਸਿੰਘ ਟੋਰੰਟੋ (ਕੈਨੇਡਾ)

**ਸਿੱਖ ਫੈਡਰੇਸ਼ਨ ਯੂ. ਕੇ.**

ਪਰਮਿੰਦਰ ਸਿੰਘ ਬੱਲ ਪ੍ਰਧਾਨ, ਅਜੀਤਪਾਲ ਸਿੰਘ ਸਹੋਤਾ ਜਨਰਲ ਸਕੱਤਰ, ਹਰਮੇਲ ਸਿੰਘ ਖ਼ਾਲਸਾ ਆਰਗੇਨਾਈਜ਼ਰ ਟੈਲੀਫ਼ੋਨ : 07771 608 363, ਈ-ਮੇਲ : PSBAL46@gmail.com

# ★ ਸ਼ਹੀਦੀ ਸਮਾਗਮ ★

ਸ੍ਰੀ ਆਖੰਡ ਪਾਠ ਦੇ ਭੋਗ ਉਪਰੰਤ - 11 ਵਜੇ ਤੋਂ ਇਕ ਵਜੇ ਤੱਕ ਦੀਵਾਨ ਸਜੇਗਾ। ਪੰਥਕ ਬੁਲਾਰੇ ਸ਼ਹੀਦ ਸਿੰਘਾਂ ਦੀਆਂ ਜੀਵਨੀਆਂ ਤੇ ਵਿਚਾਰ ਰੱਖਣਗੇ। ਸਮੂੰਹ ਪੰਥਕ ਆਗੂਆਂ ਨੂੰ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ। ਸੰਗਤਾਂ ਨੂੰ ਹੁੰਮ-ਹੁਮਾ ਕੇ ਪੁੱਜਣ ਦੀ ਅਪੀਲ ਕੀਤੀ ਜਾਂਦੀ ਹੈ।




# ਸ਼ਰਧਾਂਜਲੀ ਸਮਾਗਮ

ਅਕਾਲ ਤਖ਼ਤ ਸਾਹਿਬ ਦੀ ਮਰਯਾਦਾ,
ਪ੍ਰਭੁਸੱਤਾ ਸੰਪੰਨ ਸਿੱਖ ਰਾਜ ਦੇ ਸੰਕਲਪ
ਅਤੇ ਸਿੱਖ ਸਿਧਾਂਤਾਂ ਦੀ ਪਹਿਰੇਦਾਰੀ
ਕਰਦੀਆਂ ਰਹੀਆਂ ਸੰਘਰਸ਼ੀਲ ਸ਼ਖਸ਼ੀਅਤਾਂ

**ਭਾਈ ਗਜਿੰਦਰ ਸਿੰਘ**
**ਅਤੇ**
**ਸ਼ਹੀਦ ਭਾਈ ਨਿੱਝਰ**

ਦੀ ਮਿੱਠੀ, ਨਿੱਘੀ ਅਤੇ
ਪਿਆਰ-ਭਰੀ ਯਾਦ ਵਿੱਚ

ਭੋਗ ਅਖੰਡ ਪਾਠ ਸਾਹਿਬ,
ਕੀਰਤਨ, ਅਰਦਾਸ,

## 5 ਜੁਲਾਈ
## ਅੰਮ੍ਰਿਤਸਰ

ਸਥਾਨ:
ਗੁ: ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ
ਅਕਾਲ ਤਖ਼ਤ ਸਾਹਿਬ
ਸਮਾਂ - ਸਵੇਰੇ 7.30 ਵਜੇ

## ਦਲ ਖ਼ਾਲਸਾ

**ਦਲ ਖਾਲਸਾ ਦੇ ਬਾਨੀ ਭਾਈ ਗਜਿੰਦਰ ਸਿੰਘ ਅਤੇ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੀ ਮਿੱਠੀ, ਨਿੱਘੀ ਅਤੇ ਪਿਆਰੀ ਯਾਦ ਵਿੱਚ ਪੰਜਾਬ, ਪਾਕਿਸਤਾਨ, ਜਰਮਨੀ ਅਤੇ ਕੈਨੇਡਾ ਵਿੱਚ ਸ਼ਰਧਾਂਜਲੀ ਸਮਾਗਮ ਆਯੋਜਿਤ ਕੀਤੇ ਜਾ ਰਹੇ ਹਨ।**

4 ਜੁਲਾਈ ਨੂੰ ਗੁਰਦਵਾਰਾ ਸਿੱਖ ਸੰਗਤ ਬਰੈਂਪਟਨ, ਕੈਨੇਡਾ
5 ਜੁਲਾਈ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ, ਅੰਮ੍ਰਿਤਸਰ
5 ਜੁਲਾਈ ਨੂੰ ਗੁਃ ਸ੍ਰੀ ਕਰਤਾਰਪੁਰ ਸਾਹਿਬ, ਪਾਕਿਸਤਾਨ
6 ਜੁਲਾਈ ਨੂੰ ਗੁਰਦਵਾਰਾ ਨਾਨਕ ਦਰਬਾਰ ਸਰੀ ਡੇਲਟਾ ਕੈਨੇਡਾ
6 ਜੁਲਾਈ ਨੂੰ ਗੁਰਦਵਾਰਾ ਨਾਨਕ ਦਰਬਾਰ ਮੌਂਟੀਰੀਅਲ ਕੈਨੇਡਾ
6 ਜੁਲਾਈ ਨੂੰ ਗੁਰਦਵਾਰਾ ਨਾਨਕ ਦਰਬਾਰ ਪਾਰਕ ਮੌਂਟੀਰੀਅਲ
13 ਜੁਲਾਈ ਨੂੰ ਫਰੈਂਕਫਰਟ, ਜਰਮਨੀ

ਆਵਾਜ਼ਿ ਕੌਮ AWAZE QAUM International Newspaper & WEB TV

ਵਾਹਿਗੁਰੂ ਜੀ ਕਾ ਖਾਲਸਾ।
ਵਾਹਿਗੁਰੂ ਜੀ ਕੀ ਫਤਿਹ॥

# 5 ਜੁਲਾਈ ਦਿਨ ਸ਼ਨੀਵਾਰ ਨੂੰ ਸਵੇਰੇ 9 ਵਜੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਗੁਰੂ ਰਾਮਦਾਸ ਪਾਤਿਸ਼ਾਹ ਜੀਆਂ ਦੇ ਲੰਗਰਾਂ ਵਿੱਚ ਸੇਵਾ ਕੀਤੀ ਜਾਵੇਗੀ



ਇੰਟਰਨੈਸ਼ਨਲ ਪੰਥਕ ਦਲ ਦੇ ਸਾਰੇ ਅਹੁਦੇਦਾਰ ਤੇ ਵਰਕਰ ਸਾਹਿਬਾਨਾਂ ਨੂੰ ਬੇਨਤੀ ਹੈ ਕਿ ਵੀਹਵੀਂ ਸਦੀ ਦੇ ਮਹਾਨ ਜਰਨੈਲ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਭਤੀਜੇ ਸਾਬਕਾ ਜੱਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਬਾਨੀ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਜੀਆਂ ਦੇ ਹੁਕਮ ਅਨੁਸਾਰ ਹਰੇਕ ਮਹੀਨੇ ਜੋ ਗੁਰੂ ਰਾਮਦਾਸ ਸਾਹਿਬ ਮਹਾਰਾਜ ਜੀਆਂ ਦੇ ਲੰਗਰਾਂ ਵਿੱਚ ਸੇਵਾ ਕੀਤੀ ਜਾਂਦੀ ਹੈ,ਇਸ ਵਾਰ 5 ਜੁਲਾਈ ਦਿਨ ਸ਼ਨੀਵਾਰ ਨੂੰ ਸਵੇਰੇ 9 ਵਜੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਗੁਰੂ ਰਾਮਦਾਸ ਪਾਤਿਸ਼ਾਹ ਜੀਆਂ ਦੇ ਲੰਗਰਾਂ ਵਿੱਚ ਸੇਵਾ ਕੀਤੀ ਜਾਵੇਗੀ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ, ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ

ਇੰਟਰਨੈਸ਼ਨਲ ਪੰਥਕ ਦਲ
INTERNATIONAL PANTHIC DAL

**ਸਾਰੇ ਅਹੁਦੇਦਾਰ ਤੇ ਵਰਕਰ ਸਾਹਿਬਾਨਾਂ ਨੇ ਸਮੇਂ ਸਿਰ ਪਹੁੰਚ ਕੇ ਹੱਥੀਂ ਸੇਵਾ ਕਰਕੇ ਗੁਰੂ ਰਾਮਦਾਸ ਪਾਤਿਸ਼ਾਹ ਜੀਆਂ ਦੀਆਂ ਖੁਸ਼ੀਆਂ ਪ੍ਰਾਪਤ ਕਰਨੀਆਂ ਜੀ**



ਜੱਥੇਦਾਰ ਦਲੀਪ ਸਿੰਘ ਚਕਰ ਆਲ ਇੰਡੀਆ ਕਨਵੀਨਰ ਇੰਟਰਨੈਸ਼ਨਲ ਪੰਥਕ ਦਲ

★ ਬੇਨਤੀ ਕਰਤਾ ★

**ਜੱਥੇਦਾਰ ਦਲੀਪ ਸਿੰਘ ਚਕਰ**
**ਆਲ ਇੰਡੀਆ ਕਨਵੀਨਰ ਇੰਟਰਨੈਸ਼ਨਲ ਪੰਥਕ ਦਲ**

ਆਵਾਜ਼ਿ ਕੌਮ AWAZE QAUM
International Newspaper & WEB TV

ੴ ਵਾਹਿਗੁਰੂ ਜੀ ਕੀ ਫ਼ਤਹ॥

ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਵੱਲੋਂ

# ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ



ਗੁਰਦੁਆਰਾ ਸ੍ਰੀ ਮੋਤੀ ਬਾਗ ਸਾਹਿਬ ਪਾ: ਨੌਵੀਂ (ਪਟਿਆਲਾ)

## ਭਾਈ ਦਿਆਲਾ ਜੀ, ਭਾਈ ਸਤੀ ਦਾਸ ਜੀ ਤੇ ਭਾਈ ਮਤੀ ਦਾਸ ਜੀ ਦੇ

# ੩੫੦ ਸਾਲਾ ਸ਼ਹੀਦੀ ਦਿਵਸ



## ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ੩੫੦ ਸਾਲਾ ਗੁਰਿਆਈ ਦਿਵਸ ਨੂੰ ਸਮਰਪਿਤ

# ਮਹਾਨ ਗੁਰਮਤਿ ਸਮਾਗਮ

੨੦, ੨੧, ੨੨ ਹਾੜ, ਨਾਨਕਸ਼ਾਹੀ ਸੰਮਤ ੫੫੭ (04, 05, 06 ਜੁਲਾਈ, 2025) ਦਿਨ ਸ਼ੁੱਕਰਵਾਰ, ਸ਼ਨਿੱਚਰਵਾਰ ਤੇ ਐਤਵਾਰ ਨੂੰ ਗੁਰਦੁਆਰਾ ਸ੍ਰੀ ਮੋਤੀ ਬਾਗ ਸਾਹਿਬ ਪਾਤਸ਼ਾਹੀ ਨੌਵੀਂ, ਪਟਿਆਲਾ ਵਿਖੇ ਕਰਵਾਇਆ ਜਾ ਰਿਹਾ ਹੈ।

**ਆਰੰਭ ਸ੍ਰੀ ਅਖੰਡ ਪਾਠ ਸਾਹਿਬ:** 04 ਜੁਲਾਈ, 2025 ਦਿਨ ਸ਼ੁੱਕਰਵਾਰ ਸਵੇਰੇ 10:00 ਵਜੇ

**ਭੋਗ ਸ੍ਰੀ ਅਖੰਡ ਪਾਠ ਸਾਹਿਬ:** 06 ਜੁਲਾਈ, 2025 ਦਿਨ ਐਤਵਾਰ ਸਵੇਰੇ 09:30 ਵਜੇ

### ਸਕੂਲਾਂ/ਕਾਲਜਾਂ ਦੇ ਵਿਦਿਆਰਥੀਆਂ ਵੱਲੋਂ ਪ੍ਰਦਰਸ਼ਨੀ, ਸ਼ਬਦ ਕੀਰਤਨ, ਕਵੀਸ਼ਰੀ ਅਤੇ ਢਾਡੀ ਵਾਰਾਂ

੨੧ ਹਾੜ, ਨਾਨਕਸ਼ਾਹੀ ਸੰਮਤ ੫੫੭ (05 ਜੁਲਾਈ, 2025) ਦਿਨ ਸ਼ਨਿੱਚਰਵਾਰ

ਸਮਾਂ: ਸਵੇਰੇ 10:00 ਤੋਂ ਦੁਪਹਿਰ 02:00 ਵਜੇ ਤੀਕ



### ਅੰਮ੍ਰਿਤ ਸੰਚਾਰ

05 ਜੁਲਾਈ, 2025 (ਦਿਨ ਸ਼ਨਿੱਚਰਵਾਰ) ਸਵੇਰੇ 11:00 ਵਜੇ

ਸਥਾਨ: ਗੁਰਦੁਆਰਾ ਸ੍ਰੀ ਮੋਤੀ ਬਾਗ ਸਾਹਿਬ, ਪਾ: ਨੌਵੀਂ, ਪਟਿਆਲਾ।

### ਮੁੱਖ ਸਮਾਗਮ

੨੨ ਹਾੜ, ਨਾਨਕਸ਼ਾਹੀ ਸੰਮਤ ੫੫੭ (06 ਜੁਲਾਈ, 2025) ਦਿਨ ਐਤਵਾਰ

ਸਮਾਂ: ਸਵੇਰੇ 10:00 ਤੋਂ ਦੁਪਹਿਰ 03:00 ਵਜੇ ਤੀਕ

**ਪਹੁੰਚ ਰਹੇ ਪੰਥ ਪ੍ਰਸਿੱਧ ਕਥਾਵਾਚਕ, ਰਾਗੀ, ਢਾਡੀ ਤੇ ਕਵੀਸ਼ਰੀ ਜਥੇ**

- ਭਾਈ ਗੁਰਭੇਜ ਸਿੰਘ ਜੀ ਚਵਿੰਡਾ, ਢਾਡੀ ਜਥਾ, ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ।
- ਸਮੂਹ ਰਾਗੀ ਜਥੇ ਗੁਰਦੁਆਰਾ ਸ੍ਰੀ ਦੂਖ ਨਿਵਾਰਨ ਸਾਹਿਬ ਪਾਤਸ਼ਾਹੀ ਨੌਵੀਂ ਪਟਿਆਲਾ।
- ਭਾਈ ਸਰੂਪ ਸਿੰਘ ਜੀ, ਹਜ਼ੂਰੀ ਰਾਗੀ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ।
- ਭਾਈ ਸ਼ੁਭਦੀਪ ਸਿੰਘ ਜੀ, ਹਜ਼ੂਰੀ ਰਾਗੀ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ।
- ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਜੀ, ਗ੍ਰੰਥੀ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ।
- ਗਿਆਨੀ ਪ੍ਰਿਤਪਾਲ ਸਿੰਘ ਜੀ, ਕਥਾਵਾਚਕ ਕਮ ਹੈੱਡ ਗ੍ਰੰਥੀ, ਗੁਰਦੁਆਰਾ ਸ੍ਰੀ ਦੂਖ ਨਿਵਾਰਨ ਸਾਹਿਬ, ਪਟਿਆਲਾ।

**ਪਹੁੰਚ ਰਹੀਆਂ ਸਤਿਕਾਰਯੋਗ ਸ਼ਖ਼ਸੀਅਤਾਂ** ਤਖ਼ਤ ਸਾਹਿਬਾਨਾਂ ਦੇ ਜਥੇਦਾਰ ਸਾਹਿਬਾਨ, ਸਿੰਘ ਸਾਹਿਬਾਨ, ਮੈਂਬਰ ਸਾਹਿਬਾਨ, ਸਭਾ-ਸੁਸਾਇਟੀਆਂ, ਸੇਵਾਪੰਥੀ ਸੰਸਥਾਵਾਂ, ਕਾਰ ਸੇਵਾ ਵਾਲੇ ਸੰਤ-ਮਹਾਂਪੁਰਸ਼, ਸਮੂਹ ਨਿਹੰਗ ਸਿੰਘ ਜਥੇਬੰਦੀਆਂ, ਪੰਥਕ ਧਾਰਮਿਕ ਸ਼ਖ਼ਸੀਅਤਾਂ ਸ਼ਾਮਲ ਹੋਣਗੀਆਂ।

**ਪੁਸਤਕ ਅਤੇ ਚਿੱਤਰ ਪ੍ਰਦਰਸ਼ਨੀ** 04, 05, 06 ਜੁਲਾਈ, 2025 ਨੂੰ ਪੁਸਤਕ ਅਤੇ ਚਿੱਤਰ ਪ੍ਰਦਰਸ਼ਨੀ ਲਗਾਈ ਜਾਵੇਗੀ।

ਸਾਰੇ ਸਮਾਗਮਾਂ ਦਾ ਪ੍ਰਸਾਰਨ ਪੀ.ਟੀ.ਸੀ. ਚੈਨਲ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ Facebook ਅਤੇ Youtube ਪੇਜ 'ਤੇ Live ਕੀਤਾ ਜਾਵੇਗਾ।

LIVE ON @sgpcamritsar.org @SGPCSriamritsar



ਗੁਰੂ ਨਾਨਕ ਨਾਮ ਲੇਵਾ ਸੰਗਤ ਨੂੰ ਸਨਿਮਰ ਬੇਨਤੀ ਹੈ ਕਿ ਗੁਰਮਤਿ ਸਮਾਗਮਾਂ ਵਿਚ ਪਰਿਵਾਰਾਂ ਸਮੇਤ ਹਾਜ਼ਰੀਆਂ ਭਰ ਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕਰੀਏ।

ਗੁਰੂ-ਪੰਥ ਦੇ ਸੇਵਕ

**ਸਮੂਹ ਮੈਂਬਰ ਸਾਹਿਬਾਨ**
ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

**ਐਡਵੋਕੇਟ ਹਰਜਿੰਦਰ ਸਿੰਘ**
ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਜਾਰੀ ਕਰਤਾ: ਸਕੱਤਰ, ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਮਸਤੂਆਣਾ ਰੋਡ ਵਿਖੇ ''ਡੇਂਗੂ 'ਤੇ ਵਾਰ'' ਮੁਹਿੰਮ ਤਹਿਤ

# ਮਨਾਇਆ 'ਡਰਾਈ ਡੇ ਫਰਾਈ ਡੇ'





**ਤਲਵੰਡੀ ਸਾਬੋ, 04 ਜੁਲਾਈ (ਗੁਰਜੰਟ ਸਿੰਘ ਨਥੇਹਾ)**- ਸਿਵਲ ਸਰਜਨ ਬਠਿੰਡਾ ਡਾ. ਰਮਨਦੀਪ ਸਿੰਗਲਾ ਦੇ ਦਿਸ਼ਾ ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਰਵੀ ਕਾਂਤ ਗੁਪਤਾ ਦੀ ਯੋਗ ਅਗਵਾਈ ਵਿਚ ਕੁਲਦੀਪ ਸਿੰਘ ਹੈਲਥ ਸੁਪਰਵਾਈਜਰ ਅਤੇ ਬਲਾਕ ਐਜੂਕਟਰ ਗੁਰਸਿਮਰਤ ਕੌਰ ਵਿੱਚ ਯੋਗ ਅਗਵਾਈ ਵਾਲੀ ਟੀਮ ਹਰਪਾਲ ਸਿੰਘ ਗਿਆਨਾ ਮਲਟੀਪਰਪਜ਼ ਹੈਲਥ ਵਰਕਰ ਮੇਲ ਅਤੇ ਕੁਲਦੀਪ ਸਿੰਘ ਕਮਾਲੂ ਮਲਟੀਪਰਪਜ ਹੈਲਥ ਵਰਕਰ ਮੇਲ ਨੇ ਡੇਂਗੂ 'ਤੇ ਵਾਰ ਮੁਹਿੰਮ ਤਹਿਤ ਮਸਤੂਆਣਾ ਰੋਡ ਵਿਖੇ ਸਰਵੇ ਕੀਤਾ। ਇਸ ਮੌਕੇ ਉਹਨਾਂ ਦੱਸਿਆ ਕਿ ਸੀਵਰੇਜ ਦੇ ਪਾਣੀ ਦੀ ਲੀਕੇਜ ਸੀ ਅਤੇ ਲਾਰਵਾ ਅੰਸ਼ ਪਾਏ ਗਏ। ਲਾਰਵਾ ਸਾਇਡਲ ਸਪਰੇਅ ਦਾ ਛਿੜਕਾਅ ਕਰਵਾਇਆ ਤੇ ਲੋਕਾਂ ਨੂੰ ਕਾਲਾ ਤੇਲ ਪਾਉਣ ਲਈ ਦੱਸਿਆ ਗਿਆ। ਉਹਨਾਂ ਮੁਹੱਲਾ ਵਾਸੀਆਂ ਦੇ ਘਰਾਂ ਜਾ ਕੇ ਕਮਰਿਆਂ 'ਚ ਲੱਗੇ ਹੋਏ ਕੂਲਰਾਂ, ਗਮਲਿਆਂ, ਪੰਛੀਆਂ ਦੇ ਕਟੋਰੇ ਆਦਿ ਚੈੱਕ ਕੀਤੇ। ਪੱਤਰਕਾਰਾਂ ਦੀ ਟੀਮ ਦੀ ਮੌਜੂਦਗੀ ਵਿੱਚ ਲਾਰਵਾ ਸਾਇਡਲ ਸਪਰੇਅ ਦਾ ਛਿੜਕਾਅ ਕਰਵਾਇਆ ਗਿਆ। ਉਹਨਾਂ ਦੱਸਿਆ ਕਿ ਡੇਂਗੂ ਦਾ ਲਾਰਵਾ ਮੁੱਖ ਤੌਰ 'ਤੇ ਸਾਫ ਖੜ੍ਹੇ ਪਾਣੀ ਵਿਚ ਪੈਦਾ ਹੁੰਦਾ ਹੈ ਅਤੇ ਜੁਲਾਈ ਤੋਂ ਅਕਤੂਬਰ ਉਨ੍ਹਾਂ ਦੇ ਵਾਧੇ ਲਈ ਸਭ ਤੋਂ ਅਨੁਕੂਲ ਸਮਾਂ ਹੁੰਦਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਡੇਂਗੂ ਏਡੀਜ਼ ਅਜਿਪਟੀ ਮੱਛਰ ਦੇ ਕੱਟਣ ਨਾਲ ਫੈਲਦਾ ਹੈ। ਇਹ ਮੱਛਰ ਇੱਕ ਹਫ਼ਤੇ ਤੋਂ ਜਿਆਦਾ ਸਮੇਂ ਤੱਕ ਖੜ੍ਹੇ ਸਾਫ਼ ਪਾਣੀ ਤੇ ਪੈਦਾ ਹੁੰਦਾ ਹੈ ਅਤੇ ਇੱਕ ਹਫ਼ਤੇ ਦੇ ਵਿੱਚ ਅੰਡੇ ਤੋਂ ਮੱਛਰ ਬਣ ਕੇ ਤਿਆਰ ਹੋ ਜਾਂਦਾ ਹੈ। ਇਹ ਮੱਛਰ ਦਿਨ ਵੇਲੇ ਕੱਟਦਾ ਹੈ। ਉਹਨਾਂ ਦੱਸਿਆ ਕਿ ਜਦੋਂ ਵੀ ਲੋਕਾਂ ਅਤੇ ਵੱਖ-ਵੱਖ ਵਿਭਾਗਾਂ ਵੱਲੋਂ ਸਮੇਂ ਸਿਰ ਲੋੜੀਦੀਆਂ ਸਾਵਧਾਨੀਆਂ ਨਹੀਂ ਵਰਤੀਆਂ ਜਾਂਦੀਆਂ ਉਦੋਂ ਡੇਂਗੂ ਦਾ ਮੱਛਰ ਬਹੁਤਾਤ ਵਿੱਚ ਪੈਦਾ ਹੋਣ ਕਾਰਣ ਸਮੁਦਾਇ ਲਈ ਖਤਰਾ ਬਣਦਾ ਹੈ ਅਤੇ ਕੇਸਾਂ ਦੀ ਗਿਣਤੀ ਵਧਣੀ ਸ਼ੁਰੂ ਹੋ ਜਾਂਦੀ ਹੈ। ਇਸ ਮੌਕੇ ਹੈਲਥ ਵਰਕਰਾਂ ਦੇ ਨਾਲ ਬਿੰਦਰਪਾਲ, ਰਕਸ਼ਾ ਦੇਵੀ, ਸ਼ੈਲੀ ਆਸ਼ਾ ਵਰਕਰ ਹਾਜ਼ਰ ਸਨ।

### ਏਅਰਪੋਰਟ ਦਾ ਨਾਮ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਦੇ

# ਨਾਮ ਤੇ ਰੱਖਣ ਲਈ ਕੇਂਦਰ ਦੀ ਮੋਦੀ ਸਰਕਾਰ ਨੂੰ ਮੰਗ ਪੱਤਰ





**ਕੇਂਦਰੀ ਮੰਤਰੀ** ਹਰਦੀਪ ਸਿੰਘ ਪੁਰੀ ਵੱਲੋਂ ਭਾਜਪਾ ਦੇ ਸੀਨੀਅਰ ਆਗੂ ਮੌਗਾ ਗ੍ਰਹਿ ਵਿਖੇ ਲੁਧਿਆਣਾ ਦੇ ਨਿਵਾਸੀਆਂ ਨਾਲ ਹੰਗਾਮੀਂ ਮੀਟਿੰਗ ਦੌਰਾਨ ਹਲਵਾਰਾ ਅਤੇ ਗੁਰੂਸਰ ਸੁਧਾਰ ਨਜ਼ਦੀਕ ਪਿੰਡ ਐਤੀਆਣਾ ਵਿੱਖੇ ਬਣੇ ਲੁਧਿਆਣਾ ਅੰਤਰਰਾਸਟਰੀ ਹਵਾਈ ਅੱਡੇ ਦਾ ਨਾਮ "ਗੁਰੂ ਹਰਿਗੋਬਿੰਦ ਸਾਹਿਬ ਅੰਤਰਰਾਸਟਰੀ ਹਵਾਈ ਅੱਡਾ "ਨਾਮ ਰਖਵਾਉਣ ਲਈ ਕੇਂਦਰ ਸਰਕਾਰ,ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰੀ ਉਡਾਨ ਮੰਤਰੀ ਦੇ ਨਾਮ ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਨੂੰ ਇੱਕ ਮੰਗ ਪੱਤਰ ਦਿੱਤਾ ਗਿਆ, ਕੰਵਲਜੀਤ ਸਿੰਘ ਮੌਗਾ-ਪ੍ਰਧਾਨ ਲੁਧਿਆਣਾ ਸਿੱਖ ਮਾਈਗਰੈਟਸ ਵੈਲਫੇਅਰ ਬੋਰਡ (ਰਜਿ.) ਜੀ ਦੇ ਨਿਵਾਸ ਸਥਾਨ, ਵਾਰਡ ਨੰ 53 ਲੁਧਿਆਣਾ ਪੱਛਮੀਂ ਹਲਕਾ ਵਿੱਖੇ ਪਹੁੰਚੇ ਅਤੇ ਲੁਧਿਆਣਾ ਦੇ ਨਿਵਾਸੀਆਂ ਨਾਲ ਮੀਟਿੰਗ ਕੀਤੀ ਜਿਥੇ ਕੇਂਦਰੀ ਵਜ਼ੀਰ ਸ. ਹਰਦੀਪ ਸਿੰਘ ਪੁਰੀ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜੀ ਦੀ ਕੇਂਦਰ ਚ' ਮੋਦੀ ਸਰਕਾਰ ਦੀ 11 ਸਾਲਾਂ ਦੀ ਉਪਲਭਦੀਆਂ ਗਿਣਵਾਈਆਂ ਉੱਥੇ ਹੀ ਲੁਧਿਆਣਾ ਸ਼ਹਿਰ ਲਈ 1000 ਕਰੋੜ ਤੋਂ ਵੱਧ ਮੋਦੀ ਸਰਕਾਰ ਦੁਆਰਾ ਲੁਧਿਆਣਾ ਸਮਾਰਟ ਸਿੱਟੀ ਲਈ ਭੇਜੇ ਗਏ ਫੰਡ ਦੀ ਗੱਲ ਕੀਤੀ, ਕੇਂਦਰ ਸਰਕਾਰ ਦੁਆਰਾ ਲੁਧਿਆਣਾ ਜ਼ਿਲ੍ਹੇ ਅੰਦਰ ਇਤਿਹਾਸਿਕ ਧਰਤੀ ਗੁਰੂਸਰ ਸਧਾਰ ਨਜਦੀਕ ਬਣਾਏ ਗਏ ਲੁਧਿਆਣਾ ਅੰਤਰਰਾਸਟਰੀ ਹਵਾਈ ਅੱਡੇ ਦੀ ਗੱਲ ਕੀਤੀ ਭਾਜਪਾ ਦੇ ਸੀਨੀਅਰ ਆਗੂ ਪੰਜਾਬ- ਵਿਨੀਤ ਪਾਲ ਸਿੰਘ ਮੌਗਾ ਅਤੇ ਲੁਧਿਆਣਾ ਜ਼ਿਲਾ ਸ਼ਹਿਰੀ ਮੀਤ ਪ੍ਰਧਾਨ - ਇੰਟਰਨੈਸ਼ਨਲ ਆਵਾਜ਼ਿ ਕੌਮ ਟੀਵੀ ਦੇ ਸਟਾਫ ਮੈਂਬਰ ਸ.ਗੁਰਜੰਟ ਸਿੰਘ ਸੁਧਾਰ, ਭਾਜਪਾ ਮਹਿਲਾ ਮੋਰਚਾ- ਬੀਬੀ ਰੁਪਿੰਦਰਜੀਤ ਕੌਰ ਮੌਗਾ (ਰੁਬੀ) ਲੁਧਿਆਣੇ ਜ਼ਿਲ੍ਹੇ ਦੇ ਗੁਰੂਸਰ ਸੁਧਾਰ ਨਜ਼ਦੀਕ ਪਿੰਡ ਐਤੀਆਣਾ ਵਿੱਖੇ ਬਣੇ ਲੁਧਿਆਣਾ ਅੰਤਰਾਸਟਰੀ ਹਵਾਈ ਅੱਡੇ ਦਾ ਨਾਮ "ਗੁਰੂ ਹਰਿਗੋਬਿੰਦ ਸਾਹਿਬ ਅੰਤਰਾਸਟਰੀ ਹਵਾਈ ਅੱਡਾ" ਨਾਮ ਰੱਖਣ ਲਈ ਹਸਤਾਖਰ ਮੁਹਿੰਮ ਨਾਲ ਨੱਥੀ ਕਰ ਕੇਂਦਰੀ ਮੰਤਰੀ ਸਰਦਾਰ ਹਰਦੀਪ ਸਿੰਘ ਪੁਰੀ ਰਾਹੀਂ ਮੋਦੀ ਸਰਕਾਰ,ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰੀ ਉਡਾਨ ਮੰਤਰੀ ਦੇ ਨਾਮ ਮੰਗ ਪੱਤਰ ਸੌਂਪਿਆ ਨਾਲ ਹੀ ਲੁਧਿਆਣਾ ਸਿੱਖ ਮਾਈਗਰੈਟਸ ਵੈਲਫੇਅਰ ਬੋਰਡ (ਰਜਿ.) ਦੇ ਪ੍ਰਧਾਨ ਸਰਦਾਰ ਕੰਵਲਜੀਤ ਸਿੰਘ ਮੌਗਾ ਵੱਲੋਂ ਇੱਕ ਮੰਗ ਪੱਤਰ ਸੌਂਪਿਆ, ਇਸ ਮੌਕੇ ਭਾਜਪਾ ਦੇ ਸੀਨੀਅਰ ਆਗੂ ਰਾਣਾ ਗੁਰਮੀਤ ਸੋਢੀ, ਲੁਧਿਆਣਾ ਜ਼ਿਲਾ ਭਾਜਪਾ ਸ਼ਹਿਰੀ ਪ੍ਰਧਾਨ ਰਜ਼ਨੀਸ਼ ਧੀਮਾਨ, ਸੀਨੀਅਰ ਭਾਜਪਾ ਆਗੂ ਮਨਪ੍ਰੀਤ ਸਿੰਘ ਬਾਦਲ, ਪੱਤਰਕਾਰ ਹਰਨੇਕ ਸਿੰਘ ਖਾਲਸਾ ਸੁਧਾਰ, ਜਗਮੋਹਨ ਸਿੰਘ ਰਾਜੂ, ਸੀਨੀਅਰ ਆਗੂ ਭਾਜਪਾ ਪੰਜਾਬ ਵਿਨੀਤ ਪਾਲ ਸਿੰਘ ਮੌਗਾ,ਪ੍ਰਧਾਨ ਲੁਧਿਆਣਾ ਸਿੱਖ ਮਾਈਗਰੈਟਸ ਵੈਲਫੇਅਰ ਬੋਰਡ (ਰਜਿ.) ਕੰਵਲਜੀਤ ਸਿੰਘ ਮੌਗਾ, ਜਨਰਲ ਸਕੱਤਰ ਅਜੀਤ ਪਾਲ, ਫਿਰੋਜ਼ ਗਾਧੀ ਮਾਰਕਿਟ ਐਸੋਸੀਏਸ਼ਨ ਦੇ ਚੇਅਰਮੈਨ ਕਰਨਲ ਹਰਜਾਪ ਸਿੰਘ, ਜਨਰਲ ਸਕੱਤਰ ਅਮਰਜੀਤ ਸਿੰਘ ਭੁੱਲਰ, ਪੰਜਾਬ ਫੀਸੀਉਥਰੇਪਿਸਟ ਐਸੋਸੀਏਸ਼ਨ (ਰਜਿ.) ਦੇ ਪ੍ਰਧਾਨ -ਪੀ.ਟੀ ਹਰਮੀਤ ਸਿੰਘ ਸੈਣੀ, ਲੁਧਿਆਣਾ ਜ਼ਿਲਾ ਸ਼ਹਿਰੀ ਮੀਤ ਪ੍ਰਧਾਨ-ਭਾਜਪਾ ਮਹਿਲਾ ਮੋਰਚਾ -ਰੁਪਿੰਦਰਜੀਤ ਕੌਰ ਮੌਗਾ (ਰੁਬੀ) ਗੁਰਦੀਪ ਸਿੰਘ ਗੋਸ਼ਾ ਅਤੇ ਹੋਰ ਪਤਵੰਤੇ ਮੌਜੂਦ ਸਨ ਇਹ ਪ੍ਰੋਗਰਾਮ ਲੁਧਿਆਣਾ ਸਿੱਖ ਮਾਈਗਰੈਟਸ ਵੈਲਫੇਅਰ ਬੋਰਡ (ਰਜਿ.) ਦੁਆਰਾ ਰਖਾਇਆ ਗਿਆ ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਦਾ ਸਿਰੋਪਾਉ ਪਾ ਕੇ ਸਨਮਾਨ ਸਰਦਾਰ ਕੰਵਲਜੀਤ ਸਿੰਘ ਮੌਗਾ ਅਤੇ ਅਜੀਤ ਪਾਲ ਸਿੰਘ ਨੇ ਕੀਤਾ ਫੂਲਾਂ ਦੇ ਗੁਲਦਸਤੇ ਦੇ ਕੇ ਕੇਂਦਰੀ ਮੰਤਰੀ ਸਰਦਾਰ ਹਰਦੀਪ ਸਿੰਘ ਪੁਰੀ ਦਾ ਸਨਮਾਨ ਸਮੂਹ ਮੌਗਾ ਪਰਿਵਾਰ ਨੇ ਕੀਤਾ ਕੇਂਦਰੀ ਮੰਤਰੀ ਸਰਦਾਰ ਹਰਦੀਪ ਸਿੰਘ ਪੁਰੀ ਹਿਸਟੋਰੀਕਲ ਕਾਰਨਾ ਕਰਕੇ ਇਹ ਮੰਗ ਨੂੰ ਪੂਰਾ ਕਰਨ ਲਈ ਮੰਗ ਪੱਤਰ ਦੇ ਉਪਰ ਕਾਰਵਾਈ ਲਈ ਸਬੰਧਿਤ ਕੇਂਦਰੀ ਮੰਤਰੀਆਂ ,ਕੇਂਦਰ ਸਰਕਾਰ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੱਕ ਪਹੁੰਚਾਉਨ ਦਾ ਆਸ਼ਵਾਸਨ ਦਿੱਤਾ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243
ਆਵਾਜ਼ਿ ਕੌਮ AWAZE QAUM International Newspaper & WEB TV

## ਬਾਬਾ ਚੰਨਣ ਜੀ ਦੇ ਜੋੜ ਮੇਲੇ ਨੂੰ ਸਮਰਪਿਤ ਸਰਪੰਚ ਕਸ਼ਮੀਰ ਸਿੰਘ ਪਰਿਵਾਰ ਵੱਲੋਂ ਠੰਡਿਆ ਦਾ ਲੰਗਰ ਲਗਾਇਆ





**ਚੌਕ ਮਹਿਤਾ, 4 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਧੰਨ ਧੰਨ ਬਾਬਾ ਚੰਨਣ ਜੀ ਦੇ ਧਾਰਮਿਕ ਜੋੜ ਮੇਲੇ ਨੂੰ ਸਮਰਪਿਤ ਸਾਬਕਾ ਸਰਪੰਚ ਸ, ਕਸਮੀਰ ਸਿੰਘ ਦੇ ਸਪੁੱਤਰ ਹੀਰਾ ਸਿੰਘ ਯੂ ਐਸ ਏ ਅਤੇ ਰਛਪਾਲ ਸਿੰਘ ਵੱਲੋਂ ਠੰਡਿਆ ਫਰੂਟੀਆਂ ਦਾ ਲੰਗਰ ਸਰਬਤ ਦੇ ਭਲੇ ਲਈ ਬਾਬਾ ਚੰਨਣ ਜੀ ਦੇ ਪਵਿੱਤਰ ਪਾਵਨ ਅਸਥਾਨ ਤੇ ਲਾਇਆ ਗਿਆ। ਇਸ ਮੌਕੇ ਤੇ ਸਰਪੰਚ ਕਸ਼ਮੀਰ ਸਿੰਘ, ਹੀਰਾ ਸਿੰਘ ਯੂ ਐਸ ਏ, ਰਛਪਾਲ ਸਿੰਘ ਰੰਧਾਵਾ, ਹਰਜੀਤ ਸਿੰਘ ਕਨੇਡਾ, ਜਗਜੀਤ ਸਿੰਘ ਯੂ ਐਸ ਏ, ਆਦੇਸ਼ ਪ੍ਰਤਾਪ ਸਿੰਘ ਯੂ ਐਸ ਏ, ਰਣਧੀਰ ਸਿੰਘ ਡੀ ਐਫ ਉ, ਸੁਖਚੈਨ ਸਿੰਘ ਗ੍ਰੰਥੀ ਬਾਬਾ ਬੁੱਢਾ ਸਾਹਿਬ ਚੰਨਣਕੇ, ਸਰਪੰਚ ਲਖਵਿੰਦਰ ਸਿੰਘ ਨਾਥ ਦੀ ਖੂਹੀ, ਸਰਪੰਚ ਕੁਲਵਿੰਦਰ ਸਿੰਘ ਮਿੱਠਾ, ਸਰਬਜੀਤ ਸਿੰਘ ਮੈਂਬਰ, ਰਤਨ ਸਿੰਘ ਮੈਂਬਰ, ਪ੍ਰਧਾਨ ਸੰਤੋਖ ਸਿੰਘ ਜੌਨੀ, ਸੂਬੇਦਾਰ ਬਲਵਿੰਦਰ ਸਿੰਘ, ਜੈਲਦਾਰ ਹਰਦਿਆਲ ਸਿੰਘ, ਸੁਖਰਾਜ ਸਿੰਘ, ਦਿਲਰਾਜ ਸਿੰਘ, ਯੁਵਰਾਜ ਸਿੰਘ, ਕੁਲਦੀਪ ਸਿੰਘ ਮੈਂਬਰ, ਹਰਪ੍ਰੀਤ ਸਿੰਘ ਲਾਲੀ, ਦਰਸਨ ਸਿੰਘ, ਗੁਰਭੇਜ ਸਿੰਘ, ਸੁਖਦੇਵ ਸਿੰਘ, ਹਰਦੇਵ ਸਿੰਘ, ਕੁਲਵਿੰਦਰ ਸਿੰਘ ਕਿੰਦਾ, ਸਤਨਾਮ ਸਿੰਘ ਡੁੱਬਈ ,ਗੁਰਵਿੰਦਰ ਸਿੰਘ, ਆਦਿ ਸੇਵਾਦਾਰ ਹਾਜ਼ਿਰ ਸਨ।

## ਚਿਹਰਾ

ਚਿਹਰੇ ਤੇ ਚਿਹਰਾ ਮਿਲੇਗਾ ,
ਨਾ ਤੇਰਾ ਨਾ ਮੇਰਾ ਮਿਲੇਗਾ।
ਅੱਜ ਦੀ ਰਾਤ ਤਾਂ ਕੱਟ ਤੂੰ ,
ਕੱਲ੍ਹ ਫਿਰ ਸਵੇਰਾ ਮਿਲੇਗਾ।
ਹਉਮੈ ਸਦਾ ਹੀ ਜਵਾਨ ਰਹਿਣੀਂ ,
ਕੋਈ ਨਹੀਂ ਬੁੱਢਾ ਠੇਰਾ ਮਿਲੇਗਾ।
ਮਨ ਦਾ ਤਾ ਉੱਡਣਾ ਹੀ ਤਹਿ ਹੈ ,
ਖੁੱਲ੍ਹਾ ਜਦੋਂ ਵੀ ਚੁਫ਼ੇਰਾ ਮਿਲੇਗਾ।
ਨਹੀਂ ਲੋੜ ਤਾਂ ਸਭ ਕੁਝ ਗੰਦਾ ਹੈ ,
ਲੋੜ ਪੈਣ ਤੇ ਸਭ ਚੰਗੇਰਾ ਮਿਲੇਗਾ।
ਜਿਹੜਾ ਟਿਕਣਾ ਚਾਹੇ ਇੱਕ ਥਾਂ ਬਹਿ ਕੇ ,
ਬੱਸ ਉਸਨੂੰ ਹੀ ਫ਼ੇਰੇ ਤੇ ਫ਼ੇਰਾ ਮਿਲੇਗਾ।
ਨਾਲ ਤਾਂ ਚੱਲਣੇ ਨੇ ਵਿਰਲੇ ਵਿਰਲੇ ,
ਪ੍ਰਗਟ" ਉਂਝ ਵੱਡਾ ਘੇਰਾ ਘੇਰਾ ਮਿਲੇਗਾ।

**-ਪ੍ਰਗਟ ਸਿੰਘ ਗਿੱਲ ਬਾਗੀ**





## ਜਨਮ ਦਿਨ ਮੁਬਾਰਕ

**ਅੰਮ੍ਰਿਤਪਾਲ ਸਿੰਘ**
ਪਿਤਾ ਸੁਖਜਿੰਦਰ ਸਿੰਘ, ਮਾਤਾ ਅਮਨਦੀਪ ਕੌਰ, ਪਿੰਡ ਚੰਨਣਕੇ, ਵਾਸੀ ਹਾਲ ਚੰਡੀਗੜ੍ਹ, ਦਾਦਾ ਬਾਬਾ ਸੁਖਵੰਤ ਸਿੰਘ ਚੰਨਣਕੇ ( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

ਆਵਾਜ਼ਿ ਕੌਮ AWAZE QAUM International Newspaper & WEB TV




# ਹਰ ਮਨੁੱਖ ਕੋਲ ਕਿਉਂ ਹੈ ਸਮੇਂ ਦੀ ਘਾਟ ?

**ਇੱਕਵੀਂ** ਸਦੀ ਦਾ ਯੁੱਗ ਵਿਗਿਆਨ ਅਤੇ ਤਕਨੀਕ ਦਾ ਯੁੱਗ ਹੈ। ਆਧੁਨਿਕ ਯੁੱਗ ਤਕਨੀਕੀ ਵਿਕਾਸ ਅਤੇ ਜੀਵਨ ਦੀ ਵੱਧ ਰਹੀ ਰਫ਼ਤਾਰ ਨਾਲ ਪਰਿਭਾਸ਼ਿਤ ਹੈ।ਆਮ ਲੋਕਾਂ ਵਿੱਚ ਸਮੇਂ ਦੀ ਧਾਰਨਾ ਬਾਬਤ ਇੱਕ ਮਹੱਤਵਪੂਰਨ ਬਦਲਾਅ ਆਇਆ ਹੈ। ਅੱਜ ਗੱਲ ਆਧੁਨਿਕ ਭੌਤਿਕਵਾਦੀ ਸੰਸਾਰ ਕੰਮਾਂ ਨੂੰ ਪੂਰਾ ਕਰਨ ਅਤੇ ਨੌਕਰੀਆਂ ਦਾ ਪ੍ਰਬੰਧ ਕਰਨ ਵਿੱਚ ਬੇਮਿਸਾਲ ਕੁਸ਼ਲਤਾ ਦਾ ਦਾਅਵਾ ਕਰਦਾ ਹੈ ਪਰ ਇਨ੍ਹਾਂ ਵਿਕਾਸਾਂ ਦੇ ਬਾਵਜੂਦ ਬਹੁਤ ਸਾਰੇ ਵਿਅਕਤੀ ਸਮੇਂ ਦੀ ਕਮੀ ਦੀ ਸ਼ਿਕਾਇਤ ਕਰਦੇ ਹਨ।

**ਕੰਮ ਦੀ ਤੇਜ਼ੀ** : ਪਿਛਲੇ ਕੁਝ ਦਹਾਕਿਆਂ ਵਿੱਚ ਤਕਨੀਕੀ ਨਵੀਨੀਕਰਨਾਂ ਨੇ ਸਾਡੇ ਕੰਮ ਕਰਨ ਦੇ ਢੰਗ ਨੂੰ ਬਦਲ ਦਿੱਤਾ ਹੈ। ਨਿੱਜੀ ਕੰਪਿਊਟਰਾਂ ਦੇ ਆਗਮਨ ਤੋਂ ਲੈ ਕੇ ਸਮਾਰਟਫੋਨਾਂ ਦੇ ਉੱਧਾਰ ਨੇ ਉਤਪਾਦਕਤਾ ਨੂੰ ਵਧਾਉਣ ਲਈ ਬਣਾਏ ਗਏ ਸੰਦ ਹੁਣ ਹਰ ਜਗ੍ਹਾ ਮੌਜੂਦ ਹਨ।ਉਦਾਹਰਣ ਵਜੋਂ ਈਮੇਲ ਨੇ ਪਰੰਪਰਾਗਤ ਹੱਥ ਲਿਖਤ ਡਾਕ ਦਾ ਸਥਾਨ ਲੈ ਲਿਆ ਹੈ ਅਤੇ ਆਧੁਨਿਕ ਵਿਗਿਆਨ ਦੀ ਇਹ ਕਾਢ ਦੁਨੀਆ ਭਰ ਵਿੱਚ ਤੁਰੰਤ ਸੰਚਾਰ ਦੀ ਆਗਿਆ ਦਿੰਦਾ ਹੈ। ਇਸ ਬਦਲਾਅ ਨੇ ਜਾਣਕਾਰੀ ਭੇਜਣ ਅਤੇ ਪ੍ਰਾਪਤ ਕਰਨ ਵਿੱਚ ਲੱਗਣ ਵਾਲੇ ਸਮੇਂ ਨੂੰ ਬਹੁਤ ਘਟਾ ਦਿੱਤਾ ਹੈ ਜਿਸ ਨਾਲ ਕਾਰੋਬਾਰਾਂ ਨੂੰ ਬਹੁਤ ਤੇਜ਼ੀ ਨਾਲ ਕੰਮ ਕਰਨ ਦੀ ਯੋਗਤਾ ਮਿਲੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਤੋਂ ਇਲਾਵਾ ਕੰਮ ਦੀ ਤੇਜੀ ਨਾਲ ਉੱਛਲੀ ਅਰਥਵਿਵਸਥਾ ਨੇ ਰੋਜ਼ਗਾਰ ਨੂੰ ਦੁਬਾਰਾ ਪਰਿਭਾਸ਼ਿਤ ਕੀਤਾ ਹੈ। ਅਰਥ ਵਿਵਸਥਾ ਵਿੱਚ ਤੇਜੀ ਨੇ ਵੱਖ-ਵੱਖ ਕੰਮਾਂ ਤੇ ਕਾਰਜਾਂ ਲਈ ਲਚਕੀਲੀਆਂ ਨੌਕਰੀਆਂ ਦੇ ਮੌਕੇ ਪ੍ਰਦਾਨ ਕੀਤੇ ਹਨ। Uber, Upwork ਅਤੇ TaskRabbit ਜਿਹੇ ਪਲੇਟਫਾਰਮਾਂ ਨੇ ਵਿਅਕਤੀਆਂ ਨੂੰ ਇਕੱਠੇ ਕਈ ਨੌਕਰੀਆਂ ਕਰਨ ਦੀ ਆਗਿਆ ਦਿੱਤੀ ਹੈ ਜਿਸ ਨਾਲ ਉਹ ਆਪਣੇ ਆਰਥਿਕ ਵਿਕਾਸ ਦੀਆਂ ਸੰਭਾਵਨਾਵਾਂ ਨੂੰ ਵਧਾਉਂਦੇ ਹਨ ਅਤੇ ਪਰੰਪਰਾਗਤ ਨੌਕਰੀ ਖੋਜ 'ਤੇ ਲੱਗਣ ਵਾਲੇ ਸਮੇਂ ਨੂੰ ਘਟਾਉਂਦੇ ਹਨ।

**ਸਮੇਂ ਦੀ ਬਚਤ ਦਾ ਭ੍ਰਮ** : ਇਨ੍ਹਾਂ ਵਿਕਾਸਾਂ ਦੇ ਬਾਵਜੂਦ ਬਹੁਤ ਸਾਰੇ ਲੋਕ ਹੁਣ ਪਹਿਲਾਂ ਤੋਂ ਵੀ ਵੱਧ ਸਮੇਂ ਦੀ ਘਾਟ ਮਹਿਸੂਸ ਕਰਦੇ ਹਨ।ਮਨੋਵਿਗਿਆਨਿਕ ਸੰਸਥਾਵਾਂ ਦੁਆਰਾ ਕੀਤੇ ਗਏ ਕਈ ਸਰਵੇਖਣਾਂ ਨੇ ਦਰਸਾਇਆ ਕਿ 58% ਲੋਕ ਆਪਣੇ ਰੋਜ਼ਾਨਾ ਦੀ ਜ਼ਿੰਮੇਵਾਰੀ ਨਾਲ ਥੱਕੇ ਹੋਏ ਮਹਿਸੂਸ ਕਰਦੇ ਹਨ ਜਿਸ ਕਾਰਣ ਇਹ ਲੋਕ ਆਪਣੇ ਕੰਮ-ਜੀਵਨ ਦੇ ਸੰਤੁਸ਼ਟੀ ਤੋਂ ਅਸੰਤੁਸ਼ਟ ਹਨ ।ਇਹ ਅੰਕੜੇ ਬਹੁਤ ਹੈਰਾਨੀ ਜਨਕ ਹਨ ਕਿ ਕੰਮਾਂ ਨੂੰ ਪੂਰਾ ਕਰਨ ਦੀ ਪ੍ਰਕਿਰਿਆ ਤੇਜ਼ ਅਤੇ ਆਸਾਨ ਹੋਣ ਦੇ ਬਾਵਜੂਦ ਇਨਸਾਨਾਂ ਕੋਲ ਸਮੇਂ ਦੀ ਘਾਟ ਹੁੰਦੀ ਜਾਂਦੀ ਹੈ।

ਇਸ ਕਿਰਿਆ ਨੂੰ ਕਈ ਕਾਰਨਾਂ ਨਾਲ ਜੋੜਿਆ ਜਾ ਸਕਦਾ ਹੈ। ਪਹਿਲਾਂ, ਤਕਨੀਕੀ ਤੌਰ 'ਤੇ "ਹਮੇਸ਼ਾਂ-ਚਾਲੂ" ਸੰਸਕਾਰ ਬਣਾਉਂਦੀ ਹੈ, ਜਿੱਥੇ ਵਿਅਕਤੀਆਂ ਦੀ ਉਮੀਦ ਕੀਤੀ ਜਾਂਦੀ ਹੈ ਕਿ ਉਹ ਰਾਤ ਦੇ ਸਮੇਂ ਵੀ ਉਪਲਬਧ ਰਹਿਣ। ਸਮਾਰਟਫੋਨਾਂ ਅਤੇ ਸੋਸ਼ਲ ਮੀਡੀਆ ਦੀ ਸੁਵਿਧਾ ਦਾ ਮਤਲਬ ਇਹ ਹੈ ਕਿ ਕੰਮ ਨਾਲ ਸਬੰਧਿਤ ਸੰਚਾਰ ਨਿੱਜੀ ਸਮੇਂ ਵਿੱਚ ਦਖਲ ਅੰਦਾਜ਼ੀ ਕਰ ਸਕਦਾ ਹੈ ਜੋ ਪੇਸ਼ੇਵਰ ਅਤੇ ਨਿੱਜੀ ਜੀਵਨ ਵਿਚਕਾਰ ਤੇ ਫਰਕ ਨੂੰ ਧੁੰਦਲਾ ਕਰਦਾ ਹੈ। ਆਧੁਨਿਕ ਸਮੇਂ ਦੇ ਅਧਿਐਨ ਨੇ ਦਰਸਾਇਆ ਕਿ 46% ਕਾਰਜਰਤ ਵੱਡੇ ਲੋਕ ਗੈਰ-ਕੰਮ ਸਮੇਂ ਦੌਰਾਨ ਕੰਮ ਦੇ ਈਮੇਲ ਜਾਂਚਦੇ ਹਨ ਜਿਸ ਨਾਲ ਥੱਕਾਵਟ ਅਤੇ ਦਬਾਅ ਮਹਿਸੂਸ ਹੁੰਦਾ ਹੈ।



ਇਸ ਤੋਂ ਇਲਾਵਾ ਅੱਜ ਦੇ ਸਮੇਂ ਵਿੱਚ ਉਪਲਬਧ ਵਿਕਲਪਾਂ ਦੀ ਸੰਖਿਆ ਫੈਸਲੇ ਦੀ ਥੱਕਾਵਟ ਦਾ ਕਾਰਨ ਬਣ ਸਕਦੀ ਹੈ। ਮਨੋਰੰਜਨ, ਖਾਣ-ਪੀਣ ਅਤੇ ਖਰੀਦਦਾਰੀ ਲਈ ਅਨੇਕ ਵਿਕਲਪਾਂ ਦੇ ਨਾਲ ਵਿਅਕਤੀ ਸ਼ਾਇਦ ਆਪਣੇ ਮਨਪਸੰਦ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਦੀ ਬਜਾਏ ਚੋਣ ਕਰਨ ਵਿੱਚ ਵੱਧ ਸਮਾਂ ਬਿਤਾਉਂਦੇ ਹਨ। ਉਪਰੋਕਤ ਤਜਰਬਿਆਂ ਤੋਂ ਪ੍ਰਗਟ ਹੁੰਦਾ ਹੈ ਕਿ ਵਿਅਕਤੀ ਬਿਨਾਂ ਕਿਸੇ ਕਾਰਜ ਦੇ ਮਾਨਸਿਕ ਥਕਾਵਟ ਮਹਿਸੂਸ ਕਰਦੇ ਹਨ ਅਤੇ ਇਸ ਦਾ ਨਤੀਜਾ ਸਮੇਂ ਦੀ ਘਾਟ ਬਣਦਾ ਹੈ।

**ਰੁੱਜੇ ਰਹਿਣ ਦੀ ਸੰਸਕਾਰ** : ਅੱਜ ਕੱਲ ਦੇ ਯੁੱਗ ਵਿੱਚਰੁੱਜੇ ਰਹਿਣ ਦੀ ਸਮਾਜਿਕ ਧਾਰਨਾ ਵੀ ਵਿਕਸਤ ਹੋਈ ਹੈ। ਕਈ ਸੰਸਕਾਰਾਂ ਵਿੱਚ ਰੁੱਜੇ ਰਹਿਣ ਨੂੰ ਸਫਲਤਾ ਅਤੇ ਉਤਪਾਦਕਤਾ ਨਾਲ ਜੋੜਿਆ ਜਾਂਦਾ ਹੈ। ਇਸ ਮਨੋਵਿਰਤੀ ਕਾਰਨ ਸਮਾਜ ਦੇ ਬਹੁਤ ਸਾਰੇ ਵਿਅਕਤੀਆਂ ਨੂੰ ਆਪਣੀਆਂ ਸ਼ਿਡਊਲਾਂ ਨੂੰ ਗਤੀਵਿਧੀਆਂ ਅਤੇ ਜ਼ਿੰਮੇਵਾਰੀਆਂ ਨਾਲ ਭਰਨਾ ਪੈਦਂ ਹੈ।

ਇਸ ਤੋਂ ਇਲਾਵਾ ਸੋਸ਼ਲ ਮੀਡੀਆ ਇਸ ਚੱਕਰ ਨੂੰ ਪੈਦਾ ਕਰਨ ਵਿੱਚ ਇੱਕ ਮਹੱਤਵਪੂਰਕ ਭੂਮਿਕਾ ਨਿਭਾਉਂਦੀ ਹੈ। ਇੰਸਟਾਗਰਾਮ ,ਫ਼ੇਸਬੁੱਕ ਅਤੇ ਟਵਿੱਟਰ ਜਿਹੇ ਪਲੇਟਫਾਰਮ ਜੀਵਨ ਸ਼ੈਲੀ ਨੂੰ ਕਾਫੀ ਰੁਝੇਵਿਆਂ ਭਰਿਆ ਦਰਸਾਉਂਦੇ ਹਨ। ਜਿਵੇਂ ਹੀ ਉਪਭੋਗਤਾ ਆਪਣੇ ਸਹਿਕਰਮੀ ਦੀਆਂ ਤਸਵੀਰਾਂ 'ਤੇ ਸਕ੍ਰੋਲ ਕਰਦੇ ਹਨ ਜੋ ਰਾਤ ਦੇ ਸਮੇਂ ਕੰਮ ਕਰ ਰਹੇ ਹਨ ਜਾਂ ਦੋਸਤ ਜਿਨ੍ਹਾਂ ਦੇ ਇਕੋਂ ਸਮੇਂ ਕਈ ਪ੍ਰੋਜੈਕਟਾਂ ਚੱਲ ਪਏ ਹਨ ਤਾਂ ਉਸ ਸਮੇਂ ਉਹਨਾਂ ਨੂੰ ਪਿੱਛੇ ਰਹਿਣ ਦਾ ਅਹਿਸਾਸ ਮਹਿਸੂਸ ਹੁੰਦਾ ਹੈ ਜਿਸ ਨਾਲ ਇੱਕ ਅੰਤਹਿਨ ਚੱਕਰ ਬਣ ਜਾਂਦਾ ਹੈ ਜੋ ਹੋਰ ਕਰਨ ਲਈ ਪ੍ਰੇਰਿਤ ਕਰਦਾ ਹੈ ਬਿਨਾਂ ਕਿਸੇ ਯੋਗ ਅਰਾਮ ਲਈ।

**ਇੱਕ ਤੇਜ਼ ਰਫ਼ਤਾਰ ਵਾਲੀ ਦੁਨੀਆ ਵਿੱਚ ਸੰਤੁਲਨ ਲੱਭਣਾ** : ਸੰਸਾਰ ਦੇ ਪ੍ਰਸਿੱਧ ਵਿਸ਼ਾ ਮਾਹਿਰਾਂ ਦਾ ਸੁਝਾਅ ਹੈ ਕਿ ਆਪਣੇ ਆਪ ਦੀ ਦੇਖਭਾਲ ਨੂੰ ਪ੍ਰਾਥਮਿਕਤਾ ਦੇਣਾ ਅਤੇ ਕੰਮ ਦੀ ਸੀਮਾ ਖੜੀ ਕਰਨਾ ਸਮੇਂ ਨੂੰ ਦੁਬਾਰਾ ਫੁਰਸਤ ਭਰਿਆ ਪ੍ਰਾਪਤ ਕਰਨ ਲਈ ਮਹੱਤਵਪੂਰਣ ਹੈ। ਮਾਈਂਡਫੁਲਨੈੱਸ ਅਭਿਆਸ ਜਿਵੇਂ ਕਿ ਧਿਆਨ ਅਤੇ ਯੋਗਾ ਦਬਾਅ ਘੱਟ ਕਰਨ ਅਤੇ ਧਿਆਨ ਵਧਾਉਣ ਲਈ ਪ੍ਰਭਾਵਸ਼ਾਲੀ ਸੰਦ ਬਣ ਗਏ ਹਨ।


ਇਸ ਤੋਂ ਇਲਾਵਾ ਸੰਸਾਰ ਭਰ ਦੇ ਕਈ ਸੰਗਠਨਾਂ ਨੇ ਕਰਮਚਾਰੀਆਂ ਦੀ ਭਲਾਈ ਦੇ ਮਹੱਤਵ ਨੂੰ ਸਮਝਣਾ ਸ਼ੁਰੂ ਕੀਤਾ ਹੈ। Microsoft ਵਰਗੀਆਂ ਕੰਪਨੀਆਂ ਨੇ ਚਾਰ-ਦਿਨ ਦੇ ਕੰਮ ਦੇ ਹਫ਼ਤੇ ਅਤੇ ਅਸੀਮਿਤ ਛੁੱਟੀਆਂ ਦੀਆਂ ਨੀਤੀਆਂ ਲਾਗੂ ਕੀਤੀਆਂ ਹਨ ਤਾਂ ਜੋ ਇੱਕ ਚਿੰਤਾ ਮੁਕਤ ਕੰਮ-ਜੀਵਨ ਦਾ ਸੰਤੁਲਨ ਪ੍ਰੋਤਸਾਹਿਤ ਕੀਤਾ ਜਾ ਸਕੇ। ਇਹ ਪਹਿਲਕਾਰੀਆਂ ਨਾ ਸਿਰਫ ਕਰਮਚਾਰੀ ਦੀ ਸੰਤੁਸ਼ਟੀ ਨੂੰ ਸੁਧਾਰਦੀਆਂ ਹਨ ਪਰ ਕੁੱਲ ਉਤਪਾਦਕਤਾ ਨੂੰ ਵੀ ਵਧਾਉਂਦੀਆਂ ਹਨ। ਸਾਡੇ ਭੌਤਿਕ ਸੰਸਾਰ ਵਿੱਚ ਸਮੇਂ ਦੇ ਘੱਟਣ ਵਾਲੀ ਧਾਰਨਾ ਚੁਣੌਤੀਆਂ ਅਤੇ ਮੌਕੇ ਦੋਹਾਂ ਪੈਦਾ ਕਰਦੀ ਹੈ। ਬੇਸ਼ੱਕ ਇਹ ਇੱਕ ਅਟੱਲ ਸੱਚਾਈ ਹੈ ਕਿ ਤਕਨੀਕੀ ਵਿਕਾਸ ਨੇ ਕੰਮਾਂ ਨੂੰ ਪੂਰਾ ਕਰਨ ਵਿੱਚ ਕੁਸ਼ਲਤਾ ਅਤੇ ਰਫ਼ਤਾਰ ਵਿੱਚ ਨਿਸ਼ਚਿਤ ਤੌਰ 'ਤੇ ਵਾਧਾ ਕੀਤਾ ਹੈ ਪ੍ਰੰਤੂ ਇਸ ਦੇ ਕੂ ਪ੍ਰਭਾਵ ਵਜੋਂ ਹਰੇਕ ਇਨਸਾਨ ਵਿੱਚ ਰੁੱਝੇ ਰਹਿਣ ਦੀ ਭਾਵਨਾ ਵੀ ਪੈਦਾ ਕੀਤੀਹੈ ਜੋ ਬਹੁਤ ਸਾਰੇ ਲੋਕਾਂ ਨੂੰ ਥੱਕਾਵਟ ਮਹਿਸੂਸ ਕਰਾਉਂਦੀ ਹੈ। ਅਜੋਕੇ ਯੁੱਗ ਦੇ ਵਿਅਕਤੀ ਅਤੇ ਸੰਗਠਨ ਇਸ ਤੇਜ਼ ਰਫ਼ਤਾਰ ਵਾਲੇ ਵਾਤਾਵਰਨ ਵਿੱਚ ਆਪਣੇ ਆਪ ਨੂੰ ਢਾਲਣ ਦੀ ਕੋਸ਼ਿਸ਼ ਕਰ ਰਹੇ ਹਨ। ਇਸ ਲਈ ਇਹ ਬਹੁਤ ਜ਼ਰੂਰੀ ਹੈ ਕਿ ਅਸੀਂ ਭਲਾਈ ਨੂੰ ਪ੍ਰਾਥਮਿਕਤਾ ਦੇਈਏ ਅਤੇ ਸਮੇਂ ਨਾਲ ਆਪਣੇ ਰਿਸ਼ਤੇ ਨੂੰ ਦੁਬਾਰਾ ਪਰਿਭਾਸ਼ਿਤ ਕਰੀਏ—ਇਹਨਾਂ ਨੂੰ ਦਬਾਅ ਦਾ ਸਰੋਤ ਬਣਾਉਣ ਦੀ ਬਜਾਏ ਖੁਸ਼ੀ ਅਤੇ ਆਨੰਦ ਦਾ ਰਾਹ ਬਣਾਉਣ ਵਾਲਾ।


**-ਸੁਰਿੰਦਰਪਾਲ ਸਿੰਘ, ਵਿਗਿਆਨ ਅਧਿਆਪਕ**
**ਸ਼੍ਰੀ ਅੰਮ੍ਰਿਤਸਰ ਸਾਹਿਬ**

### ਗੁਰਦੁਆਰਾ ਦਸ਼ਮੇਸ਼ਸਰ ਸਾਹਿਬ ਪਿੰਡ ਚਕੇਰੀਆਂ ਜ਼ਿਲਾ ਸਿਰਸਾ ਵਿਖੇ

# ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ






ਗੁਰਦੁਆਰਾ ਦਸ਼ਮੇਸ਼ਸਰ ਸਾਹਿਬ ਪਿੰਡ ਚਕੇਰੀਆਂ ਜ਼ਿਲਾ ਸਿਰਸਾ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ,ਸਰਦਾਰ ਸੁਖਵਿੰਦਰ ਸਿੰਘ ਮੰਡੇਬਰ ਸਾਬਕਾ ਜਨਰਲ ਸਕੱਤਰ,ਸਰਦਾਰ ਪਰਮਜੀਤ ਸਿੰਘ ਮਾਖਾ ਸਾਬਕਾ ਮੈਂਬਰ ਗਿਆਨੀ ਸਿਮਰਨਜੀਤ ਸਿੰਘ ਯਮੁਨਾਨਗਰ ਵੱਲੋਂ ਵੀ ਗੁਰਮਤਿ ਵਿਚਾਰ ਸਾਂਝੇ ਕੀਤੇ ਗਏ ਗੁਰਦੁਆਰਾ ਪ੍ਰਬੰਧਕ ਕਮੇਟੀ ਨਗਰ ਪੰਚਾਇਤ ਵੱਲੋਂ ਸਿਰਪਾਉ ਭੇਂਟ ਕਰਕੇ ਜਥੇਦਾਰ ਦਾਦੂਵਾਲ ਜੀ ਸਮੇਤ ਸਭ ਨੂੰ ਸਨਮਾਨਿਤ ਕੀਤਾ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰਦੁਆਰਾ ਭੱਠਾ ਸਾਹਿਬ ਪਿੰਡ ਬੜਾਗੁੜਾ ਜ਼ਿਲਾ ਸਿਰਸਾ ਵਿਖੇ

# "ਮਹਾਨ ਗੁਰਮਤਿ ਸਮਾਗਮ" ਵਿੱਚ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ

## ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ













ਗੁਰਦੁਆਰਾ ਭੱਠਾ ਸਾਹਿਬ ਪਿੰਡ ਬੜਾਗੁੜਾ ਜ਼ਿਲਾ ਸਿਰਸਾ ਵਿਖੇ ਅੱਜ ਸਤਿਕਾਰਯੋਗ ਬਾਬਾ ਛੋਟਾ ਸਿੰਘ ਬਾਬਾ ਗੁਲਜਾਰ ਸਿੰਘ ਜੀ ਦੀ ਸਲਾਨਾ ਯਾਦ ਵਿੱਚ "ਮਹਾਨ ਗੁਰਮਤਿ ਸਮਾਗਮ" ਵਿੱਚ ਸ੍ਰੀ ਅਖੰਡ ਪਾਠਾਂ ਦੇ ਭੋਗ ਉਪਰੰਤ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਇਸ ਸਮੇਂ ਹੋਰਨਾਂ ਤੋਂ ਇਲਾਵਾ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅੰਤਰਿੰਗ ਮੈਂਬਰ ਸਰਦਾਰ ਜਗਤਾਰ ਸਿੰਘ ਮਾਨ ਮਿਠੜੀ,ਭਾਈ ਬਲਵੰਤ ਸਿੰਘ ਗੋਪਾਲਾ ਇੰਚਾਰਜ ਧਰਮ ਪ੍ਰਚਾਰ ਸਬ ਦਫਤਰ ਸਿਰਸਾ,ਬਾਬਾ ਗੁਰਪਾਲ ਸਿੰਘ ਚੋਰਮਾਰ,ਬਾਬਾ ਸੁਖਪਾਲ ਸਿੰਘ ਬੜਾਗੁੜਾ ਵੀ ਹਾਜ਼ਰ ਸਨ ਬਾਬਾ ਜਸਵਿੰਦਰ ਸਿੰਘ ਰੁੜਕੀ ਮੁੱਖ ਸੇਵਾਦਾਰ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜਥੇਦਾਰ ਦਾਦੂਵਾਲ ਜੀ ਸਮੇਤ ਸਭਨੂੰ ਸਿਰਪਾਓ ਭੇਂਟ ਕਰਕੇ ਸਨਮਾਨਿਤ ਕੀਤਾ ਜਥੇਦਾਰ ਦਾਦੂਵਾਲ ਜੀ ਨੇ ਗੁਰੂ ਕੇ ਲੰਗਰਾਂ ਲਈ ਆਪਣੇ ਸੁੱਖ ਸੇਵਾ ਸਿਮਰਨ ਟਰੱਸਟ ਵੱਲੋਂ 31000 ਰੁਪਏ ਭੇਂਟ ਕੀਤੇ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)



ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਅਮਨ ਅਰੋੜਾ ਵੱਲੋਂ ਲੌਂਗੋਵਾਲ ਵਿਖੇ

# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਕੰਨਿਆ) ਦੀ ਨਵੀਂ ਇਮਾਰਤ ਲੋਕ ਅਰਪਿਤ





ਲੌਂਗੋਵਾਲ (ਰਣਜੀਤ ਸਿੰਘ ਪੇਧਨੀ) – ਹਲਕਾ ਸੁਨਾਮ ਵਿੱਚ ਸ਼ੁਰੂ ਕੀਤੇ ਵਿਕਾਸ ਕਾਰਜਾਂ ਦੀ ਕਵਾਇਦ ਨੂੰ ਉਸ ਵੇਲੇ ਹੋਰ ਬਲ ਮਿਲਿਆ ਜਦੋਂ ਪੰਜਾਬ ਦੇ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਕਸਬਾ ਲੌਂਗੋਵਾਲ ਵਿਖੇ ਸ਼ਹੀਦ ਸ੍ਰ ਭਗਵਾਨ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਕੰਨਿਆ) ਲੌਂਗੋਵਾਲ ਦੀ ਨਵੀਂ ਬਣੀ ਇਮਾਰਤ ਦਾ ਉਦਘਾਟਨ ਕੀਤਾ। 6.10 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਇਹ ਇਮਾਰਤ ਰਿਕਾਰਡ 2 ਸਾਲ ਦੇ ਸਮੇਂ ਵਿੱਚ ਤਿਆਰ ਕੀਤੀ ਗਈ ਹੈ। ਦੱਸਣਯੋਗ ਹੈ ਕਿ ਇਹ ਸਕੂਲ ਇਲਾਕੇ ਵਿੱਚ ਸਿੱਖਿਆ ਦਾ ਪੱਧਰ ਉੱਚਾ ਚੁੱਕਣ ਵਿੱਚ ਬਹੁਤ ਅਹਿਮ ਸਥਾਨ ਰੱਖਦਾ ਹੈ।

**☛ 6.10 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਇਮਾਰਤ ਰਿਕਾਰਡ 2 ਸਾਲ ਦੇ ਸਮੇਂ ਵਿੱਚ ਹੋਈ ਤਿਆਰ ☛ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਕੰਨਿਆ) ਦੀ ਨਵੀਂ ਇਮਾਰਤ ਲੋਕ ਅਰਪਿਤ ☛ ਜਦੋਂ ਨੀਅਤ ਅਤੇ ਨੀਤੀ ਸਾਫ਼ ਹੋਵੇ ਉਥੇ ਕੋਈ ਵੀ ਕੰਮ ਨਹੀਂ ਰੁਕਦਾ - ਕੈਬਨਿਟ ਮੰਤਰੀ ਅਮਨ ਅਰੋੜਾ ☛ ਕਿਹਾ, ਸਿੱਖਿਆ, ਸਿਹਤ ਅਤੇ ਮਜ਼ਬੂਤ ਬੁਨਿਆਦੀ ਢਾਂਚਾ ਹਮੇਸ਼ਾਂ ਹੀ ਤਰਜੀਹ ਰਹੇਗੀ**

ਉਦਘਾਟਨ ਸਮਾਰੋਹ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਸਿਹਤ, ਸਿੱਖਿਆ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਨੂੰ ਮਜ਼ਬੂਤ ਕਰਨ ਲਈ ਵੱਡੇ ਪੱਧਰ ਉਤੇ ਕੰਮ ਕੀਤਾ ਜਾ ਰਿਹਾ ਹੈ।ਉਹਨਾਂ ਕਿਹਾ ਕਿ ਜਦੋਂ ਨੀਅਤ ਅਤੇ ਨੀਤੀ ਸਾਫ਼ ਹੋਵੇ ਉਥੇ ਕੋਈ ਵੀ ਕੰਮ ਨਹੀਂ ਰੁਕਦਾ। ਪਿਛਲੀਆਂ ਸਰਕਾਰਾਂ ਦੀ ਖੋਟੀ ਨੀਅਤ ਅਤੇ ਮਾੜੀਆਂ ਨੀਤੀਆਂ ਕਾਰਨ ਸੂਬਾ ਵਿਕਾਸ ਪੱਖੋਂ ਕਾਫ਼ੀ ਪਛੜ ਗਿਆ ਸੀ। ਪਰ ਜਦੋਂ ਤੋਂ ਆਪ ਪਾਰਟੀ ਸੱਤਾ ਵਿਚ ਆਈ ਹੈ ਉਦੋਂ ਤੋਂ ਹੀ ਤਰਜੀਹੀ ਤੌਰ ਉੱਤੇ ਸਰਬਪੱਖੀ ਵਿਕਾਸ ਉੱਤੇ ਜ਼ੋਰ ਦਿੱਤਾ ਜਾ ਰਿਹਾ ਹੈ।

ਉਹਨਾਂ ਸਕੂਲ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਤਿੰਨ ਮੰਜਿਲਾਂ ਇਮਾਰਤ ਦਾ ਕੁੱਲ ਕਵਰਡ ਖੇਤਰ 33590 ਸੁਕੇਅਰ ਫੁੱਟ ਹੈ। ਇਸ ਸਕੂਲ ਵਿੱਚ ਨਿੱਜੀ ਸਕੂਲਾਂ ਤੋਂ ਵੀ ਵੱਧ ਆਧੁਨਿਕ ਸਹੂਲਤਾਂ ਦੇਣ ਦੀ ਕੋਸ਼ਿਸ਼ ਕੀਤੀ ਗਈ ਹੈ। ਇਸ ਇਮਾਰਤ ਵਿਚ ਪ੍ਰਿੰਸੀਪਲ ਦੇ ਦਫ਼ਤਰ ਸਮੇਤ 14 ਕਲਾਸ ਰੂਮ, ਰਸੋਈ, ਕਲੈਰੀਕਲ ਸਟਾਫ ਰੂਮ, ਕੰਪਿਊਟਰ ਲੈਬ, ਭੂਗੋਲ ਲੈਬ, 2 ਰੋਬੋਟਿਕ ਲੈਬ, ਆਈ ਟੀ ਲੈਬ, ਸੁੰਦਰਤਾ ਅਤੇ ਤੰਦਰੁਸਤੀ ਲੈਬ, ਅੰਗਰੇਜ਼ੀ ਸੁਣਨ ਲੈਬ, ਸਾਇੰਸ ਲੈਬ, ਮੀਟਿੰਗ ਹਾਲ, ਡਾਈਨਿੰਗ ਰੂਮ, ਸਟੋਰ, ਵਾਸ਼ਰੂਮ ਅਤੇ ਹੋਰ ਸਹੂਲਤਾਂ ਮੌਜੂਦ ਹਨ। ਉਹਨਾਂ ਕਿਹਾ ਕਿ ਪਹਿਲਾਂ ਇਹ ਸਕੂਲ ਕਸਬੇ ਦੇ ਤੰਗ ਬਾਜ਼ਾਰ ਵਿੱਚ ਚੱਲਦਾ ਸੀ। ਜਿਸ ਕਾਰਨ ਲੜਕੀਆਂ ਨੂੰ ਸਕੂਲ ਆਉਣ ਜਾਣ ਦੀ ਬਹੁਤ ਮੁਸ਼ਿਕਲ ਪੇਸ਼ ਆਉਂਦੀ ਸੀ। ਇਸ ਸਕੂਲ ਨੂੰ ਬਣਾਉਣ ਦੀ ਮੰਗ 10 ਸਾਲ ਪਹਿਲਾਂ ਰੱਖੀ ਗਈ ਸੀ।ਜਿਸਨੂੰ ਅੱਜ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਪੂਰਾ ਕੀਤਾ ਹੈ। ਉਹਨਾਂ ਕਿਹਾ ਕਿ ਜਿਹੜੇ ਕੰਮ ਪਿਛਲੇ 75 ਸਾਲਾਂ ਵਿੱਚ ਨਹੀਂ ਹੋਏ ਉਹ ਅੱਜ ਪਹਿਲ ਦੇ ਆਧਾਰ ਉੱਤੇ ਕਰਵਾਏ ਜਾ ਰਹੇ ਹਨ। ਉਹਨਾਂ ਕਿਹਾ ਕਿ ਲੌਂਗੋਵਾਲ ਸ਼ਹੀਦਾਂ ਦੀ ਧਰਤੀ ਹੈ ਜਿਸਨੂੰ ਕਦੇ ਵੀ ਅੱਖੋਂ ਪਰੋਖੇ ਨਹੀਂ ਕੀਤਾ ਜਾ ਸਕਦਾ। ਉਹਨਾਂ ਕਿਹਾ ਕਿ ਪਿਤਾ ਬਾਬੂ ਭਗਵਾਨ ਦਾਸ ਨੇ ਇਹੀ ਸਿੱਖਿਆ ਦਿੱਤੀ ਹੈ ਕਿ ਰਾਜਨੀਤੀ ਵਿੱਚ ਚੰਮ ਨਹੀਂ, ਕੰਮ ਪਿਆਰਾ ਹੋਣਾ ਚਾਹੀਦਾ ਹੈ। ਹਲਕੇ ਵਿੱਚ ਹਰੇਕ ਜ਼ਰੂਰੀ ਕੰਮ ਨੂੰ ਤਰਜੀਹੀ ਤੌਰ ਉੱਤੇ ਪੂਰਾ ਕੀਤਾ ਜਾ ਰਿਹਾ ਹੈ। ਅਗਲੇ ਇੱਕ ਸਾਲ ਵਿੱਚ ਇਲਾਕੇ ਦਾ ਕੋਈ ਵੀ ਕੰਮ ਬਕਾਇਆ ਨਹੀਂ ਰਹੇਗਾ। ਉਹਨਾਂ ਵਿਦਿਆਰਥਣਾਂ ਨੂੰ ਸੁਨਿਹਰੇ ਭਵਿੱਖ ਲਈ ਸ਼ੁਭ ਇੱਛਾਵਾਂ ਦਿੰਦਿਆਂ ਕਿਹਾ ਕਿ ਕਾਮਯਾਬ ਹੋਣ ਲਈ ਟੀਚੇ ਨਿਰਧਾਰਤ ਹੋਣੇ ਲਾਜ਼ਮੀ ਹੁੰਦੇ ਹਨ। ਉਹਨਾਂ ਉਮੀਦ ਪ੍ਰਗਟਾਈ ਕਿ ਜਲਦੀ ਹੀ ਇਸ ਸਕੂਲ ਤੋਂ ਪੜ੍ਹ ਕੇ ਬੱਚੀਆਂ ਵੱਖ ਵੱਖ ਖੇਤਰਾਂ ਵਿੱਚ ਆਪਣਾ ਅਤੇ ਪੰਜਾਬ ਦਾ ਨਾਮ ਰੌਸ਼ਨ ਕਰਨਗੀਆਂ। ਡਿਪਟੀ ਕਮਿਸ਼ਨਰ ਸ਼੍ਰੀ ਸੰਦੀਪ ਰਿਸ਼ੀ ਨੇ ਸੰਬੋਧਨ ਕਰਦਿਆਂ ਜਿੱਥੇ ਇਲਾਕਾ ਨਿਵਾਸੀਆਂ ਨੂੰ ਵਧਾਈ ਦਿੱਤੀ ਉਥੇ ਹੀ ਸੁਨਿਹਰੇ ਭਵਿੱਖ ਲਈ ਸ਼ੁਭ ਕਾਮਨਾਵਾਂ ਦਿੱਤੀਆਂ। ਉਹਨਾਂ ਕਿਹਾ ਕਿ ਚੰਗਾ ਬੁਨਿਆਦੀ ਢਾਂਚਾ ਮਿਲਣ ਨਾਲ ਬੱਚਿਆਂ ਦੇ ਆਤਮ ਵਿਸ਼ਵਾਸ ਵਿੱਚ ਵਾਧਾ ਹੋਇਆ ਹੈ ਅਤੇ ਗੱਲਬਾਤ ਦੇ ਸਲੀਕੇ ਵਿੱਚ ਵੱਡਾ ਬਦਲਾਅ ਆਇਆ ਹੈ। ਸਮਾਗਮ ਦੌਰਾਨ ਗੁਰਵਿੰਦਰ ਕੌਰ ਬਰਾੜ ਪ੍ਰਧਾਨ ਨਗਰ ਕੌਂਸਲ ਲੌਂਗੋਵਾਲ, ਅਵਤਾਰ ਸਿੰਘ ਈਲਵਾਲ ਚੇਅਰਮੈਨ ਨਗਰ ਸੁਧਾਰ ਟਰੱਸਟ ਸੰਗਰੂਰ, ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਤਰਵਿੰਦਰ ਕੌਰ, ਅੰਮ੍ਰਿਤਪਾਲ ਸਿੰਘ ਸਿੱਧੂ, ਸੁਖਪਾਲ ਸਿੰਘ, ਬਲਵਿੰਦਰ ਸਿੰਘ, ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਅਤੇ ਵਿਦਿਆਰਥਣਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸਹੀਦ ਬਾਬਾ ਸੁੱਧਾ ਸਿੰਘ ਜੀ ਅਕੈਡਮੀ ਵੱਲੋਂ 8 ਦਿਨ ਦਾ

# ਗੁਰਮਤਿ ਕੈਂਪ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ

## ਲੋੜਵੰਦ 25 ਪ੍ਰੀਵਾਰਾਂ ਨੂੰ ਸੂਟ ਤੇ ਦੋ ਦੋ ਹਜ਼ਾਰ ਰੁਪਏ ਦੀ ਸਹਾਇਤਾ ਦਿੱਤੀ ਗਈ-ਭਾਈ ਹਰਦੇਵ ਸਿੰਘ

ਜੰਡਿਆਲਾ ਗੁਰੂ 4 ਜੁਲਾਈ (ਕੁਲਵੰਤ ਸਿੰਘ ਵਿਰਦੀ) ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਸਿਧਾਂਤ ਦੇ ਪ੍ਰਥਾਏ ਬੀਤੇ ਦਿਨ ਗੁਰਦੁਆਰਾ ਸ਼ਹੀਦ ਬਾਬਾ ਸੁੱਧਾ ਸਿੰਘ ਜੀ ਪਿੰਡ ਦਕੋਹਾ ਜਿਲ੍ਹਾ ਗੁਰਦਾਸਪੁਰ ਵਿਖੇ ਪੁਰਾਤਨ ਅਤੇ ਵਰਤਮਾਨ ਦੇ ਸਮੂਹ ਸ਼ਹੀਦਾ ਦੀ ਯਾਦ ਵਿੱਚ 8 ਰੋਜ਼ਾ ਗੁਰਮਤਿ ਕੈਂਪ ਲਗਾਇਆ ਗਿਆ ਅਤੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਭੋਗ ਤੋਂ ਉਪਰੰਤ ਲੋੜਵੰਦ 25 ਪ੍ਰੀਵਾਰਾਂ ਨੂੰ ਦੋ ਦੋ ਹਜ਼ਾਰ ਰੁਪਏ ਅਤੇ ਸੂਟ ਦਿੱਤੇ ਗਏ ਇਸ ਸੰਬੰਧੀ ਜਾਣਕਾਰੀ ਦਿੰਦਿਆ ਹੋਇਆ ਸਹੀਦ ਬਾਬਾ ਸੁੱਧਾ ਸਿੰਘ ਜੀ ਅਕੈਡਮੀ ਦੇ ਸੰਚਾਲਕ ਭਾਈ ਹਰਦੇਵ ਸਿੰਘ ਨੇ ਕਿਹਾ ਕਿ ਗੁਰੂ ਸਾਹਿਬ ਜੀ ਨੇ ਸਾਨੂੰ ਕਿਰਤ ਕਰੋ ਵੰਡ ਛਕੋ ਦਾ ਹੁਕਮ ਕੀਤਾ ਅਤੇ ਆਪਣੀ ਕਿਰਤ ਕਮਾਈ ਵਿੱਚੋਂ ਦਸਵੰਧ ਦੀ ਮਾਇਆ ਲੋੜਵੰਦ ਬੇਸਹਾਰਿਆਂ ਉਪਰ ਖਰਚ ਕਰਨ ਲਈ ਉਪਦੇਸ਼ ਦਿੱਤਾ ਗਰੀਬ ਦਾ ਮੂੰਹ ਗੁਰੂ ਕੀ ਗੋਲਕ ਇਸ ਲਈ ਸਾਨੂੰ ਸਭ ਨੂੰ ਆਪਣੀ ਕਿਰਤ ਕਮਾਈ ਨੂੰ ਸਫਲ ਬਣਾਉਣ ਲਈ ਦਸਵੰਧ ਦੀ ਮਾਇਆ ਆਪਣੇ ਆਸ ਪਾਸ ਲੋੜਵੰਦ ਪ੍ਰੀਵਾਰਾਂ ਉਪਰ ਖਰਚ ਕਰਨੀ ਚਾਹੀਦੀ ਹੈ ਜਿਸ ਨਾਲ ਗੁਰੂ ਸਾਹਿਬ ਜੀ ਦੀਆਂ ਬਖਸਿਸਾਂ ਪ੍ਰਾਪਤ ਹੋਣਗੀਆਂ ਅਤੇ ਸਾਡਾ ਸੰਸਾਰ ਵਿੱਚ ਆਇਆ ਸਫਲ ਹੋਵੇਗਾ ਸੇਵਕ ਕਉ ਸੇਵਾ ਬਨਿ ਆਈ ਹੁਕਮ ਬੁਝਿ ਪਰਮ ਪਦੁ ਪਾਈ।



ਆਵਾਜ਼ਿ ਕੌਮ AWAZE QAUM International Newspaper & WEB TV

# ਫਾਸਟਵੇ ਨਿਊਜ ਦੇ ਪੱਤਰਕਾਰ ਸੁਖਜਿੰਦਰ ਸਿੰਘ ਸੋਨੂੰ ਬੀਤੇ ਦਿਨ ਹੋਏ ਭਿਆਨਕ ਐਕਸੀਡੈਂਟ ਚ ਹੋਏ ਜਖਮੀ ਈ.ਟੀ.ਓ ਨੇ ਹਸਪਤਾਲ ਪਹੁੰਚ ਜਾਣਿਆ ਹਾਲਚਾਲ



**ਜੰਡਿਆਲਾ ਗੁਰੂ, 4 ਜੁਲਾਈ (ਕੁਲਵੰਤ ਸਿੰਘ ਵਿਰਦੀ)**- ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਪੱਤਰਕਾਰ ਸੁਖਜਿੰਦਰ ਸਿੰਘ ਸੋਨੂੰ ਨੂੰ ਬੀਤੇ ਦਿਨੀਂ ਜੰਡਿਆਲਾ ਗੁਰੂ ਵਿਖੇ ਜੀ ਟੀ ਰੋਡ ਤੇ ਕਰਾਸਿੰਗ ਤੇ ਤੇਜ ਰਫਤਾਰ ਆਉਂਦੇ ਛੋਟੇ ਹਾਥੀ ਵੱਲੋ ਜੋਰਦਾਰ ਕੱਟ ਮਾਰਕੇ ਮੋਟਰਸਾਇਕਲ ਨੂੰ ਟੱਕਰ ਮਾਰ ਦਿੱਤੀ ਗਈ ਜਿਸ ਦੌਰਾਨ ਉਹਨਾਂ ਦੀ ਸੱਜੀ ਲੱਤ ਟੁੱਟ ਗਈ । ਉਹ ਆਪਣੀ ਫੈਮਲੀ ਨਾਲ ਮੋਟਰਸਾਈਕਲ ਤੇ ਅੰਮ੍ਰਿਤਸਰ ਜਾ ਰਹੇ ਸਨ ।ਤੁਰੰਤ ਉਨਾਂ ਨੂੰ ਭੰਡਾਰੀ ਹਸਪਤਾਲ ਜੰਡਿਆਲਾ ਗੁਰੂ ਵਿਖੇ ਦਾਖਲ ਕਰਵਾਇਆ ਗਿਆ ਜਿੱਥੇ ਉਹਨਾਂ ਦਾਂ ਇਲਾਜ ਚੱਲਿਆ ਅਤੇ ਬੀਤੇ ਦਿਨ ਉਹਨਾਂ ਦੀ ਸਿਹਤ ਦਾ ਪਤਾਂ ਲੈਣ ਲਈ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ.ਟੀ.ਓ ਉਚੇਚੇ ਤੌਰ ਤੇ ਪਹੁੰਚੇ ਤੇ ਹੋਰ ਧਾਰਮਿਕ ਸਮਾਜਿਕ ਜਥੇਬੰਦੀਆਂ ਦੇ ਨਾਲ ਜੰਡਿਆਲਾ ਗੁਰੂ ਦੇ ਸਾਰੇ ਪੱਤਰਕਾਰ ਭਾਈਚਾਰੇ ਵੱਲੋਂ ਉਹਨਾਂ ਦਾਂ ਹਾਲ ਚਾਲ ਪੁੱਛਿਆ ਗਿਆ ਤੇ ਕਿਹਾ ਪਰਮਾਤਮਾ ਸੁਖਜਿੰਦਰ ਸਿੰਘ ਸੋਨੂੰ ਛੇਤੀ ਠੀਕ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV

# ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਰੀਬ 01 ਕਰੋੜ 62 ਲੱਖ ਦੀ ਲਾਗਤ ਵਾਲੀਆਂ ਜਲ ਸਪਲਾਈ ਸਕੀਮਾਂ ਦੇ ਪਿੰਡ ਹੋਤੀਪੁਰ ਅਤੇ ਸ਼ਾਹਪੁਰ ਥੇੜੀ ਵਿਖੇ ਰੱਖੇ ਨੀਂਹ ਪੱਥਰ

## ਲੋਕਾਂ ਨੂੰ ਮਿਲੇਗਾ ਪੀਣ ਵਾਲਾ ਸ਼ੁੱਧ ਪਾਣੀ; ਲੋਕਾਂ ਦੀਆਂ ਚਿਰਕੋਣੀਆਂ ਮੰਗਾਂ ਹੋਈਆਂ ਪੂਰੀਆਂ





**ਲਹਿਰਾ( ਰਣਜੀਤ ਸਿੰਘ ਪੇਧਨੀ )**-ਵਿਧਾਨ ਸਭਾ ਹਲਕਾ ਲਹਿਰਾ ਦੇ ਪਿੰਡ ਹੋਤੀਪੁਰ ਅਤੇ ਸ਼ਾਹਪੁਰ ਥੇੜੀ ਵਿਖੇ ਪੀਣ ਵਾਲੇ ਪਾਣੀ ਦੀ ਸਮੱਸਿਆ ਦੇ ਪੱਕੇ ਹੱਲ ਲਈ ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਨੇ ਪਿੰਡ ਹੋਤੀਪੁਰ ਵਿਖੇ ਕਰੀਬ 88 ਲੱਖ ਰੁਪਏ ਅਤੇ ਪਿੰਡ ਸ਼ਾਹਪੁਰ ਥੇੜੀ ਵਿਖੇ ਕਰੀਬ 74 ਲੱਖ ਰੁਪਏ ਦੀ ਲਾਗਤ ਵਾਲੀਆਂ ਜਲ ਸਪਲਾਈ ਸਕੀਮਾਂ ਦੇ ਨੀਂਹ ਪੱਥਰ ਰੱਖੇ। ਇਹਨਾਂ ਸਕੀਮਾਂ ਤਹਿਤ ਇਹਨਾਂ ਪਿੰਡਾਂ ਵਿੱਚ ਟਿਊਬਵੈੱਲ, ਟੈਂਕੀ, ਵਾਟਰ ਸਪਲਾਈ ਕੁਨੈਕਸ਼ਨ, ਸੋਲਰ ਪੈਨਲ ਤੇ ਹੋਰ ਲੋੜੀਂਦਾ ਸਾਜੋ ਸਾਮਾਨ ਸਰਕਾਰ ਵੱਲੋਂ ਲਾਇਆ ਜਾਵੇਗਾ ਅਤੇ ਕਲੋਰੀਨ ਪਾ ਕੇ ਹੀ ਪਾਣੀ ਲੋਕਾਂ ਤਕ ਸਪਲਾਈ ਕੀਤਾ ਜਾਵੇਗਾ। ਲੋਕਾਂ ਨੂੰ ਪੂਰਾ ਸ਼ੁੱਧ ਪਾਣੀ ਮਿਲੇਗਾ ਤੇ ਇਸ ਨਾਲ ਉਹ ਬਿਮਾਰੀਆਂ ਤੋਂ ਵੀ ਬਚੇ ਰਹਿਣਗੇ। ਨੀਂਹ ਪੱਥਰ ਰੱਖਣ ਸਬੰਧੀ ਰੱਖੇ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਵਚਨਬੱਧ ਹੈ ਤੇ ਮੁਸ਼ਕਲਾਂ ਦੇ ਹੱਲ ਸਬੰਧੀ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ। ਇਸੇ ਲੜੀ ਤਹਿਤ ਇਹ ਪ੍ਰੋਜੈਕਟ ਲਿਆਂਦੇ ਗਏ ਹਨ, ਜਿਨ੍ਹਾਂ ਨੂੰ ਕਿ ਸਮਾਂਬੱਧ ਢੰਗ ਨਾਲ ਨੇਪਰੇ ਚਾੜ੍ਹਿਆ ਜਾਵੇਗਾ ਤੇ ਪ੍ਰੋਜੈਕਟਾਂ ਦੇ ਮਿਆਰ ਬਾਬਤ ਕੋਈ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਕੈਬਨਿਟ ਮੰਤਰੀ ਨੇ ਕਿਹਾ ਕਿ ਜਦੋਂ ਕਰਨ ਵਾਲਿਆਂ ਦੀ ਨੀਅਤ ਸਾਫ ਹੋਵੇ ਤਾਂ ਕਿਸੇ ਵੀ ਕੰਮ ਵਿੱਚ ਅੜਿੱਕਾ ਨਹੀਂ ਲਗਦਾ ਤੇ ਸਾਰੇ ਕਾਰਜ ਬਹੁਤ ਵਧੀਆ ਢੰਗ ਨਾਲ ਸਿਰੇ ਚੜ੍ਹਦੇ ਹਨ। ਪੰਜਾਬ ਸਰਕਾਰ ਵੀ ਨੇਕ ਨੀਅਤ ਨਾਲ ਦਿਨ ਰਾਤ ਇੱਕ ਕਰ ਕੇ ਪੰਜਾਬ ਦੀ ਤਰੱਕੀ ਲਈ ਕੰਮ ਕਰ ਰਹੀ ਹੈ। ਕੈਬਨਿਟ ਮੰਤਰੀ ਨੇ ਦੱਸਿਆ ਕਿ ਇਹਨਾਂ ਪ੍ਰੋਜੈਕਟਾਂ ਦੀ ਮੰਗ ਇਹਨਾਂ ਪਿੰਡ ਵਾਸੀਆਂ ਵੱਲੋਂ ਲੰਮੇ ਸਮੇਂ ਤੋਂ ਕੀਤੀ ਜਾ ਰਹੀ ਸੀ ਤੇ ਅੱਜ ਇਥੋਂ ਦੇ ਲੋਕਾਂ ਦੀ ਚਿਰਕੋਣੀ ਮੰਗ ਪੂਰੀ ਹੋਣ ਜਾ ਰਹੀ ਹੈ। ਕੈਬਨਿਟ ਮੰਤਰੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਿਰਮਾਣ ਕਾਰਜਾਂ ਦੀ ਖੁਦ ਨਿਗਰਾਨੀ ਕਰਨ ਅਤੇ ਜੇਕਰ ਕਿਤੇ ਕੋਈ ਤਰੁਟੀ ਲਗਦੀ ਹੈ ਤਾਂ ਫੌਰੀ ਉਹਨਾਂ ਦੇ ਧਿਆਨ ਵਿੱਚ ਲਿਆਂਦੀ ਜਾਵੇ। ਉਹਨਾਂ ਨੇ ਭਰੋਸਾ ਦਿਵਾਇਆ ਕਿ ਇਹ ਪ੍ਰੋਜੈਕਟ ਤੈਅ ਸਮੇਂ ਵਿੱਚ ਪੂਰੇ ਕਰ ਕੇ ਲੋਕ ਅਰਪਿਤ ਕੀਤੇ ਜਾਣਗੇ। ਉਹਨਾਂ ਆਖਿਆ ਕਿ ਪੰਜਾਬ ਸਰਕਾਰ ਨੇ ਅਪਣੇ ਹੁਣ ਤਕ ਦੇ ਕਾਰਜ ਕਾਲ ਦੌਰਾਨ ਮਿਸਾਲੀ ਕੰਮ ਕੀਤਾ ਹੈ ਤੇ ਅੱਗੇ ਵਿਕਾਸ ਕਾਰਜਾਂ ਵਿੱਚ ਹੋਰ ਤੇਜ਼ੀ ਲਿਆਂਦੀ ਜਾ ਰਹੀ ਹੈ। ਇਸ ਮੌਕੇ ਕੈਬਨਿਟ ਮੰਤਰੀ ਨੇ ਲੋਕਾਂ ਦੀਆਂ ਮੁਸ਼ਕਲਾਂ ਵੀ ਸੁਣੀਆਂ ਤੇ ਉਹਨਾਂ ਵਿਚੋਂ ਕਈ ਮੌਕੇ ਉੱਤੇ ਹੀ ਹੱਲ ਕੀਤੀਆਂ ਤੇ ਬਾਕੀਆਂ ਸਬੰਧੀ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ। ਇਸ ਮੌਕੇ ਪੀ.ਏ. ਰਾਕੇਸ਼ ਕੁਮਾਰ ਗੁਪਤਾ, ਸਰਪੰਚ ਲਵਜੀਤ ਸਿੰਘ ਪਿੰਡ ਹੋਤੀਪੁਰ, ਹਰਵਿੰਦਰ ਸਿੰਘ, ਬਲਾਕ ਪਧਾਨ ਬੂਟਾ ਸਿੰਘ, ਕਰਮਜੀਤ ਸਿੰਘ, ਜਸਵਿੰਦਰ ਸਿੰਘ, ਗੁਰਮੀਤ ਸਿੰਘ, ਸਾਹਿਬ ਸਿੰਘ ਕਾਵਲ ਸਿੰਘ, ਗੁਰਵਿੰਦਰ ਸਿੰਘ, ਨਿਸ਼ਾਨ ਸਿੰਘ, ਰਛਪਾਲ ਸਿੰਘ, ਬਲਜੀਤ ਸਿੰਘ, ਬਖਸ਼ੀਸ਼ ਸਿੰਘ ਸ਼ਾਹਪੁਰ ਥੈੜੀ, ਨਿਰਮਲ ਸਿੰਘ, ਸੁਖਜਿੰਦਰ ਸਿੰਘ, ਲਵਪੀਤ ਸਿੰਘ, ਬੱਬੂ ਸਿੰਘ, ਅਮਨ ਸਿੰਘ, ਬਾਵਾ ਸਿੰਘ, ਸਮੇਤ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀ, ਪਤਵੰਤੇ ਅਤੇ ਵੱਡੀ ਗਿਣਤੀ ਪਿੰਡ ਵਾਸੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV


### ਸਰਦਾਰ ਜੀ -3

# ਫਿਲਮ ਗੱਡ ਗਈ ਝੰਡੇ ਤੇ ਤੋੜ ਗਈ ਸਾਰੇ ਰਿਕਾਰਡ

**ਦਲਜੀਤ ਸਿੰਘ** ਦੋਸਾਂਝ ਦੀ ਫਿਲਮ ਸਰਦਾਰ ਜੀ -3 ਭਾਰਤ ਵਿਚ ਬੈਨ ਹੋਣ ਦੇ ਬਾਵਜੂਦ ਵੀ ਕਾਮਯਾਬੀਆਂ ਦੇ ਕੜਿੱਲ ਕੱਢੀ ਜਾ ਰਹੀ ਹੈ, ਸਫਲਤਾ ਦੇ ਝੰਡੇ ਗੱਡੀ ਜਾ ਰਹੀ ਹੈ । ਇਹ ਫਿਲਮ ਵਿਸ਼ਵ ਦੀਆਂ ਇਸ ਸਾਲ ਦੀਆਂ ਪਹਿਲੀਆਂ ਦਸ ਫਿਲਮਾਂ ਵਿਚ ਆਪਣਾ ਸਥਾਨ ਬਣਾ ਚੁੱਕੀ ਹੈ, ਪਾਕਿਸਤਾਨ ਵਿਚ ਪਹਿਲੇ ਦੋ ਦਿਨਾਂ ਵਿਚ ਹੀ ਦਸ ਤੋਂ ਬਾਰਾਂ ਕਰੋੜ ਰੁਪਏ ਦਾ ਬਿਜਨਸ ਕਰਕੇ, ਇਹ ਫਿਲਮ ਪਾਕਿਸਤਾਨ ਦੀ ਹੁਣ ਤੇਕ ਦੀ ਜਿਥੇ ਸਭ ਤੋਂ ਵੱਧ ਦੇਖੀ ਜਾਣ ਵਾਲੀ ਫਿਲਮ ਬਣ ਚੁੱਕੀ ਹੈ ਤੇ ਅਜੇ ਲਗਾਤਾਰ ਹਾਊਸ ਫੁੱਲ ਚੱਲ ਰਹੀ ਹੈ, ਉਥੇ ਇਹ ਵੀ ਦੱਸਣਾ ਜਰੂਰੀ ਬਣ ਜਾਂਦਾ ਹੈ ਕਿ ਪਾਕਿਸਤਾਨ ਚ ਸਲਮਾਨ ਖਾਨ ਦੀ ਫਿਲਮ 'ਸੁਲਤਾਨ' ਨੇ 11 ਕਰੋੜ ਦਾ ਬਿਜਨਸ ਕਈ ਹਫਤਿਆਂ ਬਾਅਦ ਕੀਤਾ ਸੀ ਜਦ ਕਿ "ਸਰਦਾਰ ਜੀ - 3 ਨੇ ਇਹ ਰਿਕਾਰਡ ਸਿਰਫ ਦੋ ਦਿਨਾਂ ਵਿਚ ਹੀ ਤੋੜ ਦਿੱਤਾ ਹੈ ।




ਅਮਰੀਕਾ, ਕਨੇਡਾ, ਇੰਗਲੈਂਡ, ਆਸਟਰੇਲੀਆ, ਨਿਊਜ਼ੀਲੈਂਡ ਅਤੇ ਪੂਰੇ ਯੂਰਪ ਵਿਚ "ਸਰਦਾਰ ਜੀ- 3" ਨੇ ਬੁਲੰਦੀਆਂ ਨੂੰ ਛੋਹਿਆ ਹੈ ਤੇ ਪੂਰੀ ਬੱਲੇ ਬੱਲੇ ਤੇ ਬਾਂ ਬਾਂ ਕਰਵਾ ਦਿੱਤੀ ਹੈ । ਦੱਸਿਆ ਜਾਂਦਾ ਹੈ ਕਿ ਲਾਂਚ ਹੋਣ ਤੋਂ 24 ਘੰਟੇ ਬਾਅਦ ਹੀ ਫਿਲਮ 15 ਕਰੋੜ ਡਾਲਰ ਦਾ ਬਿਜਨੈਸ ਕਰਕੇ ਪੰਜਾਬੀ ਦੀ ਪਹਿਲੀ ਸਭ ਤੋਂ ਵੱਧ ਦੇਖੀ ਜਾਣ ਵਾਲੀ ਫਿਲਮ ਦਾ ਇਤਿਹਾਸ ਸਿਰਜ ਗਈ ਹੈ ।



**ਸ਼ਿੰਗਾਰਾ ਸਿੰਘ ਢਿੱਲੋਂ (ਪ੍ਰੋ.)**

ਬੇਸ਼ੱਕ ਫਿਲਮ ਦੀ ਲਾਂਚ ਵੇਲੇ ਛੋਟੀਆਂ ਤੌੜੀਆਂ ਨੇ ਵੱਡੇ ਉਬਾਲੇ ਮਾਰੇ ਤੇ ਫਿਲਮ ਦਾ ਬਹੁਤ ਵਿਰੋਧ ਕੀਤਾ, ਜਿਹਨਾਂ ਵਿਚ ਮੀਕਾ ਸਿੰਘ, ਗੁਰੀ ਰੰਧਾਵਾ, ਪੀ ਬਰਾਕ ਅਤੇ ਨੀਰੂ ਬਾਜਵਾ ਦਾ ਨਾਮ ਪਹਿਲੇ ਨੰਬਰ ਉੱਤੇ ਆ ਰਿਹਾ ਹੈ, ਇਹਨਾਂ ਸਭਨਾਂ ਨੂੰ ਪੰਜਾਬੀਆਂ ਵਲੋਂ ਟਨਾਂ ਦੇ ਹਿਸਾਬ ਨਾਲ ਫਿੱਟ ਲਾਹਨਤਾਂ ਵੀ ਪਈਆਂ, ਪਰ ਦੂਸਰੇ ਪਾਸੇ ਫਿਲਮ ਅਭਿਨੇਤਰੀ ਕਰੀਨਾ ਕਪੂਰ, ਨਸੀਰੁਦੀਨ ਸ਼ਾਹ, ਐਮੀ ਵਿਰਕ, ਹੰਸ ਰਾਜ ਹੰਸ, ਬੱਬੂ ਮਾਨ ਤੇ ਹੋਰ ਬਹੁਤ ਸਾਰੇ ਚੋਟੀ ਦੇ ਕਲਾਕਾਰ ਦਲਜੀਤ ਦੁਸਾਂਝ ਦੇ ਹੱਕ ਵਿਚ ਵੀ ਨੰਗੇ ਧੜ ਨਿੱਤਰੇ ਹਨ ।

ਇਸੇ ਦੌਰਾਨ ਨਵੀਂ ਬਣ ਰਹੀ ਬੌਰਡਰ -2 ਫਿਲਮ, ਜਿਸ ਵਿਚ ਦਲਜੀਤ ਦੋਸਾਂਝ ਇਕ ਬੜਾ ਅਹਿਮ ਕਿਰਦਾਰ ਅਦਾ ਕਰ ਰਿਹਾ ਹੈ , ਬਾਰੇ ਵੀ ਇਕ ਅਫਵਾਂਹ ਬੜੇ ਜੋਰਾਂ 'ਤੇ ਚੱਲੀ ਕਿ ਉਸ ਫਿਲਮ ਵਿਚੋਂ ਦਲਜੀਤ ਨੂੰ ਬਾਹਰ ਕੱਢ ਦਿੱਤਾ ਜਾਵੇਗਾ, ਹੁਣ ਇਸ ਸਬੰਧੀ ਵੀ ਸਾਰਾ ਸੱਚ ਸਾਹਮਣੇ ਆਇਆ ਹੈ ਕਿ ਅਜਿਹੀ ਕੋਈ ਗੱਲ ਨਹੀਂ, ਉਕਤ ਫਿਲਮ ਦੀ ਸ਼ੂਟਿੰਗ ਸ਼ੁਰੂ ਹੋ ਚੁੱਕੀ ਹੈ ਤੇ ਦਲਜੀਤ ਉਸ ਫਿਲਮ ਵਾਸਤੇ ਸ਼ੂਟਿੰਗ ਕਰ ਰਿਹਾ ਹੈ ।

ਇਸ ਚੱਲ ਰਹੇ ਵਾਦ ਵਿਵਾਦ ਦੌਰਾਨ ਇਕ ਦੁੱਖਦ ਗੱਲ ਵੀ ਸਾਹਮਣੇ ਆਈ ਹੈ ਕਿ ਦਲਜੀਤ ਦੀ ਫਿਲਮ ਸਰਦਾਰ ਜੀ -3 ਸਬੰਧੀ ਛਿੱੜੇ ਬੇਲੌੜੇ ਵਾਦ ਵਿਵਾਦ ਸਬੰਧੀ ਪੰਜਾਬ ਦੀ ਕਿਸੇ ਇਕ ਵੀ ਸਾਹਿਤਕ ਜਥੇਬੰਦੀ ਵਲੋਂ ਹਾਅ ਦਾ ਨਾਅਰਾ ਨਹੀਂ ਮਾਰਿਆ ਗਿਆ । ਪੰਜਾਬੀ ਬੋਲੀ ਬਾਰੇ ਸਟੇਜਾਂ ਤੋਂ ਸੰਘ ਪਾੜਵੀਆਂ ਤਕਰੀਰਾਂ ਕਰਨ ਵਾਲਿਆਂ ਦੇ ਮੂੰਹ ਚ ਇਸ ਬੜੇ ਹੀ ਅਹਿਮ ਮਸਲੇ ਨੂੰ ਲੈ ਕੇ ਲਗਦਾ ਹੈ, ਦਹੀਂ ਜੰਮ ਗਿਆ ਕਿ ਕਿਸੇ ਇਕ ਨੇ ਵੀ ਕੋਈ ਮਾੜਾ ਮੋਟਾ ਵੀ ਬਿਆਨ ਨਹੀਂ ਦਿੱਤਾ ।

ਜੇਕਰ ਦੇਖਿਆ ਜਾਵੇ ਤਾਂ ਇਸ ਵਿਚ ਹੁਣ ਰੱਤੀ ਮਾਤਰ ਵੀ ਸੰਦੇਹ ਨਹੀਂ ਕਿ ਪੰਜਾਬੀ ਬੋਲੀ ਅਤੇ ਸੱਭਿਆਚਾਰ ਨੂੰ ਸੰਸਾਰ ਪੱਧਰ ਉੱਤੇ ਜਿੰਨਾ ਇਸ ਕਲਾਕਾਰ ਨੇ ਪਰੋਮੋਟ ਕੀਤਾ ਹੈ ਤੇ ਜਿਸ ਪੱਧਰ ਉਤੇ ਪਹੁੰਚਾਇਆ ਹੈ , ਇਹ ਉਸ ਦੀ ਬਹੁਤ ਵੱਡੀ ਦੇਣ ਹੈ। ਹੁਣ ਨੌਜਵਾਨ ਦੁਬਾਰਾ ਆਪਣੇ ਸੱਭਿਆਚਾਰ ਵੱਲ ਮੁੜਨ ਲੱਗੇ ਹਨ, ਪੱਛਮੀ ਲੋਕ ਪੰਜਾਬੀ ਗਾਣੇ ਗਾਉਂਦੇ ਤੇ ਉਹਨਾਂ ਗਾਣਿਆ ਦੀਆਂ ਦੀ ਧੁੰਨਾਂ ਉਤੇ ਨੱਚਦੇ, ਭੰਗੜਾ ਪਾਉਂਦੇ ਆਮ ਹੀ ਦੇਖੇ ਜਾ ਸਕਦੇ ਹਨ ।

ਪੰਜਾਬੀ ਸੰਸਕਾਰ ਕੀ ਹੁੰਦੇ ਹਨ, ਵੱਡੇ, ਛੋਟੇ ਤੇ ਬਰਾਬਰ ਦੇ ਨਾਲ ਕਿਵੇਂ ਬੋਲਣਾ ਵਰਤਣਾ ਹੈ ਤੇ ਮਹਿਮਾਨ ਨਿਵਾਜੀ ਦੇ ਨਾਲ ਨਾਲ ਰਿਸ਼ਤੇ ਕਿਵੇਂ ਨਿਭਾਉਣੇ ਹਨ, ਇਹ ਸਭ ਕੁੱਝ ਪੰਜਾਬੀ ਸੱਭਿਆਚਾਰ ਵਿਚੋ ਮਨਫੀ ਹੁੰਦਾ ਜਾ ਰਿਹਾ ਸੀ । ਦਲਜੀਤ ਦੀ ਸ਼ਖਸੀਅਤ ਦੇ ਅਸਰ ਨੇ ਸਾਡੇ ਨੌਜਵਾਨ ਨੂੰ ਮੁੜ ਆਪਣੀ ਪਰੰਪਰਾ ਨਾਲ ਜੁੜਨ ਦੀ ਪਰੇਰਣਾ ਦਿੱਤੀ ਹੈ ਜਿਸ ਦਾ ਅਸਰ ਵੀ ਪਰਤੱਖ ਦੇਖਿਆ ਜਾ ਸਕਦਾ ਹੈ । ਦਰਅਸਲ ਸਿੱਧੂ ਮੂਸੇਵਾਲਾ ਵੀ ਇਸੇ ਟਰੈਕ ਉਤੇ ਆਪਣੀ ਕਲਾ ਦਾ ਇਜਹਾਰ ਕਰ ਰਿਹਾ ਸੀ । ਏਹੀ ਕਾਰਨ ਰਿਹਾ ਕਿ ਸਾਡੇ ਨੌਜਵਾਨ ਅੱਜ ਵੀ ਉਸ ਦੀ ਪੂਜਾ ਕਰਦੇ ਹਨ । ਦਲਜੀਤ ਇਸ ਵੇਲੇ ਕਾਮਯਾਬੀ ਦੀ ਸ਼ਿਖਰ ਉੱਤੇ ਹੈ, ਜੇਕਰ ਪੰਜਾਬੀ ਭਾਈਚਾਰਾ ਉਸ ਨੂੰ ਇਸ ਵੇਲੇ ਆਪਣੀ ਫੁੱਲ ਸੁਪੋਰਟ ਦੇਵੇ ਤਾਂ ਇਹ ਪੂਰੇ ਵਿਸ਼ਵਾਸ਼ ਨਾਲ ਕਿਹਾ ਜਾ ਸਕਦਾ ਹੈ ਕਿ ਉਹ ਪੰਜਾਬੀ ਬੋਲੀ ਤੇ ਸੱਭਿਆਚਾਰ ਨੂੰ ਪੂਰੇ ਵਿਸ਼ਵ ਵਿਚ ਟੀਸੀ 'ਤੇ ਲੈ ਜਾਵੇਗਾ । ਕਨੇਡਾ ਦੀ ਟੋਰੰਟੋ ਯੂਨੀਵਰਸਿਟੀ ਨੇ ਦਲਜੀਤ ਦੇ ਨਾਮ ਤੇ ਇਕ ਕੋਰਸ ਸ਼ੁਰੂ ਕੀਤਾ ਹੈ ਜਿਸ ਰਾਹੀਂ ਬੱਚਿਆਂ ਨੂੰ ਪੰਜਾਬੀ ਸੱਭਿਆਚਾਰ ਨਾਲ ਜੋੜਨ ਦਾ ਯਤਨ ਕੀਤਾ ਜਾਵੇਗਾ। ਦੂਜੇ ਪਾਸੇ ਪੰਜਾਬ ਵਿਚ ਅਕਾਦਮਿਕ ਪੱਧਰ 'ਤੇ ਅਜਿਹਾ ਕੋਈ ਵੀ ਨਿੱਗਰ ਉੱਦਮ ਉਪਰਾਲਾ ਅਜੇ ਤੱਕ ਨਹੀਂ ਕੀਤਾ ਗਿਆ ।

ਕਿਸੇ ਵੀ ਕਲਾਕਾਰ ਦੀ ਜਾਤ ਸਿਰਫ ਉਸ ਦੀ ਕਲਾਕਾਰੀ ਹੁੰਦੀ ਹੈ, ਉਸ ਦੀ ਕੋਈ ਹੱਦ ਜਾਂ ਸਰਹੱਦ ਨਹੀਂ ਹੁੰਦੀ, ਉਹ ਤੇ ਨਦੀ ਦਾ ਛਮ ਛਮ ਵਹਿੰਦਾ ਨੀਰ ਹੁੰਦਾ ਏ, ਠੰਢੀ ਹਵਾ ਦਾ ਝੌਂਕਾ ਹੁੰਦਾ ਏ ਜਾਂ ਹਵਾ ਚ ਉਡਦਾ ਉਹ ਪੰਛੀ ਜਿਸ ਨੂੰ ਧਰਤੀ 'ਤੇ ਪਾਈਆ ਮਨੁੱਖੀ ਵੰਡੀਆਂ ਜਾਂ ਲਕੀਰਾਂ ਦੀ ਥਹੁ ਸਾਰ ਹੀ ਨਹੀਂ ਹੁੰਦੀ ਏ ਤੇ ਨਾ ਹੀ ਪ੍ਰਵਾਹ ਹੁੰਦੀ ਏ । ਦਲਜੀਤ ਦੋਸਾਂਝ ਵੀ ਕੁੱਝ ਇਸੇ ਤਰਾਂ ਦੀ ਤਾਸੀਰ ਵਾਲਾ ਕਲਾਕਾਰ ਹੈ, ਜੋ ਨਫਰਤ, ਈਰਖਾ ਅਤੇ ਮਜ਼ਬੀਅਤ ਦੇ ਵਿਰੋਧ ਤੋਂ ਬੇਬਾਕ ਤੇ ਬੇਪਰਵਾਹ ਹੋ ਕੇ ਇਕ ਹੋਰ ਨਵਾਂ ਦਿੱਸਹੱਦਾ ਸਥਾਪਤ ਕਰਨ ਲਈ ਵਾਹੋਦਾਹ ਆਪਣੀ ਅਗਲੀ ਮੰਜਿਲ ਵੱਲ ਵੱਧ ਰਿਹਾ ਹੈ।

ਅਗਲੀ ਗੱਲ ਇਹ ਵੇ ਕੇ ਦਲਜੀਤ ਨੇ ਆਪਣਾ ਨੈਤਿਕ ਫਰਜ ਸਮਝਕੇ ਕਿਸਾਨ ਮੋਰਚੇ ਦੀ ਖੁੱਲ੍ਹਕੇ ਮੱਦਦ ਕੀਤੀ, ਪੱਲਿਓਂ ਦੋ ਕਰੋੜ ਰੁਪਏ ਦੀ ਮੱਦਦ ਵੀ ਦਿੱਤੀ, ਪਰ ਹੈਰਾਨੀ ਵਾਲੀ ਗੱਲ ਇਹ ਹੈ ਕਿ ਹੁਣ ਜਦ ਉਸ ਦਾ ਅਤੇ ਉਸ ਦੀ ਫਿਲਮ ਦਾ ਬਿਨਾ ਵਜ੍ਹਾ ਵਿਰੋਧ ਹੋ ਰਿਹਾ ਹੈ ਤਾਂ ਬੱਤੀ ਕਿ ਛੱਤੀ ਕਿਸਾਨ ਜਥੇਬੰਦੀਆਂ ਵਿਚੋਂ ਕਿਸੇ ਇਕ ਦੇ ਨੇਤਾ ਨੇ ਨੀ ਸੱਚਿਓਂ ਝੂਠਿਓਂ ਉਸ ਦੇ ਹੱਕ ਵਿਚ ਹਾ ਦਾ ਨਾਹਰਾ ਨਹੀਂ ਮਾਰਿਆ, ਇਸ ਸੰਬੰਧੀ ਇਕ ਵੀ ਬਿਆਨ ਕਿਸੇ ਕਿਸਾਨ ਨੇਤਾ ਦਾ ਨਹੀਂ ਆਇਆ । ਦਰਅਸਲ ਔਖੇ ਵੇਲੇ ਪਤਾ ਲਗਦਾ ਕਿ ਕੌਣ ਕਿਥੇ ਖੜ੍ਹਾ, ਖੁਸ਼ੀ ਵੇਲੇ ਤਾਂ ਖੁਸਰੇ ਵੀ ਗਿੱਧਾ ਪਾਉਣ ਆ ਬਹੁੜਦੇ ਹਨ ।

ਸੌ ਗਜ ਰੱਸਾ, ਸਿਰੇ 'ਤੇ ਗੰਢ, ਮੁਕਦੀ ਗੱਲ ਇਹ ਕਿ ਦਲਜੀਤ ਦੋਸਾਂਝ ਦੀ ਕਾਮਯਾਬੀ ਬਹੁਤਿਆਂ ਦੀ ਈਰਖਾ ਦੀ ਅਗਨੀ ਬਣੀ ਹੋਈ ਹੈ, ਖਾਸ ਕਰਕੇ ਉਹਨਾਂ ਵਾਸਤੇ ਜੋ ਕਿਸੇ ਮਿਹਨਤ ਤੋਂ ਬਿਨਾ ਹੀ ਰਾਤੋ ਰਾਤ ਅਸਮਾਨ ਨੂੰ ਟਾਕੀ ਲਾਉਣ ਦਾ ਸੁਪਨਾ ਦੇਖ ਰਹੇ ਸਨ , ਪਰ ਉਹਨਾਂ ਵਾਸਤੇ ਚੰਗਾ ਏਹੀ ਹੋਵੇਗਾ ਕਿ ਜੇਕਰ ਉਹ ਦਲਜੀਤ ਨਾਲੋ ਅੱਧੀ ਮੱਹਨਤ ਵੀ ਕਰਨ ਤਾਂ ਉਹ ਵੀ ਸਫਲਤਾ ਦੀਆਂ ਟੀਸੀਆਂ ਉਤੇ ਪਹੁੰਚ ਸਕਦੇ ਹਨ । ਇਸ ਕਰਕੇ ਚੰਗਾ ਹੋਵੇਗਾ ਕਿ ਜੇਕਰ ਈਰਖਾ ਦੇ ਸਾੜੇ ਵਿਚ ਸੜਨ ਦੀ ਬਜਾਏ, ਈਰਖਾਲੂ, ਦਲਜੀਤ ਦੋਸਾਂਝ ਤੋਂ ਕੁੱਝ ਸਿੱਖਣ ਤੇ ਕਾਮਯਾਬੀ ਦੀ ਮੰਜਿਲ ਵੱਲ ਅੱਗੇ ਵਧਣ। ••

### ਗੁਰਦੁਆਰਾ ਬਾਬੇ ਸ਼ਹੀਦ ਨਿੱਜਰ ਵਿਖੇ

# ਸਾਲਾਨਾ ਜੋੜ ਮੇਲਾ ਸ਼ਰਧਾ ਨਾਲ ਮਨਾਇਆ



**ਚੌਕ ਮਹਿਤਾ, 4 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਬ ਡਵੀਜਨ ਬਾਬਾ ਬਕਾਲਾ ਸਾਹਿਬ ਦੇ ਪਿੰਡ ਨਿੱਜਰ ਵਿਖੇ ਹਰ ਸਾਲ ਵਾਂਗ ਐਤਕੀਂ ਵੀ ਗੁਰਦੁਆਰਾ ਬਾਬੇ ਸ਼ਹੀਦ ਵਿਖੇ ਸਾਲਾਨਾ ਜੋੜ ਮੇਲਾ ਸਾਧ ਸੰਗਤ ਦੇ ਸਹਿਯੋਗ ਨਾਲ ਸ਼ਰਧਾ ਪੂਰਵਕ ਮਨਾਇਆ ਗਿਆ, ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪ੍ਰੰਤ ਭਾਰੀ ਧਾਰਮਿਕ ਦੀਵਾਨ ਸਜਾਏ ਗਏ,ਜਿਸ ਵਿੱਚ ਪ੍ਰਸਿੱਧ ਰਾਗੀ-ਢਾਡੀ-ਪ੍ਰਚਾਰਕ ਜਥਿਆਂ ਨੇ ਸੰਗਤਾਂ ਨੂੰ ਗੁਰੂ ਜਸ ਸਰਵਣ ਕਰਾਇਆ ।ਇਸ ਮੌਕੇ ਭਾਈ ਗੁਰਪ੍ਰਤਾਪ ਸਿੰਘ ਪਦਮ ਢਾਡੀ ਜਥੇ ਦਾ ਜਰਮਨ ਦੇ ਐਨ.ਆਰ.ਆਈ. ਵੀਰਾਂ ਨੇ ਗੋਲਡ ਮੈਡਲ ਨਾਲ ਸਨਮਾਨਿਤ ਕੀਤਾ । ਅਖੀਰ 'ਚ ਪਿੰਡ ਨਿੱਜਰ ਤੇ ਫੇਰੂਮਾਨ ਦੀ ਟੀਮ ਵਿਚਕਾਰ ਕਬੱਡੀ ਦਾ ਸ਼ੋਅ ਮੈਚ ਕਰਾਇਆ ਗਿਆ । ਇਸ ਮੌਕੇ ਤਰਨਾ ਦਲ ਬਾਬਾ ਬਕਾਲਾ ਸਾਹਿਬ ਦੇ 16ਵੇਂ ਮੁਖੀ ਸਿੰਘ ਸਾਹਿਬ ਜ: ਬਾਬਾ ਜੋਗਾ ਸਿੰਘ ਜੀ ਨੇ ਵਿਸ਼ੇਸ਼ ਤੌਰ 'ਤੇ ਹਾਜਰੀ ਭਰੀ । ਇਸ ਮੌਕੇ ਪ੍ਰਬੰਧਕ ਕਮੇਟੀ ਨੇ ਸਿੰਘ ਸਾਹਿਬ ਜ: ਬਾਬਾ ਜੋਗਾ ਸਿੰਘ ਜੀ ਅਤੇ ਪ੍ਰਮੁੱਖ ਸਖਸ਼ੀਅਤਾਂ ਨੂੰ ਸਨਮਾਨਿਤ ਕੀਤਾ ।ਇਸ ਮੌਕੇ ਮੁੱਖ ਸੇਵਾਦਾਰ ਗੁਰਮੇਜ ਸਿੰਘ, ਹਰਪ੍ਰੀਤ ਸਿੰਘ, ਮਾਸਟਰ ਸੁਰਿੰਦਰ ਸਿੰਘ, ਬਾਬਾ ਲੱਖਾ ਸਿੰਘ, ਸੁਖਰਾਜ ਸਿੰਘ ਫੌਜੀ, ਨਰਿੰਦਰ ਸਿੰਘ, ਬਾਬਾ ਗੁਰਪਾਲ ਸਿੰਘ, ਗ੍ਰੰਥੀ ਭਾਈ ਪ੍ਰਮਜੀਤ ਸਿੰਘ, ਪ੍ਰਮਜੀਤ ਸਿੰਘ ਸ਼ਾਹ, ਰਾਜੂ ਫੌਜੀ, ਸੁਖਵੰਤ ਸਿੰਘ, ਕਵਲਜੀਤ ਸਿੰਘ ਫੌਜੀ, ਬਾਬਾ ਸਵਰਨ ਸਿੰਘ ਨਿੱਜਰ, ਸੂਬੇਦਾਰ ਹਰਜਿੰਦਰ ਸਿੰਘ ਨਿੱਜਰ, ਭਾਈ ਜਸਪਾਲ ਸਿੰਘ ਬਲਸਰਾਏ ਪ੍ਰਚਾਰਕ ਅਤੇ ਹੋਰ ਸੇਵਾਦਾਰਾਂ ਨੇ ਹਾਜਰੀ ਭਰੀ ।

ਆਵਾਜ਼ਿ ਕੌਮ AWAZE QAUM International Newspaper & WEB TV

# ਅਵਤਾਰ ਸਿੰਘ ਖੰਡਾ ਦੀ ਅਚਾਨਕ ਹੋਈ ਮੌਤ ਨੂੰ ਲੈ ਕੇ ਮੁੜ ਤੋਂ ਜਾਂਚ ਦੀ ਮੰਗ ਉਠੀ



ਨਵੀਂ ਦਿੱਲੀ 4 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਯੂਕੇ ਦੀ ਇਕ ਪ੍ਰਮੁੱਖ ਅਖ਼ਬਾਰ ਦ ਗਾਰਡੀਅਨ ਨੇ ਆਪਣੇ ਸੰਪਾਦਕੀ ਲੇਖ ਅੰਦਰ ਸਿੱਖ ਐਕਟੀਵਿਸਟ ਅਵਤਾਰ ਸਿੰਘ ਖੰਡਾ ਦੀ ਅਚਾਨਕ ਹੋਈ ਮੌਤ ਨੂੰ ਲੈ ਕੇ ਕਈ ਸ਼ੱਕ ਜ਼ਾਹਿਰ ਕੀਤੇ ਹਨ । ਜਾਰੀ ਕੀਤੇ ਗਏ ਲੇਖ ਮੁਤਾਬਿਕ ਉਨ੍ਹਾਂ ਦੇ ਪਰਿਵਾਰ ਵਲੋਂ ਉਨਾਂ ਦੀ ਮੌਤ ਸਬੰਧੀ ਨਵੀਂ ਛਾਣਬੀਣ ਦੀ ਮੰਗ ਕੀਤੀ ਗਈ ਹੈ। 2023 ਵਿੱਚ ਅਵਤਾਰ ਸਿੰਘ ਖੰਡਾ ਦੀ ਮੌਤ ਬਰਮਿੰਘਮ ਦੇ ਇੱਕ ਹਸਪਤਾਲ ਵਿੱਚ ਹੋਈ ਸੀ, ਜਿੱਥੇ ਉਹ ਬਿਮਾਰ ਹੋਣ ਤੋਂ ਬਾਅਦ ਦਾਖਲ ਕਰਵਾਇਆ ਗਿਆ ਸੀ। ਮੈਡੀਕਲ ਰਿਪੋਰਟ ਅਨੁਸਾਰ, ਮੌਤ ਦੀ ਵਜ੍ਹਾ ਐਕਿਊਟ ਮਾਈਲੋਇਡ ਲੀਕੈਮੀਆ (ਖੂਨ ਦੀ ਕੈਂਸਰ ਦੀ ਗੰਭੀਰ ਕਿਸਮ) ਦੱਸੀ ਗਈ ਸੀ । ਪਰਿਵਾਰ ਦੇ ਵਕੀਲ ਮਾਈਕਲ ਪੋਲਕ ਵਲੋਂ ਵੈਸਟ ਮਿਡਲੈਂਡਜ਼ ਕੋਰਨਰ ਲੁਈਸ ਹੰਟ ਨੂੰ ਭੇਜੇ ਗਏ ਪੱਤਰ ਵਿੱਚ ਕਿਹਾ ਗਿਆ ਹੈ ਕਿ ਅਵਤਾਰ ਸਿੰਘ ਖੰਡਾ ਦੀ ਮੌਤ ਦੀ ਜਾਂਚ ਦੌਰਾਨ ਨਰਵ ਏਜੰਟ, ਬਾਇਓਲੋਜੀਕਲ ਜਾਂ ਨਿਊਕਲੀਅਰ ਪਦਾਰਥਾਂ ਦੀ ਜਾਂਚ ਨਹੀਂ ਹੋਈ। ਉਨ੍ਹਾਂ ਮੰਗ ਕੀਤੀ ਕਿ ਪਹਿਲਾਂ ਲਿਆ ਗਿਆ ਇਨਕੁਆਰੀ ਨਾ ਖੋਲ੍ਹਣ ਦਾ ਫੈਸਲਾ ਵਾਪਸ ਲਿਆ ਜਾਏ । ਪੋਲਕ ਨੇ ਇਹ ਵੀ ਦੱਸਿਆ ਕਿ ਖੰਡਾ ਦੀ ਮੌਤ ਦੀ ਜਾਂਚ ਕਰਨ ਵਾਲੀ ਪੁਲਿਸ ਨੇ ਉਨ੍ਹਾਂ ਦੇ ਫੋਨ, ਲੈਪਟਾਪ, ਦੋਸਤਾਂ ਜਾਂ ਸਹਿਕਰਮੀਆਂ ਨਾਲ ਗੱਲਬਾਤ, ਘਰ ਦੀ ਤਲਾਸ਼ੀ ਜਾਂ ਹੋਰ ਸੰਭਾਵਤ ਹਮਲਿਆਂ ਦੀ ਜਾਣਕਾਰੀ ਨੂੰ ਵੀ ਨਜ਼ਰਅੰਦਾਜ਼ ਕੀਤਾ। ਇਹ ਮੌਤ ਉਸ ਸਮੇਂ ਹੋਈ ਜਦੋਂ ਭਾਰਤ ਵਿਰੁੱਧ ਵਿਦੇਸ਼ਾਂ ਵਿੱਚ ਸਿੱਖ ਐਕਟੀਵਿਸਟਾਂ ਉੱਤੇ ਹਮਲਿਆਂ ਦੀ ਲੰਬੀ ਲੜੀ ਚੱਲ ਰਹੀ ਸੀ। ਕੈਨੇਡਾ ਅਤੇ ਪਾਕਿਸਤਾਨ ਵਿੱਚ ਦੋ ਐਕਟੀਵਿਸਟਾਂ ਦੀ ਹੱਤਿਆ ਹੋਈ, ਜਦਕਿ ਅਮਰੀਕਾ ਵਿੱਚ ਹੋਰ ਇਕ ਐਕਟੀਵਿਸਟਾਂ ਉੱਤੇ ਹਮਲਾ ਹੋਇਆ, ਜੋ ਬੱਚ ਗਿਆ। ਪਰਿਵਾਰ ਵਲੋਂ ਨਿਯੁਕਤ ਕੀਤੇ ਗਏ ਫੋਰੈਂਸਿਕ ਪੈਥੋਲੋਜਿਸਟ ਡਾ. ਐਸ਼ਲੀ ਫੀਗਨ-ਅਰਲ ਨੇ ਆਪਣੇ ਰਿਪੋਰਟ ਵਿੱਚ ਕਿਹਾ ਕਿ ਹਸਪਤਾਲੀ ਟੈਸਟਾਂ ਵਿੱਚ ਜ਼ਿਹਰ ਦਾ ਸਿੱਧਾ ਕੋਈ ਨਤੀਜਾ ਨਹੀਂ ਮਿਲਆ, ਪਰ ਉਨ੍ਹਾਂ ਇਸ਼ਾਰਾ ਦਿੱਤਾ ਹੈ ਕਿ "ਕਈ ਖਾਸ ਜ਼ਿਹਰੀਲੇ ਪਦਾਰਥ ਪਿੱਛੇ ਕੋਈ ਵਿਸ਼ੇਸ਼ ਨਿਸ਼ਾਨ ਨਹੀਂ ਛੱਡਦੇ" ਅਤੇ ਜਦ ਤੱਕ ਸ਼ੱਕ ਨਾ ਹੋਵੇ, ਉਹ ਪਤਾ ਨਹੀਂ ਲੱਗਦੇ। ਡਾ. ਅਰਲ ਨੇ ਕਿਹਾ ਕਿ ਅਜਿਹੇ ਮਾਮਲੇ ਵਿੱਚ ਪੋਰਟਨ ਡਾਊਨ, ਕਿਊ ਗਾਰਡਨਜ਼ ਵਰਗੀਆਂ ਖਾਸ ਲੈਬਾਂ ਅਤੇ ਵਿਸ਼ੇਸ਼ ਅਨੁਭਵੀ ਵਿਗਆਨੀਆਂ ਦੀ ਮੱਦਦ ਲੈਣੀ ਪੈਂਦੀ ਹੈ। ਪੋਲਕ ਦੇ ਪੱਤਰ ਵਿੱਚ ਖੰਡਾ ਦੇ ਦੋਸਤ ਅਤੇ ਸਿੱਖ ਫੈਡਰੇਸ਼ਨ ਯੂਕੇ ਦੇ ਸਲਾਹਕਾਰ ਜਸਵਿੰਦਰ ਸਿੰਘ ਦਾ ਇੱਕ ਗਵਾਹ ਬਿਆਨ ਸ਼ਾਮਲ ਹੈ, ਜਿਸ ਨੇ ਕਿਹਾ ਕਿ ਵੈਸਟ ਮਿਡਲੈਂਡਜ਼ ਪੁਲਿਸ ਨੇ 2024 ਦੀ ਇੱਕ ਮੀਟਿੰਗ ਵਿੱਚ ਪੁਸ਼ਟੀ ਕੀਤੀ ਸੀ ਕਿ ਪੁਲਿਸ ਜਾਂਚ ਵਿੱਚ ਖੰਡਾ ਦੇ ਫੋਨ, ਲੈਪਟਾਪ ਦੀ ਸਮੀਖਿਆ ਕਰਨਾ, ਉਸਦੇ ਦੋਸਤਾਂ, ਸਹਿਕਰਮੀਆਂ ਨਾਲ ਗੱਲ ਕਰਨਾ, ਉਸਦੇ ਘਰ ਦੇ ਪਤੇ ਦੀ ਖੋਜ ਕਰਨਾ ਜਾਂ ਦੁਨੀਆ ਭਰ ਦੇ ਸਿੱਖ ਕਾਰਕੁਨਾਂ 'ਤੇ ਹਮਲਿਆਂ ਬਾਰੇ ਜਾਣਕਾਰੀ 'ਤੇ ਵਿਚਾਰ ਕਰਨਾ ਸ਼ਾਮਲ ਨਹੀਂ ਹੈ। ਸਿੱਖ ਜਥੇਬੰਦੀਆਂ ਨੇ ਵੀ ਇਹ ਮੰਗ ਕੀਤੀ ਹੈ ਕਿ ਅਵਤਾਰ ਸਿੰਘ ਖੰਡਾ ਦੀ ਮੌਤ ਦੀ ਨਿਆਂਪੂਰਕ ਜਾਂਚ ਹੋਣੀ ਚਾਹੀਦੀ ਹੈ ਤਾਂ ਜੋ ਸੱਚਾਈ ਸਾਹਮਣੇ ਆ ਸਕੇ ਅਤੇ ਇਨਸਾਫ ਮਿਲ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

## ਪੰਜਾਬੀ ਫਿਲਮਾਂ ਦੇ ਐਕਟਰ ਨਿਰਮਲ ਰਿਸ਼ੀ, ਪ੍ਰੋਡਿਊਸਰ, ਜਰਨੈਲ ਸਿੰਘ ਤੇ ਕਲਾਕਾਰ ਸੌਰਭ ਰਤਨ ਦੇ ਅਧਾਰਤ ਟੀਮ ਨੇ ਗੁਰਦੁਆਰਾ ਸਿੰਘਾਂ ਸ਼ਹੀਦਾਂ ਨੰਗਲ ਬੇਟ ਨੇੜੇ ਅੱਲੋਵਾਲ ਫਿਲੌਰ ਵਿਖੇ ਮੱਥਾ ਟੇਕਿਆ : ਭਾਈ ਵਿਰਸਾ ਸਿੰਘ ਖਾਲਸਾ



**ਜੰਡਿਆਲਾ ਗੁਰੂ 4 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਗੁਰਦੁਆਰਾ ਸਿੰਘਾਂ ਸ਼ਹੀਦਾਂ ਡੇਰਾ ਸੰਤ ਜਰਨੈਲ ਸਿੰਘ ਜੀ ਨੰਗਲ ਬੇਟ ਨੇੜੇ ਅੱਲੋਵਾਲ ਫਿਲੌਰ ਵਿਖੇ ਪੰਜਾਬੀ ਫਿਲਮਾਂ ਦੇ ਮਸ਼ਹੂਰ ਐਕਟਰ ਨਿਰਮਲ ਰਿਸ਼ੀ, ਪ੍ਰੋਡਿਊਸਰ ਜਰਨੈਲ ਸਿੰਘ ਤੇ ਕਲਾਕਾਰ ਸੌਰਭ ਰਤਨ ਦੇ ਅਧਾਰਤ ਫ਼ਿਲਮੀ ਟੀਮ ਨੇ ਆਪਣੇ ਸਾਥੀਆਂ ਸਮੇਤ ਮੱਥਾ ਟੇਕ ਕੇ ਮੁੱਖ ਪ੍ਰਬੰਧਕ ਸੰਤ ਬਾਬਾ ਸੁਖਵਿੰਦਰ ਸਿੰਘ ਜੀ ਤੋਂ ਅਸ਼ੀਰਵਾਦ ਪ੍ਰਾਪਤ ਕੀਤਾ ਅਤੇ ਮਹਾਪੁਰਸ਼ਾਂ ਵੱਲੋਂ ਗੁਰੂ ਘਰ ਦੀ ਮਰਯਾਦਾ ਅਨੁਸਾਰ ਆਈ ਹੋਈ ਸਾਰੀ ਟੀਮ ਨੂੰ ਫੁੱਲਾਂ ਦੇ ਹਾਰ ਤੇ ਸੀਰੀ ਪਾਓ ਦੇ ਕੇ ਨਿਵਾਜਿਆ ਤੇ ਫਿਲਮ ਦੀ ਚੜ੍ਹਦੀ ਕਲਾ ਦੀ ਅਰਦਾਸ ਕੀਤੀ , ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਗੁਰੂ ਘਰ ਦੇ ਮੁੱਖ ਪ੍ਰਬੰਧਕ ਸੰਤ ਬਾਬਾ ਸੁਖਵਿੰਦਰ ਸਿੰਘ ਜੀ ਨਾਲ ਇਸ ਸਬੰਧੀ ਜਾਣਕਾਰੀ ਹਾਸਲ ਕਰਨ ਤੋਂ ਉਪਰੰਤ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ, ਉਹਨਾਂ ਭਾਈ ਖਾਲਸਾ ਨੇ ਦੱਸਿਆ ਦੁਆਬਾ ਖੇਤਰ ਦੇ ਇਸ ਧਾਰਮਿਕ ਅਸਥਾਨ ਤੇ ਹਰ ਤਰ੍ਹਾਂ ਸਿਆਸੀ ਲੀਡਰ,ਕਿਸਾਨ ਜਥੇਬੰਦੀਆਂ ਦੇ ਆਗੂ ਹਮੇਸ਼ਾ ਹੀ ਨਕਸਮਤਕ ਹੁੰਦੇ ਰਹਿੰਦੇ ਹਨ ਅਤੇ ਅਰਦਾਸਾਂ ਕਰਾਉਂਦੇ ਹਨ,ਮੁੱਖ ਪ੍ਰਬੰਧਕ ਮਹਾਂਪੁਰਸ਼ ਸੰਤ ਸੁਖਵਿੰਦਰ ਸਿੰਘ ਜੀ,ਸੰਤ ਜਰਨੈਲ ਸਿੰਘ ਜੀ ਤੇ ਪ੍ਰਬੰਧਕੀ ਸੈਕਟਰੀ ਡਾਕਟਰ ਅਮਰਜੋਤ ਸਿੰਘ ਸੰਧੂ ਵੱਲੋਂ ਜਿਥੇ ਆਈਆਂ ਸਾਰੀਆਂ ਉੱਚ ਸ਼ਖ਼ਸੀਅਤਾਂ ਦਾ ਤਹਿ ਦਿਲੋਂ ਆਦਰ ਮਾਣ ਸਨਮਾਨ ਕੀਤਾ ਜਾਂਦਾ ਹੈ ਅਤੇ ਗੁਰੂ ਘਰ ਦੀ ਮਰਯਾਦਾ ਅਨੁਸਾਰ ਸੀਰੀ ਪਾਓ ਦੇ ਕੇ ਸਨਮਾਨਿਤ ਕੀਤਾ ਜਾਂਦਾ ਹੈ, ਭਾਈ ਖਾਲਸਾ ਨੇ ਦੱਸਿਆ ਇਸੇ ਕੜੀ ਤਹਿਤ ਕੱਲ ਪੰਬਾਬੀ ਫਿਲਮਾਂ ਦੀ ਟੀਮ ਵੱਲੋਂ ਗੁਰਦੁਆਰਾ ਸਿੰਘਾਂ ਸ਼ਹੀਦਾਂ ਨੰਗਲ ਬੇਟ ਨੇੜੇ ਅੱਲੋਵਾਲ ਫਿਲੌਰ ਵਿਖੇ ਬਹੁਤ ਸ਼ਰਧਾ ਭਾਵਨਾਵਾਂ ਤੇ ਉਤਸ਼ਾਹ ਨਾਲ ਜਿੱਥੇ ਮੱਥਾਂ ਟੇਕਿਆ ਗਿਆ ਉਥੇ ਮੁੱਖ ਪ੍ਰਬੰਧਕ ਸੰਤ ਬਾਬਾ ਸੁਖਵਿੰਦਰ ਸਿੰਘ ਜੀ ਤੋਂ ਫ਼ਿਲਮੀ ਦੀ ਚੜਦੀ ਕਲਾ ਲਈ ਅਰਦਾਸ ਕਰਵਾਈ ਗਈ, ਮਹਾਪੁਰਸ਼ਾਂ ਵੱਲੋਂ ਪੂਰੀ ਟੀਮ ਨੂੰ ਜੀਅ ਆਇਆਂ ਆਖਿਆ ਗਿਆ ਅਤੇ ਨਿੱਘਾ ਸੁਆਗਤ ਕਰਨ ਦੇ ਨਾਲ-ਨਾਲ ਸੀਰੀ ਪਾਓ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਗੁਰੂ ਕੇ ਲੰਗਰ ਚਾਹ ਪਾਣੀ ਛਕਾਇਆ ਗਿਆ , ਇਸ ਮੌਕੇ ਤੇ ਪੰਜਾਬੀ ਫਿਲਮਾਂ ਦੇ ਐਕਟਰ ਨਿਰਮਲ ਰਿਸ਼ੀ, ਪ੍ਰੋਡਿਊਸਰ ਜਰਨੈਲ ਸਿੰਘ, ਕਲਾਕਾਰ ਸੌਰਭ ਰਤਨ ਤੋ ਇਲਾਵਾ ਕਈ ਸ਼ਖ਼ਸੀਅਤਾਂ ਹਾਜ਼ਰ ਸਨ ਸਥਾਨਕ ਲੋਕਾਂ ਵੱਲੋਂ ਪੰਜਾਬੀ ਸਟਾਰਾ ਵੱਲੋਂ ਗੁਰਦੁਆਰਾ ਸਿੰਘਾਂ ਸ਼ਹੀਦਾਂ ਡੇਰਾ ਸੰਤ ਬਾਬਾ ਜਰਨੈਲ ਸਿੰਘ ਜੀ ਨੰਗਲ ਬੇਟ ਨੇੜੇ ਅੱਲੋਵਾਲ ਫਿਲੌਰ ਵਿਖੇ ਅਰਦਾਸ ਕਰਾਉਣ ਵਾਲੇ ਕਾਰਜ਼ ਦੀ ਬਹੁਤ ਹੀ ਸ਼ੋਭਾ ਕੀਤੀ ਜਾ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਅਕਾਲੀ ਦਲ (ਵਾਰਿਸ ਪੰਜਾਬ ਦੇ)

# ਪੰਜਾਬ ਦੇ ਲੋਕਾਂ ਲਈ ਬਣ ਰਿਹਾ ਨਵੀਂ ਆਸ ਦੀ ਕਿਰਨ





**ਫ਼ਤਹਿਗੜ੍ਹ ਚੂੜੀਆਂ 4 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿਚ ਜਿਉਂ ਜਿਉਂ ਲੋਕ ਨਿਰਾਸ਼ਾ ਅਤੇ ਧੱਕੇਸ਼ਾਹੀ ਤੋਂ ਤੰਗ ਆ ਰਹੇ ਹਨ, ਤਿਵੇਂ ਤਿਵੇਂ "ਅਕਾਲੀ ਦਲ ਵਾਰਿਸ ਪੰਜਾਬ ਦੇ" ਵੱਲ ਵਧ ਰਿਹਾ ਲੋਕਾਂ ਦਾ ਭਰੋਸਾ ਇਕ ਨਵੀਂ ਤੇ ਪੰਥਕ ਰਾਜਨੀਤੀ ਦੀ ਸੱਚਾਈ ਨੂੰ ਦਰਸਾਉਂਦਾ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਜਿਲਾ ਗੁਰਦਾਸਪੁਰ ਵਿੱਚ ਪੈਂਦੇ ਹਲਕਾ ਫਤਹਿਗੜ੍ਹ ਚੂੜੀਆਂ ਦੇ ਪਿੰਡਾਂ ਦੇ ਦੌਰੇ ਦੌਰਾਨ ਹਲਕੇ ਦੇ ਸੇਵਾਦਾਰ ਭਾਈ ਜੁਗਰਾਜ ਸਿੰਘ ਲਾਲਾਨੰਗਲ ਅਤੇ ਅੰਮ੍ਰਿਤਸਰ ਤੋਂ ਵਿਸ਼ੇਸ਼ ਤੌਰ ਤੇ ਪਹੁੰਚੇ ਭਾਈ ਸ਼ਮਸ਼ੇਰ ਸਿੰਘ ਪੱਧਰੀ ਅਤੇ ਭਾਈ ਸਵਰਨ ਸਿੰਘ ਜੀ ਗੋਲਡਨ ਨੇ ਕੀਤਾ। ਇਸ ਮੌਕੇ ਉਹਨਾਂ ਦੇ ਨਾਲ ਜਥੇਦਾਰ ਹਰਜੀਤ ਸਿੰਘ ਲਾਲਾਨੰਗਲ, ਭਾਈ ਦਲਵਿੰਦਰ ਸਿੰਘ ਡੋਗਰ, ਬਾਬਾ ਗੁਰਵੰਤ ਸਿੰਘ ਝੰਜੀਆਂ ਕਲਾਂ, ਭਾਈ ਹਰਪ੍ਰੀਤ ਸਿੰਘ ਲੰਗਰਵਾਲ, ਸ੍ਰ ਬਲਰਾਜ ਸਿੰਘ ਲੰਗਰਵਾਲ, ਸ੍ਰ ਹਰਚੰਦ ਸਿੰਘ ਜਾਂਗਲਾ, ਬਾਬਾ ਪ੍ਰਕਾਸ਼ ਸਿੰਘ ਵੀਹਲਾ, ਡਾਕਟਰ ਸੱਤਪਾਲ ਸਿੰਘ, ਸ੍ਰ ਦਿਲਬਾਗ ਸਿੰਘ ਝੰਜੀਆਂ ਕਲਾਂ, ਸ੍ਰ ਮਨਜੀਤ ਸਿੰਘ ਲਾਡੀ, ਸ੍ਰ ਦਲਜੀਤ ਸਿੰਘ ਬੱਦੋਵਾਲ, ਲੰਬੜਦਾਰ ਸਤਨਾਮ ਸਿੰਘ ਡੋਗਰ, ਸ੍ਰ ਬਲਰਾਜ ਸਿੰਘ ਤਲਵੰਡੀ ਭਰਥ, ਸ੍ਰ ਮੇਜਰ ਸਿੰਘ ਅਲੀਵਾਲ ਜੱਟਾ, ਸ੍ਰ ਦਵਿੰਦਰ ਸਿੰਘ ਬੁੱਲੋਵਾਲ, ਬਾਬਾ ਜੁਗਰਾਜ ਸਿੰਘ ਤਲਵੰਡੀ ਅਤੇ ਹਰਿੰਦਰਪਾਲ ਸਿੰਘ ਕੋਟਲੀ ਢਾਡੀਆਂ ਵੀ ਮੌਜੂਦ ਸਨ। ਉਹਨਾਂ ਨੇ ਵੱਖ-ਵੱਖ ਪਿੰਡਾਂ ਦੇ ਦੌਰਿਆਂ ਦੌਰਾਨ ਸਾਂਝੇ ਰੂਪ ਵਿੱਚ ਬੋਲਦਿਆਂ ਹੋਇਆਂ ਕਿਹਾ ਕਿ ਪੰਥਕ, ਨੈਤਿਕ ਅਤੇ ਆਦਰਸ਼ਕ ਮੁੱਲਾਂ ਉੱਤੇ ਆਧਾਰਤ ਇਹ ਅੰਦੋਲਨ ਹੁਣ ਇਕ ਜਨਅੰਦੋਲਨ ਦਾ ਰੂਪ ਧਾਰਨ ਕਰ ਚੁੱਕਾ ਹੈ। ਪਾਰਟੀ ਦੇ ਮੁੱਖ ਆਗੂ ਭਾਈ ਅੰਮ੍ਰਿਤਪਾਲ ਸਿੰਘ ਦੀ ਪੰਜਾਬੀ ਨੌਜਵਾਨਾਂ ਲਈ ਪੰਥਕ ਤੇ ਜੁਝਾਰੂ ਸੋਚ ਨੇ ਹਰ ਵਰਗ ਦੇ ਲੋਕਾਂ ਨੂੰ ਉਨ੍ਹਾਂ ਵੱਲ ਖਿੱਚਿਆ ਹੈ। ਚਾਹੇ ਕਿਸਾਨ ਹੋਣ ਜਾਂ ਮਜ਼ਦੂਰ, ਵਿਦਿਆਰਥੀ ਹੋਣ ਜਾਂ ਵਪਾਰੀ, ਹਰ ਪਾਸੇ ਪਾਰਟੀ ਲਈ ਉਤਸ਼ਾਹ ਅਤੇ ਸਮਰਥਨ ਵਧ ਰਿਹਾ ਹੈ। ਅਕਾਲੀ ਦਲ ( ਵਾਰਿਸ ਪੰਜਾਬ ਦੇ ) ਦੀ ਟੀਮ ਵੱਲੋਂ ਵੱਖ-ਵੱਖ ਪਿੰਡਾਂ ਦਾ ਦੌਰੇ ਦੌਰਾਨ ਪਿੰਡਾਂ ਵਿੱਚ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਦਾ ਲੋਕਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ ਅਤੇ ਲੋਕਾਂ ਨੇ ਪਾਰਟੀ ਦੀ ਨੀਤੀ ਅਤੇ ਨੈਤਿਕ ਮਿਸ਼ਨ ਨਾਲ ਸਹਿਮਤ ਹੋ ਕੇ ਪੂਰਾ ਸਾਥ ਦੇਣ ਦਾ ਭਰੋਸਾ ਦਿੱਤਾ। ਇਸ ਮੌਕੇ ਤੇ ਲੋਕ ਆਪਣੀ ਸਵੈ-ਇੱਛਾ ਨਾਲ ਪਾਰਟੀ ਵਿਚ ਸ਼ਾਮਲ ਹੋ ਰਹੇ ਹਨ। ਆਮ ਲੋਕਾਂ ਦੀ ਸ਼ਮੂਲੀਅਤ ਨੇ ਸਾਬਤ ਕਰ ਦਿੱਤਾ ਹੈ ਕਿ ਪੰਜਾਬ ਦੀ ਜਨਤਾ ਹੁਣ ਪੰਜਾਬ ਵਿੱਚ ਪੰਥਕ ਰਹਿਨੁਮਾਈ ਚਾਹੁੰਦੀ ਹੈ। ਇਸ ਮੌਕੇ ਤੇ ਆਗੂਆਂ ਨੇ ਬੋਲਦਿਆਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਕਦੇ ਵੀ ਕੁਰਸੀ ਲਈ ਰਾਜਨੀਤੀ ਨਹੀਂ ਕਰੇਗਾ। ਸਾਡਾ ਮਕਸਦ ਇੱਕ ਐਸਾ ਪੰਜਾਬ ਬਣਾਉਣਾ ਹੈ ਜਿੱਥੇ ਹਰ ਨੌਜਵਾਨ ਨੂੰ ਰੁਜ਼ਗਾਰ ਮਿਲੇ, ਹਰ ਕਿਸਾਨ ਨੂੰ ਇੱਜ਼ਤ ਮਿਲੇ, ਅਤੇ ਹਰ ਘਰ ਵਿਚ ਸੁੱਖ-ਚੈਨ ਹੋਵੇ। ਉਹਨਾਂ ਕਿਹਾ ਕਿ ਪਾਰਟੀ ਵੱਲੋਂ ਨਿਰੰਤਰ ਜ਼ਿਲ੍ਹਾ ਤੇ ਹਲਕਾ ਪੱਧਰ 'ਤੇ ਮੀਟਿੰਗਾਂ, ਰੋਡ ਸ਼ੋਅ ਤੇ ਪੰਥਕ ਸੰਮੇਲਨ ਰਾਹੀਂ ਲੋਕਾਂ ਨਾਲ ਤਾਲਮੇਲ ਬਣਾਇਆ ਜਾ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### 2027 ਵਿੱਚ ਭਾਈ ਅੰਮ੍ਰਿਤਪਾਲ ਸਿੰਘ ਹੋਣਗੇ ਪੰਜਾਬ ਦੀ ਰਾਜਨੀਤੀ ਦਾ ਮੁੱਖ ਚਿਹਰਾ : ਲਾਲਾਨੰਗਲ, ਗੋਲਡਨ ਤੇ ਪੱਧਰੀ



ਧੰਨ ਧੰਨ ਬਾਬਾ ਚੰਨਣ ਜੀ ਦੇ ਧਾਰਮਿਕ ਜੋੜ ਮੇਲੇ ਨੂੰ ਸਮਰਪਿਤ ਧੰਨ ਧੰਨ ਬਾਬਾ ਜੀਵਨ ਸਿੰਘ ਜੀ ਪ੍ਰਬੰਧਕ ਕਮੇਟੀ ਵੱਲੋਂ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਤੇ ਬਲਵਿੰਦਰ ਸਿੰਘ ਖਾਲਸਾ, ਚੇਅਰਮੈਨ ਸਤਨਾਮ ਸਿੰਘ ਨਾਹਰਾ, ਸਾਬਕਾ ਸਰਪੰਚ ਪਰਗਟ ਸਿੰਘ, ਬਾਬਾ ਸਾਹਿਬ ਸਿੰਘ, ਜਗਰੂਪ ਸਿੰਘ , ਬਾਬਾ ਬੀਰ ਸਿੰਘ ਪਹਿਲਵਾਨ ਬਲਦੇਵ ਸਿੰਘ ਆਗਿ ਸੇਵਾਦਾਰ ਹਾਜਰ ਸਨ। **( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)**

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਗੁਰੂ ਨਾਨਕ ਪਬਲਿਕ ਸਕੂਲ ਦੇ ਬੱਚਿਆਂ ਨੇ ਖਾਣਾ ਪਕਾਉਣ ਦੀ ਗਤੀਵਿਧੀ ਤਹਿਤ ਰਸੋਈ ਹੁਨਰ ਅਤੇ ਉਤਸ਼ਾਹ ਦਾ ਕੀਤਾ ਪ੍ਰਦਰਸ਼ਨ



**ਨਵੀਂ ਦਿੱਲੀ 4 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**:- ਗੁਰੂ ਨਾਨਕ ਪਬਲਿਕ ਸਕੂਲ ਰਾਜੌਰੀ ਗਾਰਡਨ ਵਿਖ਼ੇ 12ਵੀਂ ਜਮਾਤ ਦੇ ਵਿਦਿਆਰਥੀਆਂ ਨੇ ਆਪਣੇ ਗਰਮੀਆਂ ਦੇ ਕੈਂਪ ਦੌਰਾਨ ਰਵਾਇਤੀ ਮਸਾਲਿਆਂ ਅਤੇ ਪਕਵਾਨਾਂ 'ਤੇ ਕੇਂਦ੍ਰਿਤ ਇੱਕ ਖਾਣਾ ਪਕਾਉਣ ਦੀ ਗਤੀਵਿਧੀ ਵਿੱਚ ਆਪਣੇ ਰਸੋਈ ਹੁਨਰ ਅਤੇ ਉਤਸ਼ਾਹ ਦਾ ਪ੍ਰਦਰਸ਼ਨ ਕੀਤਾ। ਇਹ ਪ੍ਰੋਗਰਾਮ ਇੱਕ ਸ਼ਾਨਦਾਰ ਸਫਲਤਾ ਸੀ, ਜਿਸ ਵਿੱਚ ਵਿਦਿਆਰਥੀਆਂ ਨੇ ਸਰਗਰਮੀ ਨਾਲ ਹਿੱਸਾ ਲਿਆ ਅਤੇ ਆਪਣੀ ਰਚਨਾਤਮਕਤਾ ਦਾ ਪ੍ਰਦਰਸ਼ਨ ਕੀਤਾ। ਇਸ ਮੌਕੇ ਬੱਚਿਆਂ ਨੇ ਕਈ ਤਰ੍ਹਾਂ ਦੇ ਹੁਨਰ ਦਾ ਪ੍ਰਦਰਸ਼ਨ ਕੀਤਾ ਜਿਨ੍ਹਾਂ ਵਿਚ " ਵਿਭਿੰਨ ਪਕਵਾਨ" ਤਹਿਤ ਵਿਦਿਆਰਥੀਆਂ ਨੇ ਭਾਰਤ ਦੇ ਵੱਖ-ਵੱਖ ਖੇਤਰੀ ਪਕਵਾਨਾਂ, ਜਿਵੇਂ ਕਿ ਉੱਤਰੀ ਭਾਰਤੀ, ਦੱਖਣੀ ਭਾਰਤੀ ਅਤੇ ਪੂਰਬੀ ਭਾਰਤੀ, ਦੀ ਨੁਮਾਇੰਦਗੀ ਕਰਦੇ ਹੋਏ ਕਈ ਤਰ੍ਹਾਂ ਦੇ ਪਕਵਾਨ ਤਿਆਰ ਕੀਤੇ। "ਰਵਾਇਤੀ ਮਸਾਲੇ" ਤਹਿਤ ਵਿਦਿਆਰਥੀਆਂ ਨੇ ਰਵਾਇਤੀ ਮਸਾਲਿਆਂ ਅਤੇ ਹਲਦੀ, ਜੀਰਾ, ਧਨੀਆ, ਅਤੇ ਹੋਰ ਬਹੁਤ ਸਾਰੇ ਪਕਵਾਨਾਂ ਵਿੱਚ ਉਨ੍ਹਾਂ ਦੀ ਵਰਤੋਂ ਬਾਰੇ ਆਪਣੀ ਸਮਝ ਦਾ ਪ੍ਰਦਰਸ਼ਨ ਕੀਤਾ। "ਰਸੋਈ ਹੁਨਰ" ਤਹਿਤ ਵਿਦਿਆਰਥੀਆਂ ਨੇ ਤਿਆਰੀ ਤੋਂ ਲੈ ਕੇ ਪੇਸ਼ਕਾਰੀ ਤੱਕ ਪ੍ਰਭਾਵਸ਼ਾਲੀ ਰਸੋਈ ਹੁਨਰ ਦਾ ਪ੍ਰਦਰਸ਼ਨ ਕੀਤਾ, ਆਪਣੀ ਰਚਨਾਤਮਕਤਾ ਅਤੇ ਵਿਸਥਾਰ ਵੱਲ ਧਿਆਨ ਦਾ ਪ੍ਰਦਰਸ਼ਨ ਕੀਤਾ। ਵਿਦਿਆਰਥੀਆਂ ਨੇ ਟੀਮਾਂ ਵਿੱਚ ਕੰਮ ਕੀਤਾ, ਸਹਿਯੋਗ ਨੂੰ ਉਤਸ਼ਾਹਿਤ ਕੀਤਾ ਅਤੇ ਭਰੋਸੇ ਨਾਲ ਆਪਣੇ ਪਕਵਾਨ ਪੇਸ਼ ਕੀਤੇ, ਰਵਾਇਤੀ ਮਸਾਲਿਆਂ ਅਤੇ ਪਕਵਾਨਾਂ ਬਾਰੇ ਆਪਣਾ ਗਿਆਨ ਸਾਂਝਾ ਕੀਤਾ। ਖਾਣਾ ਪਕਾਉਣ ਦੀ ਗਤੀਵਿਧੀ ਇੱਕ ਵੱਡੀ ਸਫਲਤਾ ਸੀ, ਜਿਸਨੇ ਵਿਦਿਆਰਥੀਆਂ ਨੂੰ ਰਵਾਇਤੀ ਮਸਾਲਿਆਂ ਅਤੇ ਪਕਵਾਨਾਂ ਬਾਰੇ ਸਿੱਖਣ ਦਾ ਇੱਕ ਮਜ਼ੇਦਾਰ ਅਤੇ ਦਿਲਚਸਪ ਤਰੀਕਾ ਪ੍ਰਦਾਨ ਕੀਤਾ। ਇਸ ਪ੍ਰੋਗਰਾਮ ਨੇ ਵਿਦਿਆਰਥੀਆਂ ਦੀ ਸਿਰਜਣਾਤਮਕਤਾ, ਟੀਮ ਵਰਕ ਅਤੇ ਰਸੋਈ ਹੁਨਰ ਦਾ ਪ੍ਰਦਰਸ਼ਨ ਕੀਤਾ, ਜਿਸ ਨਾਲ ਇਹ ਸਾਰੇ ਭਾਗੀਦਾਰਾਂ ਲਈ ਇੱਕ ਯਾਦਗਾਰੀ ਅਨੁਭਵ ਬਣ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਡੈਂਗੂ ਦੇ ਖਾਤਮੇ ਲਈ ਹਰ ਇੱਕ ਦੀ ਸਾਂਝੀ ਜ਼ੁੰਮੇਵਾਰੀ -ਐਸ ਆਈ ਅਸ਼ੋਕ ਕੁਮਾਰ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸਿਵਲ ਸਰਜਨ ਸੰਗਰੂਰ ਡਾਕਟਰ ਸੰਜੇ ਕਾਮਰਾ ਜੀ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਅਤੇ ਜਿਲਾਂ ਐਪੀਡੀਮੋਲੋਜਿਸਟ ਡਾਕਟਰ ਉਪਾਸਨਾ ਬਿੰਦਰਾਂ ਜੀ ਅਤੇ ਐਸ ਐਮ ਓ ਸੁਦੀਪ ਸਿੱਧੂ ਜੀ ਦੀ ਯੋਗ ਅਗਵਾਈ ਅਤੇ ਅਸ਼ੋਕ ਕੁਮਾਰ ਐਸ ਆਈ ਗੁਰਜੰਟ ਸਿੰਘ ਐਸ ਆਈ ਦੀ ਸੁਪਰਵੀਜਨ ਵਿੱਚ ਸੈਕਟਰ ਕਾਂਝਲਾ ਆਧੀਨ ਬਾਲੀਆਂ,ਕਿਲਾਂ ਹਕੀਮਾਂ,ਲੱਡਾਂ,ਕਾਂਝਲਾ,ਬੇਨੜਾ ਦੇ ਹੌਟ ਸਪੌਟ ਏਰੀਏ ਆਦਿ ਵਿਖੇ ਡ੍ਰਾਈ ਡੇ ਐਕਟੀਵਿਟੀ ਕੀਤੀ ਗਈ। ਜਿਸ ਦੌਰਾਨ ਅਸ਼ੋਕ ਕੁਮਾਰ ਐਸ ਅ ਆਈ ਅਤੇ ਗੁਰਜੰਟ ਸਿੰਘ ਐਸ ਆਈ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਡੈਂਗੂ ਇੱਕ ਵਾਇਰਲ ਬੁਖਾਰ ਹੈ ਜੋ ਏਡੀਜ ਅਜਿਪਟੀ ਨਾਮ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ ਇਹ ਮੱਛਰ ਹਮੇਸ਼ਾ ਸਾਫ਼ ਅਤੇ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ।ਇਹ ਮੱਛਰ ਕੂਲਰ ਦੇ ਪਾਣੀ ਵਿੱਚ ਅਤੇ ਫਰਿੱਜਾਂ ਪਿੱਛੇ ਲੱਗੀਆਂ ਟਰੇਆਂ,ਗਮਲਿਆਂ,ਕੰਨਟੇਨਰਾ,ਖੈਲਾ ਛੱਤ ਤੇ ਪਏ ਕਬਾੜ ਟਾਇਰਾਂ ਆਦਿ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ਇਸ ਲਈ ਸਾਨੂੰ ਇੱਕ ਹਫਤੇ ਤੋਂ ਪਹਿਲਾਂ ਪਹਿਲਾਂ ਇਹਨਾਂ ਬਰਤਨਾਂ ਵਿੱਚਲਾ ਪਾਣੀ ਬਦਲ ਦੇਣਾ ਚਾਹੀਦਾ ਹੈ ਅਤੇ ਬਰਤਨਾਂ ਨੂੰ ਪੂਰੀ ਤਰ੍ਹਾਂ ਸਾਫ਼ ਕਰ ਕੇ ਚੰਗੀ ਤਰ੍ਹਾਂ ਸੁੱਕਾ ਕੇ ਫਿਰ ਪਾਣੀ ਪਾਇਆ ਜਾਵੇ ਇਹ ਮੱਛਰ ਸਵੇਰੇ ਸ਼ਾਮ ਕੱਟਦਾ ਹੈ ਇਸ ਲਈ ਸਵੇਰੇ ਸ਼ਾਮ ਪੂਰੇ ਕੱਪੜੇ ਪਹਿਨਣੇ ਚਾਹੀਦੇ ਹਨ ਜੇ ਕਰ ਕਿਸੇ ਵਿਆਕਤੀ ਨੂੰ ਤੇਜ਼ ਸਿਰ ਦਰਦ ਅਤੇ ਤੇਜ਼ ਬੁਖਾਰ,ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ,ਮਾਸ ਪੇਸ਼ੀਆਂ ਅਤੇ ਜੋੜਾਂ ਵਿੱਚ ਦਰਦ,ਜੀ ਕੱਚਾ ਹੋਣਾ ਅਤੇ ਉਲਟੀਆਂ,ਹਾਲਤ ਖ਼ਰਾਬ ਹੋਣ ਤੇ ਨੱਕ,ਮੂੰਹ ਅਤੇ ਮਸੂੜਿਆਂ ਵਿੱਚੋਂ ਖ਼ੂਨ ਵੱਗਣਾ ਆਦਿ ਤਾਂ ਸਾਨੂੰ ਡੈਂਗੂ ਹੋਣ ਦੀਆਂ ਸੰਭਾਨਾਵਾਂ ਹੋ ਸਕਦੀਆਂ ਹਨ ਇਹਨਾਂ ਹਾਲਤਾਂ ਵਿੱਚ ਮਰੀਜ਼ ਨੂੰ ਵੱਧ ਤੋਂ ਵੱਧ ਤਰਲ ਪਦਾਰਥ ਦੇਣੇ ਚਾਹੀਦੇ ਹਨ ਅਤੇ ਮਰੀਜ਼ ਨੂੰ ਵੱਧ ਤੋਂ ਵੱਧ ਆਰਾਮ ਕਰਨਾ ਚਾਹੀਦਾ ਹੈ ਅਤੇ ਮਰੀਜ ਦੇ ਖਾਣਾ ਹਲਕਾ ਦੇਣਾ ਚਾਹੀਦਾ ਹੈ ਜੇ ਕਰ ਮਰੀਜ਼ ਦੀ ਹਾਲਤ ਖ਼ਰਾਬ ਲੱਗੇ ਤਾਂ ਮਰੀਜ਼ ਨੂੰ ਨੇੜੇ ਦੇ ਸਿਹਤ ਕੇਂਦਰ ਨਾਲ ਸੰਪਰਕ ਕਰਨਾ ਚਾਹੁੰਦਾ ਹੈ ।ਸਾਰੇ ਸਰਕਾਰੀ ਹਸਪਤਾਲਾਂ ਵਿੱਚ ਡੈਂਗੂ ਦਾ ਟੈਸਟ ਅਤੇ ਇਲਾਜ ਬਿਲਕੁਲ ਮੁਫ਼ਤ ਕੀਤਾ ਜਾਂਦਾ ਹੈ ।ਟੀਮ ਮੈਂਬਰ ਹਰਜੀਤ ਸਿੰਘ, ਅਮਰੀਕ ਸਿੰਘ , ਗੁਰਵਿੰਦਰ ਸਿੰਘ,ਜਸਵਿੰਦਰ ਸਿੰਘ,ਗੁਰਪ੍ਰੀਤ ਸਿੰਘ ਮ,ਪ,ਹ,ਵ (ਮ) ਅਤੇ ਲਖਵੀਰ ਕੌਰ ਸੀ ਐਚ ਓ ਅਤੇ ਕੁਲਵਿੰਦਰ ਕੌਰ,ਕੁਲਦੀਪ ਕੌਰ ਆਸਾ ਵਰਕਰ ਹਾਜ਼ਰ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV

### ਸਰਨਾ ਤੇ ਉਸਦੇ ਨਾਲ ਬੀਹੜ ਵਿਖੇ ਸਕੂਲ ਅੰਦਰ ਗਏ ਦੋਸ਼ੀਆਂ ਖਿਲਾਫ

# ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ: ਕਾਲਕਾ/ਕਾਹਲੋਂ

ਨਵੀਂ ਦਿੱਲੀ, 3 ਜੁਲਾਈ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਅਕਾਲੀ ਦਲ ਬਾਦਲ ਦੇ ਆਗੂ ਪਰਮਜੀਤ ਸਿੰਘ ਸਰਨਾ ਵੱਲੋਂ ਫਤਿਹਾਬਾਦ ਦੇ ਬੀਹੜ ਵਿਚ ਵਿਖੇ ਦਿੱਲੀ ਕਮੇਟੀ ਦੇ ਸਕੂਲ ਵਿਚ ਜਾ ਕੇ ਚੌਂਕੀਦਾਰ ਨਾਲ ਮੰਦੀ ਸ਼ਬਦਾਵਲੀ ਵਰਤਣ ਦੀ ਜ਼ੋਰਦਾਰ ਨਿਖੇਧੀ ਕਰਦਿਆਂ ਕਿਹਾ ਹੈ ਕਿ ਸਰਨਾ ਨੇ ਆਪਣਾ ਦਿਮਾਗੀ ਤਵਾਜ਼ਨ ਗੁਆ ਲਿਆ ਹੈ।




ਇਥੇ ਇਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਸਾਲ 1996 ਵਿਚ ਇਸ ਸਕੂਲ ਦਾ ਨੀਂਹ ਪੱਥਰ ਰੱਖਿਆ ਗਿਆ। ਉਹਨਾਂ ਦੱਸਿਆ ਕਿ ਕੋਰੋਨਾ ਕਾਲ ਆਉਣ 'ਤੇ 200 ਦੇ ਕਰੀਬ ਬੱਚੇ ਉਥੇ ਪੜ੍ਹਦੇ ਸਨ, ਉਹ ਸਕੂਲ ਛੱਡ ਗਏ। ਉਹਨਾਂ ਦੱਸਿਆ ਕਿ ਅਸੀਂ ਉਸ ਸਕੂਲ ਵਿਚ ਬੱਚੇ ਦਾਖਲ ਕਰਵਾਉਣ ਵਾਸਤੇ ਮਾਪਿਆਂ ਨੂੰ ਪ੍ਰੇਰਿਤ ਕੀਤਾ। ਉਹਨਾਂ ਦੱਸਿਆ ਕਿ ਸੰਨ 2000 ਵਿਚ ਇਹਨਾਂ ਨੇ ਉਥੇ ਉਸਾਰੀ ਕੀਤੀ ਤੇ 2002 ਵਿਚ ਨਰਸਰੀ ਬਲਾਕ ਬਣਾਇਆ ਜੋ ਕਦੇ ਸ਼ੁਰੂ ਨਹੀਂ ਹੋਇਆ। ਪ੍ਰਾਇਮਰੀ ਸੈਕਸ਼ਨ ਦੇ ਬੱਚੇ ਜੋ ਫੇਲ੍ਹ ਹੋਏ, ਉਹ ਉਥੇ ਦਾਖਲ ਕਰਵਾਏ। ਇਸੇ ਤਰ੍ਹਾਂ ਕਾਲਜ ਦੀ ਇਮਾਰਤ ਸਾਲ 2009 ਵਿਚ ਸ਼ੁਰੂ ਕੀਤੀ ਜੋ ਕਦੇ ਵੀ ਪੂਰੀ ਨਹੀਂ ਹੋ ਸਕੀ। ਸਰਦਾਰ ਹਰਮੀਤ ਸਿੰਘ ਕਾਲਕਾ ਤੇ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਬਹੁਤ ਹੀ ਹੈਰਾਨੀ ਵਾਲੀ ਗੱਲ ਹੈ ਕਿ ਪਰਮਜੀਤ ਸਿੰਘ ਸਰਨਾ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਧਿਕਾਰੀਆਂ ਨੂੰ ਨਾਲ ਲਿਜਾ ਕੇ ਸਕੂਲ 'ਤੇ ਜ਼ਬਰੀ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ ਅਤੇ ਐਲਾਨ ਕੀਤਾ ਕਿ ਇਸ ਸਕੂਲ ਨੂੰ ਸ਼੍ਰੋਮਣੀ ਕਮੇਟੀ ਚਲਾਵੇਗੀ। ਉਹਨਾਂ ਕਿਹਾ ਕਿ ਸਰਦਾਰ ਸਰਨਾ ਪਹਿਲਾਂ ਸ਼੍ਰੋਮਣੀ ਕਮੇਟੀ ਨੂੰ ਇਹ ਤਾਂ ਆਖਣ ਕਿ ਉਹ ਆਪਣੇ ਬੰਦ ਹੋਏ ਅਦਾਰੇ ਸੰਭਾਲੇ। ਉਹਨਾਂ ਕਿਹਾ ਕਿ ਦਿੱਲੀ ਕਮੇਟੀ ਦੇ ਅਦਾਰੇ ਦਿੱਲੀ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਦਿੱਲੀ ਕਮੇਟੀ ਚਲਾ ਰਹੀ ਹੈ ਤੇ ਹਮੇਸ਼ਾ ਚਲਾਉਂਦੀ ਰਹੇਗੀ। ਉਹਨਾਂ ਕਿਹਾ ਕਿ ਉਹ ਉਮਰ ਦਾ ਲਿਹਾਜ਼ ਕਰਦਿਆਂ ਪਰਮਜੀਤ ਸਿੰਘ ਸਰਨਾ ਖਿਲਾਫ ਕੋਈ ਇਤਰਾਜ਼ਯੋਗ ਸ਼ਬਦਾਵਲੀ ਨਹੀਂ ਵਰਤਣਾ ਚਾਹੁੰਦੇ ਪਰ ਸਰਨਾ ਦੇ ਵਿਹਾਰ ਨੇ ਸਪਸ਼ਟ ਕਰ ਦਿੱਤਾ ਹੈ ਕਿ ਉਹਨਾਂ ਨੇ ਦਿਮਾਗੀ ਤਵਾਜ਼ਨ ਗੁਆ ਲਿਆ ਹੈ। ਉਹਨਾਂ ਕਿਹਾ ਕਿ ਸਰਨਾ ਤੇ ਉਹਨਾਂ ਦੇ ਨਵੇਂ ਬਣੇ ਸਾਥੀ ਮਨਜੀਤ ਸਿੰਘ ਜੀ.ਕੇ. ਦਾ ਇਕ ਨੁਕਾਤੀ ਏਜੰਡਾ ਇਹੀ ਹੈ ਕਿ ਉਹ ਸਵੇਰੇ ਉਠਦਿਆਂ ਹੀ ਦਿੱਲੀ ਗੁਰਦੁਆਰਾ ਕਮੇਟੀ ਨੂੰ ਬਦਨਾਮ ਕਰਨ ਵਿਚ ਲੱਗ ਜਾਂਦੇ ਹਨ। ਉਹਨਾਂ ਕਿਹਾ ਕਿ ਉਹ ਕਮੇਟੀ ਖਿਲਾਫ ਬਹੁਤ ਹੀ ਇਤਰਾਜ਼ਯੋਗ ਸ਼ਬਦਾਵਲੀ ਵਰਤਦੇ ਹਨ ਜੋ ਬਹੁਤ ਹੀ ਨਿੰਦਣਯੋਗ ਹੈ।

ਉਹਨਾਂ ਕਿਹਾ ਕਿ ਇਹ ਲੋਕ ਸੰਗਤ ਨੂੰ ਗੁੰਮਰਾਹ ਕਰਨਾ ਚਾਹੁੰਦੇ ਹਨ ਤੇ ਹੁਣ ਗੁੰਡਾਗਰਦੀ 'ਤੇ ਉਤਰ ਆਏ ਹਨ। ਉਹਨਾਂ ਕਿਹਾ ਕਿ ਇਹਨਾਂ ਲੋਕਾਂ ਕੋਲ ਸ਼੍ਰੋਮਣੀ ਕਮੇਟੀ ਦਾ ਪੈਸਾ ਤੇ ਗੁੰਡੇ ਹਨ ਤੇ ਇਹਨਾਂ ਕੋਲ ਸ਼ਰਾਬ ਨਾਲ ਕਮਾਇਆ ਪੈਸਾ ਹੈ। ਉਹਨਾਂ ਕਿਹਾ ਕਿ ਦਿੱਲੀ ਦੀ ਸੰਗਤ ਨੇ ਸ਼ਰਾਬ ਦੇ ਕਾਰੋਬਾਰੀਆਂ ਨੂੰ ਬਾਹਰ ਕੱਢਿਆ ਹੈ ਤੇ ਇਹ ਕਦੇ ਵੀ ਗੁਰੂ ਘਰਾਂ ਵਿਚ ਵੜ੍ਹਨ ਨਹੀਂ ਦਿੱਤੇ ਜਾਣਗੇ। ਫਤਿਹਾਬਾਦ ਦੇ ਬੀਹੜ ਵਿਚ ਦਿੱਲੀ ਗੁਰਦੁਆਰਾ ਕਮੇਟੀ ਦੀ ਜਾਇਦਾਦ ਹੈ ਜਿਸ ਵਿਚ ਇਕ ਸਕੂਲ ਵਿਚ ਹੈ ਤੇ ਕਾਲਜ ਦੇ ਨਾਂ 'ਤੇ ਢਾਂਚਾ ਵੀ ਖੜ੍ਹਾ ਕੀਤਾ ਹੋਇਆ ਹੈ। ਉਹਨਾਂ ਕਿਹਾ ਕਿ ਅਸੀਂ ਇਸ ਮਾਮਲੇ ਨੂੰ ਗੰਭੀਰਤਾ ਨਾਲ ਲਿਆ ਹੈ ਤੇ ਸਰਨਾ ਤੇ ਉਸਦੇ ਨਾਲ ਗਏ ਦੋਸ਼ੀਆਂ ਖਿਲਾਫ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ਜੋ ਉਹ ਸਾਰੀ ਉਮਰ ਯਾਦ ਰੱਖਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

### ਦਿੱਲੀ ਕਮੇਟੀ ਨੌਵੇਂ ਪਾਤਸ਼ਾਹ ਜੀ ਦੇ ਨਾਮ ਬੋਲਦੀਆਂ

# ਇਤਿਹਾਸਿਕ ਥਾਵਾਂ 'ਤੇ ਬਣੀਆਂ ਸੰਸਥਾਵਾਂ ਨੂੰ ਬਰਬਾਦ ਕਰਕੇ ਵੇਚਣ ਦੇ ਰਾਹ ਤੁਰੀ: ਸਰਨਾ/ਜੀਕੇ



ਨਵੀਂ ਦਿੱਲੀ 4 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ ਨੇ ਇੱਕ ਪ੍ਰੈਸ ਕਾਨਫਰੰਸ ਦੌਰਾਨ ਕਿਹਾ ਕਿ ਹਰਿਆਣਾ ਦੇ ਫਤਿਆਬਾਦ ਦੇ ਨੇੜੇ ਬੀਘੜ ਵਿੱਚ ਜੋ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਨਾਮ ਤੇ ਤਿੰਨ ਸੌ ਏਕੜ ਜ਼ਮੀਨ ਦਿੱਲੀ ਸਿੱਖ ਗੁਰਦਵਾਰਾ ਪ੍ਰਬੰਧਕ ਕਮੇਟੀ ਦੀ ਹੈ । ਜਦੋਂ ਦਿੱਲੀ ਦੀ ਸੰਗਤ ਨੇ ਸਾਨੂੰ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਰਾਹੀਂ ਸੇਵਾ ਸੰਭਾਲ ਦਾ ਮੌਕਾ ਦਿੱਤਾ ਤਾਂ ਉਸ ਵੇਲੇ ਅਸੀਂ ਸਿੱਖ ਪੰਥ ਦੀ ਦਰਵੇਸ਼ ਆਗੂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਤਤਕਾਲੀ ਪ੍ਰਧਾਨ ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਜੀ ਦੇ ਹੱਥੋਂ ਇਸ ਸਰਮਾਏ ਦਾ ਯੋਗ ਇਸਤੇਮਾਲ ਕਰਦੇ ਹੋਏ ਸਾਡੇ ਬੱਚਿਆਂ ਦੇ ਚੰਗੇ ਭਵਿੱਖ ਲਈ ਇਸ ਜ਼ਮੀਨ ਤੇ ਸ੍ਰੀ ਗੁਰੂ ਤੇਗ ਬਹਾਦਰ ਇੰਟਰਨੈਸ਼ਨਲ ਪਬਲਿਕ ਸਕੂਲ ਬਣਾਉਣ ਲਈ ਮਿਤੀ 11 ਜੁਲਾਈ 1996 ਨੂੰ ਨੀਂਹ ਪੱਥਰ ਰਖਵਾਇਆ ਤੇ ਇਸ ਜ਼ਮੀਨ ਤੇ ਆਲੀਸ਼ਾਨ ਇਮਾਰਤ ਤਿਆਰ ਕੀਤੀ ਤੇ ਇਹ ਸਕੂਲ ਤੇ ਇਸਦੇ ਨਾਲ ਹੀ ਇੰਜੀਨੀਅਰਿੰਗ ਕਾਲਜ ਸਫਲਤਾਪੂਰਵਕ ਚਲਾਏ । ਪਰ ਅਸੀਂ ਜਦੋਂ ਕੱਲ੍ਹ ਉਸ ਸੰਸਥਾ ਨੂੰ ਦੇਖਣ ਗਏ ਤਾਂ ਦੇਖ ਕੇ ਬਹੁਤ ਦੁੱਖ ਹੋਇਆ ਕਿ ਦਿੱਲੀ ਕਮੇਟੀ ਨੂੰ ਜੋਕਾਂ ਵਾਂਗ ਚੁੰਬੜੇ ਬੈਠੇ ਭ੍ਰਿਸ਼ਟ ਟੋਲੇ ਨੇ ਜਿਸ ਤਰ੍ਹਾਂ ਦਿੱਲੀ ਅੰਦਰ ਸਿੱਖ ਸੰਸਥਾਵਾਂ ਨੂੰ ਬਰਬਾਦ ਕੀਤਾ ਹੈ । ਉਹੀ ਹਾਲਤ ਹਰਿਆਣੇ 'ਚ ਸਥਿਤ ਇਸ ਸੰਸਥਾ ਦੀ ਕੀਤੀ ਹੈ । ਜੋ ਹੁਣ ਖੰਡਰ ਬਣਦੀ ਜਾ ਰਹੀ ਹੈ । ਪਹਿਲਾਂ ਮਨਜਿੰਦਰ ਸਿੰਘ ਸਿਰਸਾ ਵਰਗਿਆਂ ਨੇ ਇਸ ਸੰਸਥਾ ਨੂੰ ਆਪਣੇ ਹਿੱਤਾਂ ਲਈ ਬਰਬਾਦ ਕੀਤਾ ਤੇ ਹੁਣ ਹਰਮੀਤ ਸਿੰਘ ਕਾਲਕਾ ਤੇ ਉਸਦੇ ਮੈਂਬਰ ਕਰ ਰਹੇ ਹਨ । ਅੱਜ ਇੱਕ ਪਾਸੇ ਸਮੁੱਚੀ ਕੌਮ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਮਨਾਉਣ ਜਾ ਰਹੀ ਹੈ । ਉਥੇ ਹੀ ਦਿੱਲੀ ਕਮੇਟੀ ਨੌਵੇਂ ਪਾਤਸ਼ਾਹ ਜੀ ਦੇ ਨਾਮ ਬੋਲਦੀਆਂ ਇਤਿਹਾਸਿਕ ਥਾਵਾਂ ਤੇ ਬਣੀਆਂ ਸੰਸਥਾਵਾਂ ਨੂੰ ਬਰਬਾਦ ਕਰਕੇ ਵੇਚਣ ਦੇ ਰਾਹ ਤੁਰੀ ਹੋਈ ਹੈ । ਦਿੱਲੀ ਕਮੇਟੀ ਦੱਸੇ ਕਿ ਉਹ ਕਿਸ ਮੂੰਹ ਨਾਲ ਸ਼ਹੀਦੀ ਸ਼ਤਾਬਦੀ ਦੇ ਸਮਾਗਮ ਉਲੀਕ ਰਹੀ ਹੈ ਜਦੋਂ ਗੁਰੂ ਸਾਹਿਬ ਦੇ ਨਾਮ ਤੇ ਬਣੀਆਂ ਸੰਸਥਾਵਾਂ ਉਹ ਆਪ ਤਬਾਹ ਕਰ ਰਹੀ ਹੈ । ਦਿੱਲੀ ਕਮੇਟੀ ਦੇ ਸਰਕਾਰੀ ਸਰਪ੍ਰਸਤੀ ਨਾਲ ਬਣੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਨੇ ਇਹ ਅਕ੍ਰਿਤਘਣ ਹੋਣ ਦਾ ਸਿਖਰ ਦਿਖਾਇਆ ਹੈ ਕਿ ਜਿਸ ਜਥੇਦਾਰ ਗੁਰਚਰਨ ਸਿੰਘ ਟੌਹੜਾ ਦੀ ਬਦੌਲਤ ਇਹ ਸਿਆਸਤ ਵਿੱਚ ਆਇਆ ਸੀ ਉਸੇ ਜਥੇਦਾਰ ਟੌਹੜਾ ਦੇ ਲਗਾਏ ਬੂਟੇ ਨੂੰ ਇਹ ਅੱਜ ਉਜਾੜਨ ਲੱਗਿਆ ਹੋਇਆ ਹੈ । ਜੇਕਰ ਅੱਜ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਵਿੱਤੀ ਪ੍ਰਬੰਧ ਡਾਵਾਂਡੋਲ ਹੋਇਆ ਹੈ ਤਾਂ ਉਸਦੇ ਲਈ ਮਨਜਿੰਦਰ ਸਿੰਘ ਸਿਰਸਾ , ਹਰਮੀਤ ਸਿੰਘ ਕਾਲਕਾ ਤੇ ਜਗਦੀਪ ਸਿੰਘ ਕਾਹਲੋਂ ਵਰਗੇ ਜ਼ਿੰਮੇਵਾਰ ਹਨ । ਇਸ ਲਈ ਚਾਹੀਦਾ ਤੇ ਇਹ ਹੈ ਕਿ ਇਹਨਾਂ ਦੀਆਂ ਗੁਰੂ ਦੀ ਗੋਲਕ ਲੁੱਟ ਕੇ ਬਣਾਈਆਂ ਜਾਇਦਾਦਾਂ ਨੂੰ ਨਿਲਾਮ ਕਰਕੇ ਹੋਏ ਨੁਕਸਾਨ ਦੀ ਭਰਪਾਈ ਕੀਤੀ ਜਾਵਾ । ਪਰ ਇਹ ਲੋਕ ਗੁਰੂ ਘਰਾਂ ਦੀਆਂ ਜਾਇਦਾਦਾਂ ਵੇਚਣ ਦੇ ਰਾਹ ਤੁਰੇ ਹੋਏ ਹਨ । ਦਿੱਲੀ ਕਮੇਟੀ ਦੇ ਕੁਚੱਜੇ ਪ੍ਰਬੰਧ ਕਾਰਨ ਜੋ ਬਕਾਏ ਕਮੇਟੀ ਸਿਰ ਖੜ੍ਹੇ ਹਨ ਉਹਨਾਂ ਕੇਸਾਂ ਵਿੱਚ ਇਹ ਇਹ ਸਾਰੀ ਜਾਇਦਾਦ ਜਿਹੜੀ ਕਈ ਹਜ਼ਾਰ ਕਰੋੜ ਦੀ ਬਣਦੀ ਹੈ ਨੂੰ ਅਟੈਚ ਕੀਤਾ ਗਿਆ ਹੈ ਤੇ ਇਸਨੂੰ ਹੁਣ ਦਿੱਲੀ ਕਮੇਟੀ ਆਪਣੇ ਚਹੇਤਿਆਂ ਨੂੰ ਕੌਡੀਆਂ ਦਾ ਭਾਅ ਵੇਚਦੇ ਹੋਏ ਇਸਨੂੰ ਖੁਰਦ ਬੁਰਦ ਕਰਨਾ ਚਾਹੁੰਦੀ ਹੈ । ਪਰ ਸ਼੍ਰੋਮਣੀ ਅਕਾਲੀ ਦਲ ਕਿਸੇ ਵੀ ਕੀਮਤ ਤੇ ਇਹ ਬਰਦਾਸ਼ਤ ਨਹੀਂ ਕਰੇਗਾ । ਇਹ ਸਾਰੀ ਜਾਇਦਾਦ ਕੌਮ ਦਾ ਸਰਮਾਇਆ ਹੈ ਤੇ ਇਹ ਕੌਮ ਦੇ ਕੋਲ ਹੀ ਰਹੇਗੀ । ਜੇਕਰ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਇਸਦੀ ਸੰਭਾਲ ਨਹੀਂ ਕਰ ਸਕਦੀ ਤਾਂ ਉਹ ਸੰਗਤ ਨੂੰ ਲਿਖ ਕੇ ਦੇਵੇ ਕਿ ਕਮੇਟੀ ਇਸ ਯੋਗ ਨਹੀਂ ਕਿ ਪ੍ਰਬੰਧ ਕਰ ਸਕੇ । ਅਸੀਂ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਜਾ ਕੇ ਇਸ ਸੰਸਥਾ ਦੀ ਸੰਭਾਲ ਤੇ ਪ੍ਰਬੰਧ ਚਲਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਸਹਿਯੋਗ ਲੈਣ ਲਈ ਬੇਨਤੀ ਕਰਾਂਗੇ । ਇਸ ਮੌਕੇ ਮਨਜੀਤ ਸਿੰਘ ਜੀਕੇ, ਡਾਕਟਰ ਪਰਮਿੰਦਰਪਾਲ ਸਿੰਘ ਸਮੇਤ ਹੋਰ ਬਹੁਤ ਸਾਰੇ ਪਾਰਟੀ ਦੇ ਮੈਂਬਰ ਮੌਜੂਦ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV

# ਬੂਟੇ ਲਾਉਣ ਦੀ ਮੁਹਿੰਮ ਨੂੰ ਸੰਸਥਾ ਦੇ ਵਰਕਰਾਂ ਦੇ ਸਹਿਯੋਗ ਨਾਲ ਆਉਣ ਵਾਲੇ ਦਿਨਾਂ ਵਿਚ ਵੀ ਜਾਰੀ ਰੱਖਿਆ ਜਾਵੇਗਾ





ਬੂਟਿਆਂ ਤੋਂ ਬਣੇਂ ਦਰੱਖਤ ਇਨਸਾਨ ਅਤੇ ਪਸ਼ੂ ਪੰਛੀਆਂ ਦੇ ਰੈਣ ਬਸੇਰਾ ਹਨ। ਕੜਕ ਦੀਆਂ ਧੁੱਪਾਂ ਅਤੇ ਜਿਸਮ ਨੂੰ ਝੁਲਸਾ ਦੇਣ ਵਰਗੀਆਂ ਵਗਦੀਆਂ ਲੂਆਂ ਦੇ ਦਿਨਾਂ ਵਿਚ ਇਹ ਕੁਦਰਤੀ ਬਨਸਪਤੀ ਸਾਨੂੰ ਛਾਵਾਂ ਨਾਲ ਨਿਵਾਜਦੀ ਹੈ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਦੇ ਪ੍ਰਧਾਨ ਸ ਬਲਵੀਰ ਸਿੰਘ ਯੂ ਕੇ ਸਾਹਿਬ ਨੇ ਸੰਸਥਾ ਦੇ ਬੇਹੱਦ ਮਕਬੂਲ ਹੋਏ ਪਰੌਜੈਕਟ ਸਾਂਝੀਆਂ ਛਾਵਾਂ ਤਹਿਤ ਬੂਟੇ ਲਗਾਉਣ ਸਮੇਂ ਸੰਸਥਾ ਦੇ ਵਰਕਰਾਂ ਨਾਲ ਕੀਤਾ ।

ਇਸ ਮੌਸਮ ਵਿਚ ਬੂਟੇ ਲਗਾਉਣ ਦੀ ਮੁਹਿੰਮ ਦੀ ਸ਼ੁਰੂਆਤ ਕਰਦਿਆਂ ਸੰਸਥਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ ਵਲੋਂ ਪਿੰਡ ਪਠਲਾਵਾ ਦੇ ਜਨਰਲ ਸ਼ਮਸ਼ਾਨ ਘਾਟ ਵਿਚ ਆਪਣੇ ਕਰ ਕਮਲਾਂ ਨਾਲ ਫਲਦਾਰ ਅੰਬ ਦਾ ਬੂਟਾ ਲਗਾ ਕੇ ਕੀਤਾ । ਉਹਨਾਂ ਨੇ ਆਖਿਆ ਕਿ ਸੰਸਥਾ ਦੀ ਇਸ ਮੁਹਿੰਮ ਨੂੰ ਸੰਸਥਾ ਦੇ ਵਰਕਰਾਂ ਦੇ ਸਹਿਯੋਗ ਨਾਲ ਆਉਣ ਵਾਲੇ ਦਿਨਾਂ ਵਿਚ ਵੀ ਜ਼ਾਰੀ ਰੱਖਿਆ ਜਾਵੇਗਾ

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਅਵਸਰ ਤੇ ਬੋਲਦਿਆਂ ਸੰਸਥਾ ਦੇ ਸੀਨੀਅਰ ਉਪ ਚੇਅਰਮੈਨ ਸ ਤਰਲੋਚਨ ਸਿੰਘ ਵਾਰੀਆ, ਜਨਰਲ ਸਕੱਤਰ ਮਾ ਤਰਲੋਚਨ ਸਿੰਘ,ਵਿੱਤ ਸਕੱਤਰ ਲੈਕਚਰਾਰ ਤਰਸੇਮ ਪਠਲਾਵਾ, ਸਰਪ੍ਰਸਤ ਸ ਬਲਵੀਰ ਸਿੰਘ ਐਕਸ ਆਰਮੀ, ਸੰਦੀਪ ਕੁਮਾਰ ਗੌੜ, ਪ੍ਰੈਸ ਸਕੱਤਰ ਜੀ ਚੰਨੀ ਪਠਲਾਵਾ, ਅਤੇ ਸਤੀਸ਼ ਕੁਮਾਰ ਐਮਾਂ ਜਟਾਂ ਨੇ ਆਖਿਆ ਕਿ ਸੰਸਥਾ ਵਲੋਂ ਸਾਂਝੀਆਂ ਛਾਵਾਂ ਤਹਿਤ ਬੂਟੇ ਲਗਾਉਣ ਵਰਗੇ ਅਰੰਭੇ ਨਿਵੇਕਲੇ ਕਾਰਜ ਨੂੰ ਵੱਡੀ ਪੱਧਰ ਤੇ ਇਲਾਕੇ ਵਿੱਚ ਫੈਲਾਇਆ ਜਾਵੇਗਾ।

ਸ ਤਰਲੋਚਨ ਸਿੰਘ ਵਾਰੀਆ ਨੇ ਆਖਿਆ ਕੱਲ ਪਹਿਲੇ ਪੜਾਅ ਵਿੱਚ ਦੋ ਦਰਜਨ ਦੇ ਕਰੀਬ ਸਜਾਵਟੀ ਅਤੇ ਫਲਦਾਰ ਬੂਟੇ ਲਗਾਉਣ ਦੇ ਕਾਰਜ ਨੂੰ ਨੇਪਰੇ ਚਾੜ੍ਹਿਆ ਗਿਆ। ਸੰਸਥਾ ਦੀ ਬੂਟਿਆਂ ਸਬੰਧੀ ਅਪਣੀ ਜਾ ਰਹੀ ਰਣਨੀਤੀ ਵਾਰੇ ਗੱਲ ਕਰਦਿਆਂ ਸ ਵਾਰੀਆ ਨੇ ਆਖਿਆ ਕਿ ਬੂਟੇ ਲਗਾਉਣ ਤੋਂ ਵੱਡੇ ਹੋਣ ਤੱਕ ਸੰਸਥਾ ਇਹਨਾਂ ਦੀ ਸਾਂਭ ਸੰਭਾਲ ਲਈ ਪੂਰੀ ਤਰ੍ਹਾਂ ਵਚਨਬੱਧ ।

ਹੋਰਨਾ ਤੋਂ ਇਲਾਵਾਂ ਸੰਸਥਾ ਦੇ ਵਰਕਰ ਪ੍ਰਭਜੋਤ ਸਿੰਘ ਪਠਲਾਵਾ, ਦੀਪ ਚੰਦ ਬਰੇਲੀ, ਰਜਿੰਦਰ ਸਿੰਘ ਜਿੰਦਾ, ਸਤੀਸ਼ ਕੁਮਾਰ ਐਮਾਂ ਜਟਾਂ ਹਾਜ਼ਰ ਸਨ।

**-ਵਿਸ਼ੇਸ਼ ਰਿਪੋਰਟ ਹਰਪ੍ਰੀਤ ਸਿੰਘ ਪਠਲਾਵਾ**

# ਗੁਰਦੁਆਰਾ ਸਿੰਘ ਸਭਾ ਸਾਹਿਬ ਬਰਨਾਲਾ ਵਿਖੇ ਗੁਰਬਾਣੀ ਕੰਠ ਮੁਕਾਬਲੇ 6 ਜੁਲਾਈ ਨੂੰ ਕਿਸੇ ਵੀ ਸਹਿਰ ਪਿੰਡ ਤੋਂ ਬੱਚੇ ਭਾਗ ਲੈ ਸਕਦੇ ਮਾਤਾ ਸਾਹਿਬ ਕੌਰ ਸੋਸਾਇਟੀ

**ਜੰਡਿਆਲਾ ਗੁਰੂ 4 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਸਿੱਖ ਕੌਮ ਦੇ ਇਤਿਹਾਸ ਤੇ ਝਾਤ ਮਾਰੀਏ ਤਾਂ ਸਿੱਖ ਗੁਰੂ ਸਾਹਿਬਾਨਾਂ ਨੇ ਸੰਸਾਰ ਨੂੰ ਕਿਰਤ ਕਰੋ ਵੰਡ ਛਕੋ ਅਤੇ ਵਹਿਮਾਂ ਭਰਮਾਂ ਕਰਮਕਾਂਡਾ ਦਾ ਤਿਆਗ ਕਰਨ ਤੇ ਹਰੇਕ ਧਰਮ ਦਾ ਸਤਿਕਾਰ ਕਰਦਿਆ ਹੋਇਆ ਗੁਰਬਾਣੀ ਸਰਵਨ ਕਰਕੇ ਪ੍ਰਮਾਤਮਾ ਦੇ ਭੌ ਵਿਚ ਰਹਿੰਦਿਆਂ ਇਕ ਆਕਾਲ ਪੁਰਖ ਨੂੰ ਸਮਰਪਿਤ ਹੋ ਕਿ ਆਰਾਧਨਾ ਕਰਨੀ ਅਤੇ ਆਪ ਨਾਮ ਜਪਣਾ ਤੇ ਦੂਜਿਆਂ ਨੂੰ ਨਾਮ ਜਪਾਉਣਾ ਅਤੇ ਨਾਮ ਬਾਣੀ ਨਾਲ ਜੁੜ ਕਿ ਆਪਣੇ ਜੀਵਨ ਨੂੰ ਸਫਲ ਬਣਾਉਣ ਲਈ ਉਪਦੇਸ਼ ਦਿੱਤਾ ਜਿਸ ਦੇ ਚੱਲਦਿਆਂ ਪਿੰਡ ਕਰਮਗੜ੍ਹ ਗੁਰਦੁਆਰਾ ਸਿੰਘ ਸਭਾ ਸਾਹਿਬ ਬਰਨਾਲਾ ਵਿਖੇ 6 ਜੁਲਾਈ ਨੂੰ ਬੱਚਿਆਂ ਦੇ ਗੁਰਬਾਣੀ ਕੰਠ ਮੁਕਾਬਲੇ ਕਰਵਾਏ ਜਾ ਰਹੇ ਹਨ ਜਿਸ ਵਿੱਚ ਪਹਿਲੇ ਗਰੁੱਪ ਚ 12 ਸਾਲ ਤੱਕ ਦੇ ਬੱਚੇ ਅਤੇ ਦੂਸਰੇ ਗਰੁੱਪ ਚ 12 ਤੋ 18 ਤੱਕ ਦੇ ਬੱਚੇ ਭਾਗ ਲੈ ਸਕਦੇ ਹਨ ਅਤੇ ਇਨਾਂ ਮੁਕਾਬਲਿਆਂ ਵਿੱਚੋਂ ਪਹਿਲੇ ਗਰੁੱਪ ਦੇ ਬੱਚਿਆਂ ਨੂੰ ਪਹਿਲਾ ਇਨਾਮ -15000 ਦੂਸਰਾ ਇਨਾਮ -13000 ਤੀਸਰਾ ਇਨਾਮ -11000 ਰੁਪਏ ਦਿੱਤੇ ਜਾਣਗੇ ਅਤੇ ਦੁਸਰੇ ਗਰੁੱਪ ਦੇ ਬੱਚਿਆਂ ਨੂੰ ਪਹਿਲਾ ਇਨਾਮ -15000 ਦੂਸਰਾ ਇਨਾਮ -13000 ਤੀਸਰਾ ਇਨਾਮ -11000 ਰੁਪਏ ਦਿੱਤੇ ਜਾਣਗੇ ਪਹਿਲੇ ਗਰੁੱਪ ਚ ਭਾਗ ਲੈਣ ਲਈ 3 ਬਾਣੀਆਂ ਕੰਠ ਹੋਣਾ ਜਰੂਰੀ ਹੋਣਗੀਆਂ, ਅਤੇ ਦੂਸਰੇ ਗਰੁੱਪ ਚ ਭਾਗ ਲੈਣ ਵਾਲੇ ਬੱਚਿਆਂ ਨੂੰ 4 ਬਾਣੀਆਂ ਕੰਠ ਹੋਣੀਆਂ ਜਰੂਰੀ ਹੋਣਗੀਆਂ ਅਤੇ ਬੱਚਿਆਂ ਨੂੰ ਮੁੱਢਲੇ ਇਤਿਹਾਸ ਬਾਰੇ ਜਾਣਕਾਰੀ ਹੋਣੀ ਚਾਹੀਦੀ ਹੈ ਜਿਸ ਵਿੱਚ ਬੱਚਿਆਂ ਤੋਂ ਮੁੱਢਲੇ ਇਤਿਹਾਸ ਬਾਰੇ ਪ੍ਰਸ਼ਨ ਵੀ ਪੁੱਛੇ ਜਾਣਗੇ ।ਇਹਨਾਂ ਗੁਰਬਾਣੀ ਕੰਠ ਮੁਕਾਬਲਿਆ ਵਿੱਚ ਕਿਸੇ ਵੀ ਪਿੰਡ ਸ਼ਹਿਰ ਦਾ ਬੱਚਾ ਭਾਗ ਲੈ ਸਕਦਾ ਹੈ । ਕਿਸੇ ਨੰਬਰ ਤੇ ਨਾ ਆਉਣ ਵਾਲੇ ਬੱਚਿਆਂ ਨੂੰ ਵੀ ਸਨਮਾਨਿਤ ਕੀਤਾ ਜਾਵੇਗਾ। ਜੇ ਕੋਈ ਵੀ ਵੀਰ ਭੈਣ ਕਿਸੇ ਵੀ ਤਰਹ ਦੀ ਸੇਵਾ ਕਰਨੀ ਚਾਹੁੰਦਾ ਹੋਵੇ ਉਹ ਦਿਤੇ ਹੋਏ ਇਸ ਨੰਬਰ 82645-94079 ਤੇ ਸੰਪਰਕ ਕਰ ਸਕਦਾ ਹੈ ! ਇਹ ਉਪਰਾਲਾ ਮਾਤਾ ਸਾਹਿਬ ਕੌਰ ਸੋਸਾਇਟੀ ਵੱਲੋਂ ਸਮੂਹ ਦੇਸ਼ ਵਿਦੇਸ਼ ਵਿੱਚ ਵੱਸਦੀਆਂ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਦੇ ਸਹਿਯੋਗ ਨਾਲ ਕੀਤਾ ਗਿਆ ਹੈ !

ਆਵਾਜ਼ਿ ਕੌਮ AWAZE QAUM International Newspaper & WEB TV

### ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ

# ਜੀ.ਐਸ.ਟੀ ਪ੍ਰਣਾਲੀ ਵਿੱਚ ਢਾਂਚਾਗਤ ਤਬਦੀਲੀਆਂ ਦੀ ਕੀਤੀ ਮੰਗ



**ਨਵੀਂ ਦਿੱਲੀ, 4 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**:- ਨਵੀਂ ਦਿੱਲੀ ਵਿੱਚ ਹੋਈ ਵਸਤੂਆਂ ਅਤੇ ਸੇਵਾਵਾਂ ਟੈਕਸ (ਜੀਐਸਟੀ) ਤੋਂ ਮਾਲੀਏ ਦੇ ਵਿਸ਼ਲੇਸ਼ਣ ਬਾਰੇ ਮੰਤਰੀ ਸਮੂਹ ਦੀ ਪਹਿਲੀ ਮੀਟਿੰਗ ਦੌਰਾਨ 1 ਜੁਲਾਈ, 2017 ਨੂੰ ਜੀ.ਐਸ.ਟੀ ਲਾਗੂ ਹੋਣ ਤੋਂ ਬਾਅਦ ਸੂਬੇ ਦੇ ਮਾਲੀਏ ਬਾਰੇ ਵਿਆਪਕ ਤੇ ਸੰਖੇਪ ਜਾਣਕਾਰੀ ਪੇਸ਼ ਕਰਦਿਆਂ, ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਜੀ.ਐਸ.ਟੀ ਪ੍ਰਣਾਲੀ ਵਿੱਚ ਢਾਂਚਾਗਤ ਤਬਦੀਲੀਆਂ ਲਿਆਉਣ 'ਤੇ ਜ਼ੋਰ ਦਿੱਤਾ ਅਤੇ ਮਾਲੀਆ ਵਧਾਉਣ ਲਈ ਨੀਤੀਗਤ ਸਿਫਾਰਸ਼ਾਂ ਦਾ ਪ੍ਰਸਤਾਵ ਦਿੱਤਾ, ਜਿਸ ਵਿੱਚ ਜੀ.ਐਸ.ਟੀ ਢਾਂਚੇ ਅਧੀਨ ਅਨਾਜ ਸ਼ਾਮਲ ਕਰਨ, ਇਨਵਰਟਿਡ ਡਿਊਟੀ ਢਾਂਚੇ ਨੂੰ ਘਟਾਉਣ ਜਾਂ ਰੱਦ ਕਰਨਾ, ਅਤੇ ਈ-ਵੇਅ ਬਿੱਲ ਜਨਰੇਸ਼ਨ ਅਤੇ ਈ-ਇਨਵੌਇਸਿੰਗ ਨੂੰ ਲਾਜ਼ਮੀ ਬਣਾਉਣਾ ਆਦਿ ਸ਼ਾਮਲ ਹਨ। ਉਨ੍ਹਾਂ ਇਹ ਵੀ ਸੁਝਾਅ ਦਿੱਤਾ ਕਿ ਡੇਟਾ ਵਿਸ਼ਲੇਸ਼ਣ ਅਤੇ ਟੈਕਸ ਚੋਰੀ ਅਤੇ ਪਾਲਣਾ ਦੇ ਮੁੱਦਿਆਂ ਦਾ ਪਤਾ ਲਗਾਉਣ ਲਈ ਸਾਰੇ ਰਾਜਾਂ ਅਤੇ ਕੇਂਦਰੀ ਟੈਕਸ ਅਥਾਰਟੀ ਨੂੰ ਪਹੁੰਚ ਮੁਹੱਈਆ ਕਰਵਾਉਣ ਵਾਲਾ ਇੱਕ ਏਕੀਕ੍ਰਿਤ ਪਲੇਟਫਾਰਮ ਵਿਕਸਤ ਕੀਤਾ ਜਾਵੇ। ਜੀਐਸਟੀ ਲਾਗੂ ਹੋਣ ਤੋਂ ਬਾਅਦ ਵੱਖ-ਵੱਖ ਟੈਕਸਾਂ ਦੇ ਇਸ ਵਿੱਚ ਸਮਾਉਣ ਕਾਰਨ ਪੰਜਾਬ ਨੂੰ ਹੋਏ ਮਹੱਤਵਪੂਰਨ ਮਾਲੀਆ ਘਾਟੇ ਦਾ ਜਿਕਰ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇੱਕ ਖੇਤੀਬਾੜੀ ਪ੍ਰਧਾਨ ਅਰਥਵਿਵਸਥਾ ਹੋਣ ਦੇ ਨਾਤੇ, ਪੰਜਾਬ ਅਨਾਜ (ਕਣਕ ਅਤੇ ਚੌਲ) ਦੀ ਵਿਕਰੀ 'ਤੇ ਖਰੀਦ ਟੈਕਸ ਅਤੇ ਬੁਨਿਆਦੀ ਢਾਂਚਾ ਵਿਕਾਸ ਫੀਸ (ਆਈਡੀ ਫੀਸ) 'ਤੇ ਬਹੁਤ ਜ਼ਿਆਦਾ ਨਿਰਭਰ ਕਰਦਾ ਸੀ ਅਤੇ 2015-16 ਵਿੱਚ 3,094 ਕਰੋੜ ਰੁਪਏ ਇਕੱਠੇ ਕੀਤੇ, ਜੋ ਕਿ ਇਸਦੇ ਕੁੱਲ ਟੈਕਸ ਮਾਲੀਏ ਦਾ 16.55% ਸੀ, ਅਤੇ ਇਹਨਾਂ ਟੈਕਸਾਂ ਦੇ ਜੀ.ਐਸ.ਟੀ ਵਿੱਚ ਸਮਾਉਣ ਦੇ ਨਤੀਜੇ ਵਜੋਂ ਸੂਬੇ ਨੂੰ ਮਾਲੀਆ ਪ੍ਰਾਪਤੀ ਵਿੱਚ ਸਥਾਈ ਨੁਕਸਾਨ ਹੋਇਆ। ਉਨ੍ਹਾਂ ਨੇ ਕੇਂਦਰੀ ਵਿਕਰੀ ਟੈਕਸ (ਸੀਐਸਟੀ) ਦੇ ਸਮਾਪਤ ਹੋਣ ਤੋਂ ਹੋਏ ਨੁਕਸਾਨ ਵੱਲ ਵੀ ਧਿਆਨ ਦਿਵਾਇਆ, ਜਿਸ ਨੇ ਸਾਲ 2015-16 ਵਿੱਚ ਪੰਜਾਬ ਦੇ ਮਾਲੀਏ ਵਿੱਚ 568 ਕਰੋੜ ਰੁਪਏ ਦਾ ਯੋਗਦਾਨ ਪਾਇਆ ਸੀ। ਇਸ ਤੋਂ ਇਲਾਵਾ, ਵਿੱਤ ਮੰਤਰੀ ਚੀਮਾ ਨੇ ਕਿਹਾ ਕਿ ਵੈਟ ਪ੍ਰਣਾਲੀ ਦੌਰਾਨ ਪੰਜਾਬ ਵਿੱਚ ਜੀ.ਐਸ.ਟੀ ਪ੍ਰਣਾਲੀ ਦੇ ਮੁਕਾਬਲੇ ਮਾਲੀਆ ਪ੍ਰਾਪਤੀਆਂ ਕਿਤੇ ਵੱਧ ਸਨ। ਵਿੱਤ ਮੰਤਰੀ ਨੇ ਜੁਲਾਈ 2017 ਤੋਂ ਪੰਜਾਬ ਦੇ ਜੀਐਸਟੀ ਮਾਲੀਆ ਦੀ ਵਾਧਾ ਦਰ, ਅਧਾਰ ਸਾਲ 'ਤੇ 14% ਵਿਕਾਸ ਦਰ ਦੇ ਅਧਾਰ 'ਤੇ ਅਨੁਮਾਨਿਤ ਮਾਲੀਏ ਨਾਲੋਂ ਲਗਾਤਾਰ ਘੱਟ ਰਹਿਣ 'ਤੇ ਵੀ ਚਿੰਤਾ ਪ੍ਰਗਟ ਕੀਤੀ। ਉਨ੍ਹਾਂ ਕਿਹਾ ਕਿ ਜੇਕਰ ਜੀ.ਐਸ.ਟੀ ਲਾਗੂ ਨਾ ਕੀਤਾ ਜਾਂਦਾ ਤਾਂ ਪੰਜਾਬ ਦੀ ਮਾਲੀਆ ਸਥਿਤੀ 10% ਸੀ.ਏ.ਜੀ.ਆਰ ਵਿਕਾਸ ਦਰ ਨਾਲ ਵੀ ਬਿਹਤਰ ਹੁੰਦੀ। ਉਨ੍ਹਾਂ ਕਿਹਾ ਕਿ ਜੀ.ਐਸ.ਟੀ ਪ੍ਰਣਾਲੀ ਲਾਗੂ ਹੋਣ ਕਾਰਨ 1 ਜੁਲਾਈ 2022 ਤੋਂ ਪੰਜਾਬ ਨੂੰ 47037 ਕਰੋੜ ਰੁਪਏ ਦੇ ਮਾਲੀਆ ਘਾਟੇ ਦਾ ਸਾਹਮਣਾ ਕਰਨਾ ਪਿਆ ਹੈ। ਉਨ੍ਹਾਂ ਕਿਹਾ ਕਿ ਖੇਤੀਬਾੜੀ 'ਤੇ ਨਿਰਭਰ ਰਾਜਾਂ, ਜਿਵੇਂ ਕਿ ਪੰਜਾਬ, ਨੂੰ ਅਨਾਜ 'ਤੇ ਖਰੀਦ ਟੈਕਸ ਦੇ ਸਮਾਪਤ ਹੋਣ ਕਾਰਨ ਮਾਲੀਏ ਨੂੰ ਹੋਏ ਸਥਾਈ ਨੁਕਸਾਨ ਦੀ ਭਰਪਾਈ ਮੁਆਵਜ਼ੇ ਰਾਹੀਂ ਕੀਤੀ ਜਾਣੀ ਚਾਹੀਦੀ ਹੈ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਦੇ ਪ੍ਰਮੁੱਖ ਉਦਯੋਗਿਕ ਖੇਤਰ, ਜਿਵੇਂ ਕਿ ਖੇਤੀਬਾੜੀ ਸੰਦ, ਸਾਈਕਲ ਅਤੇ ਸਾਈਕਲ ਪਾਰਟਸ, ਅਤੇ ਹੌਜ਼ਰੀ ਸਾਮਾਨ, ਉੱਚ ਕੁੱਲ ਟਰਨਓਵਰ ਦਿਖਾਉਂਦੇ ਹਨ ਪਰ ਜੀ.ਐਸ.ਟੀ ਮਾਲੀਏ ਵਿੱਚ ਅਨੁਪਾਤਕ ਵਾਧਾ ਨਹੀਂ ਦਿਖਾਉਂਦੇ। ਇਹ ਮੁੱਖ ਤੌਰ 'ਤੇ ਜੀਐਸਟੀ ਇੱਕ ਮੰਜ਼ਿਲ-ਅਧਾਰਤ ਖਪਤ ਟੈਕਸ ਹੋਣ ਕਾਰਨ ਹੈ, ਜਿਸ ਕਾਰਨ ਆਈ.ਜੀ.ਐਸ.ਟੀ ਦੇਣਦਾਰੀ ਦੇ ਵਿਰੁੱਧ ਐਸ.ਜੀ.ਐਸ.ਟੀ ਇਨਪੁੱਟ ਟੈਕਸ ਕ੍ਰੈਡਿਟ ਦੀ ਵਿਵਸਥਾ ਰਾਹੀਂ ਪੰਜਾਬ ਤੋਂ ਮਾਲੀਆ ਬਾਹਰ ਚਲੇ ਜਾਂਦਾ ਹੈ। ਜੀ.ਐਸ.ਟੀ ਤਹਿਤ ਇਨਵਰਟਿਡ ਡਿਊਟੀ ਢਾਂਚੇ ਨੂੰ ਘਟਾਉਣ ਜਾਂ ਰੱਦ ਕਰਨ ਲਈ ਨੀਤੀਗਤ ਦਖਲਅੰਦਾਜ਼ੀ ਦੀ ਮੰਗ ਕਰਦੇ ਹੋਏ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਸ ਕਾਰਨ ਸੂਬੇ ਨੂੰ ਕਾਫ਼ੀ ਵਾਪਸੀ ਕਰਨ ਪੈਂਦੀ ਹੈ ਜਦੋਂ ਕਿ ਨਕਦੀ ਮਾਲੀਆ ਪ੍ਰਾਪਤੀਆਂ ਘੱਟ ਹੁੰਦੀਆਂ ਹਨ। ਉਨ੍ਹਾਂ ਕਿਹਾ ਕਿ ਇਨਵਰਟਿਡ ਡਿਊਟੀ ਢਾਂਚੇ ਅਤੇ ਨਿਰਯਾਤ ਕਾਰਨ ਪੰਜਾਬ ਵੱਲੋਂ ਹਰ ਸਾਲ ਲਗਭਗ 1,200 ਕਰੋੜ ਰੁਪਏ ਦੇ ਰਿਫੰਡ ਕੀਤੇ ਜਾਂਦੇ ਹਨ, ਜਿਸ ਨਾਲ ਮਾਲੀਆ ਪ੍ਰਭਾਵਿਤ ਹੁੰਦਾ ਹੈ। ਹੋਰ ਸਿਫ਼ਾਰਸ਼ਾਂ ਵਿੱਚ ਥ੍ਰੈਸ਼ਹੋਲਡ ਦੀ ਪਰਵਾਹ ਕੀਤੇ ਬਿਨਾਂ ਕਰ ਚੋਰੀ-ਪ੍ਰਭਾਵਿਤ ਵਸਤੂਆਂ ਲਈ ਈ-ਵੇਅ ਬਿੱਲਾਂ ਨੂੰ ਲਾਜ਼ਮੀ ਬਣਾਉਣਾ, ਨਿਰਮਾਤਾਵਾਂ ਲਈ ਬੀ-2-ਬੀ ਸਪਲਾਈਆਂ ਲਈ ਅਤੇ ਬੀ-2-ਸੀ ਸਪਲਾਈ ਲਈ ਲਾਜ਼ਮੀ ਈ-ਇਨਵੌਇਸਿੰਗ, ਧੋਖਾਧੜੀ ਵਾਲੇ ਟੈਕਸਦਾਤਾਵਾਂ ਨੂੰ ਟਰੈਕ ਕਰਨ ਲਈ ਜੀ.ਐਸ.ਟੀ.ਐਨ ਅਤੇ ਈ-ਵੇਅ ਬਿੱਲਾਂ ਨਾਲ ਆਈ.ਪੀ ਐਡਰੈੱਸ ਦੀ ਲਾਜ਼ਮੀ ਮੈਪਿੰਗ, ਅਤੇ ਜੀਓ-ਫੈਂਸਿੰਗ ਦੀ ਸ਼ੁਰੂਆਤ ਕਰਨਾ ਸ਼ਾਮਲ ਹਨ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕੇਂਦਰੀ ਅਤੇ ਰਾਜ ਟੈਕਸ ਅਥਾਰਟੀਆਂ ਦੋਵਾਂ ਲਈ ਵੱਖ-ਵੱਖ ਸਰਕਾਰੀ ਪੋਰਟਲਾਂ ਤੋਂ ਡੇਟਾ ਏਕੀਕਰਨ ਲਈ ਇੱਕ ਏਕੀਕ੍ਰਿਤ ਏਆਈ-ਅਧਾਰਤ ਪਲੇਟਫਾਰਮ ਦੇ ਵਿਕਾਸ, ਅਤੇ ਜੋਖਮ ਪ੍ਰੋਫਾਈਲਿੰਗ ਦੇ ਅਧਾਰ 'ਤੇ ਇਸਦੇ ਲਾਗੂ ਹੋਣ ਤੋਂ ਪਹਿਲਾਂ ਰਜਿਸਟਰਡ ਟੈਕਸਦਾਤਾਵਾਂ ਲਈ ਲਾਜ਼ਮੀ ਬਾਇਓਮੈਟ੍ਰਿਕ ਪ੍ਰਮਾਣੀਕਰਨ ਦੀ ਵੀ ਵਕਾਲਤ ਕੀਤੀ। ਅੰਤ ਵਿੱਚ ਉਨ੍ਹਾਂ ਨੇ ਜੀ.ਐਸ.ਟੀ.ਆਰ 3ਬੀ ਫਾਰਮਾਂ ਵਿੱਚ ਆਈ.ਟੀ.ਸੀ ਦਾਅਵਿਆਂ ਨੂੰ ਸਵੈਚਾਲਿਤ ਕਰਨ, ਧੋਖਾਧੜੀ ਵਾਲੇ ਦਾਅਵਿਆਂ ਨੂੰ ਘਟਾਉਣ ਲਈ ਜੀ.ਐਸ.ਟੀ.ਆਰ 2ਬੀ ਵਿੱਚ ਉਪਲਬਧ ਰਕਮ ਤੱਕ ਦਾਅਵਿਆਂ ਨੂੰ ਸੀਮਤ ਕਰਨ ਦਾ ਵੀ ਪ੍ਰਸਤਾਵ ਰੱਖਿਆ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਇਹ ਕਹਿੰਦਿਆਂ ਸਮਾਪਤੀ ਕੀਤੀ ਕਿ ਪੰਜਾਬ ਵੱਲੋਂ ਮਾਲੀਆ ਪ੍ਰਾਪਤੀਆਂ ਨੂੰ ਵਧਾਉਣ ਲਈ ਵੱਧ ਤੋਂ ਵੱਧ ਯਤਨ ਕਰਨ ਦੇ ਬਾਵਜੂਦ ਲਗਾਤਾਰ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਸੂਬੇ ਦੇ ਲੈਂਡਲੌਕ ਹੋਣ ਅਤੇ ਖੇਤੀਬਾੜੀ ਆਧਾਰਤ ਆਰਥਿਕਤਾ ਹੋਣ ਦੇ ਨਾਤੇ ਚੱਲ ਰਹੇ ਮਾਲੀਆ ਘਾਟੇ ਨੂੰ ਪੂਰਾ ਕਰਨ ਲਈ ਅਨਾਜ ਨੂੰ ਜੀ.ਐਸ.ਟੀ ਢਾਂਚੇ ਅਧੀਨ ਸ਼ਾਮਲ ਕਰਨ 'ਤੇ ਵਿਚਾਰ ਕਰਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ।

**ਜੀ.ਐਸ.ਟੀ ਲਾਗੂ ਕਰਨ ਨਾਲ ਵੈਟ ਪ੍ਰਣਾਲੀ ਦੇ ਮੁਕਾਬਲੇ 1 ਜੁਲਾਈ 2022 ਤੋਂ ਹੁਣ ਤੱਕ ਪੰਜਾਬ ਨੂੰ ਹੋਇਆ 47037 ਕਰੋੜ ਰੁਪਏ ਦਾ ਮਾਲੀਆ ਘਾਟਾ**

ਆਵਾਜ਼ਿ ਕੌਮ AWAZE QAUM International Newspaper & WEB TV

### ਸਰਪੰਚ ਕੰਵਲਜੀਤ ਸਿੰਘ ਟਾਹਲੀ ਸਾਹਿਬ ਅਤੇ ਪਿੰਡ ਵਾਸੀਆਂ ਵਲੋਂ

# ਪੰਚਾਇਤ ਵਿਭਾਗ ਵਿਰੁੱਧ ਨਾਅਰੇਬਾਜੀ, ਸਾੜਿਆ ਪੁਤਲਾ



**ਚੌਂਕ ਮਹਿਤਾ,4 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਇਤਿਹਾਸਕ ਕਸਬਾ ਟਾਹਲੀ ਸਾਹਿਬ ਵਿਖੇ ਪਿੰਡ ਦੇ ਸਰਪੰਚ ਕੰਵਲਜੀਤ ਸਿੰਘ, ਦਿਲਬਾਗ ਸਿੰਘ ਮੈਂਬਰ ਪੰਚਾਇਤ, ਸਰਦੂਲ ਸਿੰਘ, ਹਰਬੰਸ ਸਿੰਘ, ਹਰਮਨ ਸਿੰਘ, ਰਵਿੰਦਰ ਸਿੰਘ, ਅਰਜੰਟ ਸਿੰਘ, ਗੁਰਜੀਤ ਸਿੰਘ, ਗੁਰਦੀਪ ਸਿੰਘ, ਪਲਵਿੰਦਰ ਸਿੰਘ, ਨਿਰਵੈਲ ਸਿੰਘ, ਦਿਲਪ੍ਰੀਤ ਸਿੰਘ, ਅਰਸ਼ਪ੍ਰੀਤ ਸਿੰਘ, ?ਪਿਾਲ ਸਿੰਘ, ਗੁਰਪਾਲ ਸਿੰਘ, ਧਰਮਵੀਰ ਸਿੰਘ, ਬਲਵਿੰਦਰ ਸਿੰਘ, ਲਖਬੀਰ ਸਿੰਘ, ਲਖਵਿੰਦਰ ਸਿੰਘ, ਸੁਖਦੇਵ ਸਿੰਘ, ਜਗਦੇਵ ਸਿੰਘ, ਪਰਵਿੰਦਰ ਸਿੰਘ, ਸਤਨਾਮ ਸਿੰਘ, ਨਵਨੀਤ ਸਿੰਘ, ਸੁਖਬੀਰ ਸਿੰਘ ਆਦਿ ਵੱਡੀ ਗਿਣਤੀ 'ਚ ਪਿੰਡ ਵਾਸੀਆਂ ਵਲੋਂ ਪੰਚਾਇਤ ਵਿਭਾਗ ਦੇ ਵਿਰੁੱਧ ਨਾਅਰੇਬਾਜੀ ਕੀਤੀ ਗਈ ਅਤੇ ਪੰਚਾਇਤ ਵਿਭਾਗ ਦਾ ਪੁਤਲਾ ਫੂਕਿਆ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਸਰਪੰਚ ਕੰਵਲਜੀਤ ਸਿੰਘ ਅਤੇ ਉਸਦੇ ਸਾਂਥੀਆਂ ਨੇ ਦੱਸਿਆ ਕਿ ਮੈਂ ਕਾਂਗਰਸ ਪਾਰਟੀ ਨਾਲ ਸੰਬੰਧਤ ਹੋਣ 'ਤੇ ਮੌਜੂਦਾ ਆਮ ਆਦਮੀ ਪਾਰਟੀ ਵਲੋਂ ਪਿੰਡ 'ਚ ਪ੍ਰਬੰਧਕ ਲਗਾ ਦਿੱਤਾ ਗਿਆ ਹੈ ਜਦਕਿ ਮੈਂਨੂੰ ਬੀ.ਡੀ.ਪੀ.ਓ ਸਾਹਿਬ ਨੇ ਜਦੋਂ ਵੀ ਸਦਿਆ ਤਾਂ ਅਸੀਂ ਆਪਣਾ ਪੱਖ ਰੱਖਿਆ ਅਤੇ ਦੱਸਿਆ ਪਰ ਮੇਰੀ ਕੋਈ ਸੁਣਵਾਈ ਨਹੀਂ ਕੀਤੀ ਗਈ। ਅਸੀਂ ਇਸ ਸੰਬੰਧੀ ਹਾਈਕੋਰਟ 'ਚ ਵੀ ਕੇਸ ਕੀਤਾ ਹੈ ਪਰ ਉਸਦੇ ਬਾਵਜੂਦ ਵੀ ਵਿਭਾਗ ਵਲੋਂ ਪ੍ਰਬੰਧਕ ਲਗਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਮੈਂ ਪਿੰਡ ਵਲੋਂ ਚੁਣਿਆ ਹੋਇਆ ਪਿੰਡ ਦਾ ਸਰਪੰਚ ਹਾਂ ਪਰ ਪ੍ਰਬੰਧਕ ਵਲੋਂ ਅਜੇ ਤੱਕ ਮੈਂਨੂੰ ਪਿੰਡ ਦੇ ਵਿਕਾਸ ਸੰਬੰਧੀ ਕੋਈ ਵੀ ਜਾਣਕਾਰੀ ਨਹੀਂ ਦਿੱਤੀ ਜਾ ਰਹੀ। ਉਨਾਂ ਕਿਹਾ ਕਿ ਪੰਚਾਇਤ ਵਲੋਂ ਜੇਕਰ ਇਸੇ ਤਰ੍ਹਾਂ ਪੱਖਪਾਤ ਰਿਹਾ ਤਾਂ ਉਨ੍ਹਾਂ ਨੂੰ ਪੰਚਾਇਤ ਵਿਭਾਗ ਵਿਰੁੱਧ ਭਰਾਤਾ ਜਥੇਬੰਦੀਆਂ ਨੂੰ ਨਾਲ ਲੈ ਕੇ ਸੰਘਰਸ਼ ਕਰਨਾ ਪਵੇਗਾ। ਇਸ ਸੰਬੰਧੀ ਜਦ ਡੀ.ਡੀ.ਪੀ.ਓ ਅੰਮ੍ਰਿਤਸਰ ਨਾਲ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਤਾਂ ਵਾਰ ਵਾਰ ਫੋਨ ਕਰਨ 'ਤੇ ਵੀ ਉਨ੍ਹਾਂ ਵਲੋਂ ਫੋਨ ਨਹੀਂ ਚੁਕਿਆ ਗਿਆ। ਇਸ ਸੰਬੰਧੀ ਬੀ.ਡੀ.ਪੀ.ਓ ਤਰਸਿੱਕਾ ਮਲਕੀਤ ਸਿੰਘ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਕਿਹਾ ਕਿ ਪ੍ਰਬੰਧਕ ਕਾਨੂੰਨ ਅਨੁਸਾਰ ਲੱਗਾ ਹੈ। ਉਨ੍ਹਾਂ ਕਿਹਾ ਕਿ ਤਿੰਨ ਮੈਂਬਰ ਜਿਨ੍ਹਾਂ ਵਲੋਂ ਪਿੰਡ 'ਚ ਪ੍ਰਬੰਧਕ ਲਗਾਉਣ ਲਈ ਲਿਖਤੀ ਸ਼ਿਕਾਇਤਾਂ ਕੀਤੀਆਂ ਸਨ ਅਤੇ ਸਰਪੰਚ ਦੇ ਦੋ ਮੈਂਬਰ ਅਤੇ ਤੀਸਰਾ ਸਰਪੰਚ ਦੀ ਆਪਸੀ ਸਹਿਮਤੀ ਨਾ ਬਣਨ ਕਾਰਨ ਪ੍ਰਬੰਧਕ ਲਗਾਇਆ ਗਿਆ ਹੈ ਅਤੇ ਪ੍ਰਬੰਧਕ ਵਲੋਂ ਅਜੇ ਕੋਈ ਵੀ ਕੰਮ ਸ਼ੁਰੂ ਨਹੀਂ ਕੀਤਾ ਗਿਆ ਅਤੇ ਜਦੋਂ ਵੀ ਕੋਈ ਕੰਮ ਸ਼ੁਰੂ ਕਰਨਗੇ ਤਾਂ ਉਹ ਸਰਪੰਚ ਨਾਲ ਵੀ ਪਹਿਲ ਦੇ ਆਧਾਰ 'ਤੇ ਸੰਪਰਕ ਕਰਨਗੇ। ਇਸ ਸੰਬੰਧੀ ਜਦ ਪ੍ਰਬੰਧਕ ਬਲਜਿੰਦਰ ਸਿੰਘ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਕਿਹਾ ਕਿ ਕਸਬਾ ਟਾਹਲੀ ਸਾਹਿਬ ਦੇ ਜਦੋਂ ਵੀ ਵਿਕਾਸ ਕਾਰਜ਼ ਹੋਣਗੇ ਤਾਂ ਪਿੰਡ ਦੇ ਸਰਪੰਚ ਨਾਲ ਸਲਾਹ ਕਰਕੇ ਪਿੰਡ ਦੇ ਵਿਕਾਸ ਕਾਰਜ਼ ਕਰਵਾਏ ਜਾਣਗੇ।

**ਮਾਮਲਾ : ਪਿੰਡ ਵਿਚ ਪ੍ਰਬੰਧਕ ਲਗਾਉਣ ਦਾ ਪ੍ਰਬੰਧਕ ਵਲੋਂ ਅਜੇ ਕੋਈ ਵੀ ਪਿੰਡ 'ਚ ਕੰਮ ਸ਼ੁਰੂ ਨਹੀਂ ਕਰਵਾਇਆ ਗਿਆ, ਉਹ ਪਹਿਲ ਦੇ ਆਧਾਰ 'ਤੇ ਸਰਪੰਚ ਨਾਲ ਸੰਪਰਕ ਕਰੇਗਾ : ਬੀ.ਡੀ.ਪੀ.ਓ**

ਆਵਾਜ਼ਿ ਕੌਮ AWAZE QAUM International Newspaper & WEB TV

## ਪੰਜਾਬ ਦੇ ਸਮੁੱਚੇ ਡਿਪਟੀ ਕਮਿਸ਼ਨਰ ਨੂੰ ਇਸ ਸਮੇਂ ਜਿਥੇ ਵੀ ਦਰਿਆਵਾ, ਨਹਿਰਾਂ ਤੇ ਸੋਕਾ ਹੈ, ਉਥੇ ਵਧੀਆ ਕਿਸਮ ਦੇ ਦਰੱਖਤਾਂ ਨੂੰ ਲਗਵਾਉਣ ਦੀ ਜਿੰਮੇਵਾਰੀ ਪੂਰਨ ਕਰਨੀ ਬਣਦੀ ਹੈ : ਮਾਨ



ਫ਼ਤਹਿਗੜ੍ਹ ਸਾਹਿਬ (ਰਣਜੀਤ ਸਿੰਘ ਪੇਧਨੀ ) "ਕਿਉਂਕਿ ਜੋ ਅਜੋਕਾ ਸਮਾਂ ਇਹ ਮੌਸਮ ਚੱਲ ਰਿਹਾ ਹੈ, ਇਸ ਵਿਚ ਪੰਜਾਬ ਸਰਕਾਰ ਅਤੇ ਉਨ੍ਹਾਂ ਦੇ ਅਧੀਨ ਕੰਮ ਕਰਨ ਵਾਲੇ ਸਮੁੱਚੇ ਜ਼ਿਲ੍ਹਿਆਂ ਦੇ ਡਿਪਟੀ ਕਮਿਸਨਰ ਸਾਹਿਬਾਨ ਦੀ ਇਹ ਜ਼ਿੰਮੇਵਾਰੀ ਬਣਦੀ ਹੈ ਕਿ ਜਿਥੇ ਵੀ ਕਿਤੇ ਦਰਿਆਵਾ, ਨਹਿਰਾਂ, ਨਾਲਿਆ ਵਿਚ ਸੋਕਾ ਹੈ, ਉਥੇ ਵਧੀਆ ਕਿਸਮ ਦੇ ਦਰੱਖਤ ਲਗਵਾਕੇ ਪੰਜਾਬ ਦੇ ਵਾਤਾਵਰਣ ਨੂੰ ਸੁਖਾਵਾ ਬਣਾਉਣ ਵਿਚ ਜ਼ਿੰਮੇਵਾਰੀ ਨਿਭਾਉਣ। ਉਥੇ ਸੜਕਾਂ ਦੇ ਦੋਵੇ ਪਾਸੇ ਵੀ ਅਜਿਹੇ ਦਰੱਖਤਾਂ ਦੀ ਭਰਮਾਰ ਕਰਨੀ ਚਾਹੀਦੀ ਹੈ। ਕਿਉਂਕਿ ਇਸ ਸਮੇ ਵਿਚ ਲੱਗੇ ਪੇੜ, ਪੌਦੇ, ਦਰੱਖਤ ਬਹੁਤ ਹੀ ਜਲਦੀ ਅਤੇ ਅੱਛੀ ਤਰ੍ਹਾਂ ਵੱਧਦੇ-ਫੁੱਲਦੇ ਹਨ ਅਤੇ ਪੰਜਾਬ ਵਿਚ ਹਰਿਆਵਲ ਨੂੰ ਹੋਰ ਖੁਸਗਵਾਰ ਬਣਾਉਣ ਵਿਚ ਪ੍ਰਸ਼ਾਸ਼ਨ ਨੂੰ ਆਪਣੀ ਬਣਦੀ ਜਿੰਮੇਵਾਰੀ ਨੂੰ ਪਹਿਲ ਦੇ ਆਧਾਰ ਤੇ ਨਿਭਾਉਣ।" ਇਹ ਅਪੀਲ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਪੰਜਾਬ ਦੀ ਸਰਕਾਰ, ਜੰਗਲਾਤ ਵਿਭਾਗ, ਉਚੇਚੇ ਤੌਰ ਤੇ ਸਮੁੱਚੇ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰ ਨੂੰ ਇਕ ਵਿਸੇਸ ਪੱਤਰ ਲਿਖਦੇ ਹੋਏ ਇਸ ਦਿਸ਼ਾ ਵੱਲ ਆਪਣੀ ਜ਼ਿੰਮੇਵਾਰੀ ਪੂਰਨ ਕਰਨ ਦੀ ਗੱਲ ਕਰਦੇ ਹੋਏ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਜਿਥੇ ਜ਼ਿਲ੍ਹਿਆਂ ਦੇ ਡਿਪਟੀ ਕਮਿਸਨਰ ਆਪੋ ਆਪਣੇ ਜ਼ਿਲ੍ਹਿਆਂ ਦੀ ਸਾਫ-ਸਫਾਈ, ਅਮਨ-ਚੈਨ, ਜਮਹੂਰੀਅਤ ਤੇ ਮਾਹੌਲ ਨੂੰ ਖੁਸਗਵਾਰ ਰੱਖਣ ਲਈ ਲੋਕਾਂ ਨੂੰ ਇਨਸਾਫ਼ ਦਿੰਦੇ ਹੋਏ ਜਿੰਮੇਵਾਰੀ ਪੂਰਨ ਕਰਨ। ਸ. ਮਾਨ ਨੇ ਉਚੇਚੇ ਤੌਰ ਤੇ ਹਰਿਆਣਾ, ਪੰਜਾਬ ਵਿਚ ਪੈਂਦੇ ਘੱਗਰ ਦਰਿਆ ਦੇ ਵਹਾਅ ਦੀ ਗੱਲ ਕਰਦੇ ਹੋਏ ਕਿਹਾ ਕਿ ਅਸੀ ਇਸ ਸੰਬੰਧੀ ਹਰਿਆਣਾ ਤੇ ਪੰਜਾਬ ਦੀਆਂ ਦੋਵੇ ਸਰਕਾਰਾਂ ਨੂੰ ਸਹੀ ਸਮੇ ਤੇ ਸੂਚਿਤ ਕਰਦੇ ਹੋਏ ਇਸ ਦਰਿਆ ਦੀ ਸਫਾਈ ਕੰਡਿਆ ਨੂੰ ਪੱਕਾ ਕਰਨ ਅਤੇ ਇਸਦੀ ਡੂੰਘਾਈ ਨੂੰ ਵਧਾਉਣ ਸੰਬੰਧੀ ਲਿਖਤੀ ਪੱਤਰਾਂ ਰਾਹੀ ਬੇਨਤੀ ਕਰਦੇ ਰਹੇ ਹਾਂ। ਜੇਕਰ ਹੁਣ ਇਸਦੇ ਬਾਵਜੂਦ ਵੀ ਇਸ ਘੱਗਰ ਦਰਿਆ ਨੇ ਹਰਿਆਣਾ ਜਾਂ ਪੰਜਾਬ ਦੇ ਨਿਵਾਸੀਆਂ ਦਾ ਨੁਕਸਾਨ ਕੀਤਾ ਤਾਂ ਅਸੀ ਇਸ ਵਿਸੇ ਉਤੇ ਪੰਜਾਬ-ਹਰਿਆਣਾ ਹਾਈਕੋਰਟ ਵਿਚ ਅਜਿਹੀਆ ਗੈਰ ਜਿੰਮੇਵਰਾਨਾਂ ਕਾਰਵਾਈਆ ਦੀ ਬਦੌਲਤ ਪਹੁੰਚ ਕਰਨ ਤੋ ਪਿੱਛੇ ਨਹੀ ਹੱਟਾਂਗੇ।

ਆਵਾਜ਼ਿ ਕੌਮ AWAZE QAUM International Newspaper & WEB TV

## ਜੁਲਾਈ 1955 ਅਤੇ ਜੂਨ 1984 ਘੱਲੂਘਾਰਾ ਇੱਕੋ ਕੜੀ ਦਾ ਹਿੱਸਾ ਹਨ : ਆਵਾਜ਼-ਏ-ਕੌਮ



**ਅੰਮ੍ਰਿਤਸਰ, 4 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਆਵਾਜ਼ ਏ ਕੌਮ ਜਥੇਬੰਦੀ ਵੱਲੋਂ ਜੁਲਾਈ 1955 ਨੂੰ ਭਾਰਤੀ ਹਕੂਮਤ ਵਲੋਂ ਸ੍ਰੀ ਦਰਬਾਰ ਸਾਹਿਬ ਜੀ 'ਤੇ ਹਮਲੇ ਦੀ ਯਾਦ ਮਨਾਈ ਗਈ। ਸ੍ਰੀ ਅਕਾਲ ਤਖ਼ਤ ਸਾਹਿਬ ਜੀ ਵਿਖੇ ਗੁਰਦੁਆਰਾ ਸ਼ਹੀਦ ਬਾਬਾ ਗੁਰਬਖਸ਼ ਸਿੰਘ ਜੀ ਦੇ ਅਸਥਾਨ 'ਤੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਕੀਰਤਨ ਉਪਰੰਤ ਅਰਦਾਸ ਬੇਨਤੀ ਕੀਤੀ ਗਈ ਅਤੇ ਸ੍ਰੀ ਦਰਬਾਰ ਸਾਹਿਬ ਕੰਪਲੈਕਸ ਦੇ ਬਾਹਰ ਜੁਲਾਈ 1955 ਮੌਕੇ ਭਾਰਤੀ ਹਕੂਮਤ ਵਲੋਂ ਸ੍ਰੀ ਦਰਬਾਰ ਸਾਹਿਬ ਜੀ 'ਤੇ ਕੀਤੇ ਹਮਲੇ ਦੀ ਦਾਸਤਾਨ ਨੂੰ ਦਰਸਾਉਂਦੀ ਪ੍ਰਦਰਸ਼ਨੀ ਵੀ ਲਗਾਈ ਗਈ ਜਿਸਨੂੰ ਸੰਗਤਾਂ ਬੜੇ ਚਾਅ ਨਾਲ ਦੇਖਣਾ ਕੀਤਾ।

ਆਵਾਜ਼ ਏ ਕੌਮ ਦੇ ਮੁੱਖ ਸੇਵਾਦਾਰ ਭਾਈ ਮਨਜੀਤ ਸਿੰਘ ਕਰਤਾਰਪੁਰ ਨੇ ਬੋਲਦਿਆਂ ਕਿਹਾ ਕਿ 1947 ਵਾਲੇ ਵਰਤਾਰੇ ਤੋਂ ਬਾਅਦ ਸਿੱਖ ਹਾਲੇ ਤੱਕ ਤਾਂ ਉੱਠ ਵੀ ਨਹੀਂ ਸਕੇ ਸਨ, ਸਿੱਖਾਂ ਦੇ ਕੱਪੜਿਆਂ ਤੋਂ 1947 ਵਾਲੀ ਘਟਨਾ ਦੇ ਲਹੂ ਦੇ ਦਾਗ. ਵੀ ਨਹੀਂ ਸਨ ਲੱਥੇ ਕਿ ਭਾਰਤੀ ਹਕੂਮਤ ਨੇ ਜੁਲਾਈ 1955 ਵਾਲੀ ਘਟਨਾ ਨੂੰ ਅੰਜਾਮ ਦੇ ਦਿੱਤਾ। ਉਨ੍ਹਾਂ ਇਹ ਵੀ ਕਿਹਾ ਕਿ ਜੇ ਉਸ ਵੇਲੇ ਦੀ ਸਿੱਖ ਲੀਡਰਸ਼ਿਪ ਨੇ 1955 ਵਾਲੀ ਘਟਨਾ ਨੂੰ ਗੰਭੀਰਤਾ ਅਤੇ ਸੰਜੀਦਗੀ ਨਾਲ ਲਿਆ ਹੁੰਦਾ ਤਾਂ ਖ਼ਾਲਸਾ ਪੰਥ 'ਤੇ 1978 ਦਾ ਨਿਰੰਕਾਰੀ ਕਾਂਡ ਅਤੇ ਜੂਨ 1984 ਦਾ ਘੱਲੂਘਾਰਾ ਨਾ ਵਾਪਰਦਾ।

ਉਨ੍ਹਾਂ ਕਿਹਾ ਕਿ ਜੁਲਾਈ 1955 ਅਤੇ ਜੂਨ 1984 ਘੱਲੂਘਾਰਾ ਇੱਕੋ ਕੜੀ ਦਾ ਹਿੱਸਾ ਹਨ ਅਤੇ ਇਨ੍ਹਾਂ ਦੋਨੋਂ ਹਮਲਿਆਂ ਨੂੰ ਵੱਖੋ-ਵੱਖ ਕਰਕੇ ਨਹੀਂ ਦੇਖਿਆ ਜਾ ਸਕਦਾ।

ਅਵਾਜ਼ ਏ ਕੌਮ ਦੇ ਆਗੂ ਨੋਬਲਜੀਤ ਸਿੰਘ ਬੁੱਲ੍ਹੋਵਾਲ ਨੇ ਬੋਲਦਿਆਂ ਕਿਹਾ ਕਿ 4 ਜੁਲਾਈ 1955 ਦੇ ਸਾਕੇ ਤੋਂ ਬਆਦ ਅਕਾਲੀ ਲੀਡਰਸ਼ਿਪ ਭਾਰਤੀ ਹਕੂਮਤ ਦੀ ਅਸਲ ਨੀਤੀ ਨੂੰ ਸਮਝ ਨਾ ਸਕੀ। ਅਕਾਲੀ ਦਲ ਦੀ ਲੰਬੀ ਜੱਦੋ-ਜਹਿਦ ਤੋ ਬਾਅਦ ਵੀ ਸਿੱਖ ਆਪਣਾ ਪੂਰਾ ਸੂਬਾ ਨਾ ਲੈ ਸਕੇ। ਪੈਰ ਪੈਰ ਤੇ ਹੁੰਦੇ ਧੋਖਿਆਂ ਦੇ ਬਾਵਜੂਦ ਵੀ ਅਕਾਲੀ ਦਲ ਭਾਰਤੀ ਹਕੂਮਤ ਦੇ ਖ਼ਿਲਾਫ਼ ਕੋਈ ਸਪੱਸ਼ਟ ਸਟੈਂਡ ਨਾ ਲੈ ਸਕਿਆ। ਸਮਾਂ ਬੀਤਣ 'ਤੇ ਅਕਾਲੀ ਆਗੂਆਂ ਦੀ ਪੰਥ ਨਾਲ ਪ੍ਰੀਤ ਘਟਦੀ ਗਈ ਅਤੇ ਨਿੱਜ-ਪ੍ਰਸਤੀ ਵੱਧਦੀ ਚਲੀ ਗਈ। ਪਰ ਦੂਸਰੇ ਪਾਸੇ ਭਾਰਤੀ ਹਕੂਮਤ ਵਲੋਂ ਸਿੱਖਾਂ ਖ਼ਿਲਾਫ਼ ਬਹੁਤ ਸਾਰੇ ਯੋਜਨਾਬੱਧ ਤਰੀਕੇ ਨਾਲ ਕੰਮ ਕੀਤਾ ਗਿਆ। 1978 ਦਾ ਸਾਕਾ ,1984 ਦਾ ਘੱਲੂਘਾਰਾ , ਨਵੰਬਰ 1984 ਦੀ ਸਿੱਖ ਨਸਲਕੁਸ਼ੀ ਦੀ ਲਗਾਤਾਰਤਾ ਨੇ ਸਿੱਖਾਂ ਨੂੰ ਆਪਣੇ ਕੌਮੀ ਘਰ ਦੀ ਜ਼ਰੂਰਤ ਨੂੰ ਮਹਿਸੂਸ ਕਰਵਾਇਆ ਹੈ।

ਇਸ ਮੌਕੇ ਭਾਈ ਪ੍ਰਭਜੋਤ ਸਿੰਘ ਨਵਾਂਸ਼ਹਿਰ, ਭਾਈ ਸੁਖਜੀਤ ਸਿੰਘ ਖੋਸੇ, ਭਾਈ ਗੁਰਪ੍ਰੀਤ ਸਿੰਘ ਖੁੱਡਾ, ਭਾਈ ਰਣਵੀਰ ਸਿੰਘ ਬੈਂਸਤਾਨੀ, ਭਾਈ ਕਰਨੈਲ ਸਿੰਘ ਘੋੜੇਬਾ6ਹਾ, ਜਥੇਦਾਰ ਭੁਪਿੰਦਰ ਸਿੰਘ ਜੀ ਤਰਨਾ ਦਲ, ਭਾਈ ਗੁਰਦੀਪ ਸਿੰਘ ਗੜ੍ਹਦੀਵਾਲਾ, ਅਮਰਜੀਤ ਸਿੰਘ ਨਿੱਝਰ, ਜਤਿੰਦਰਪਾਲ ਸਿੰਘ ਮਝੈਲ, ਬਲਦੇਵ ਸਿੰਘ ਗੱਤਕਾ ਮਾਸਟਰ, ਜਸਵੀਰ ਸਿੰਘ ਸੀਕਰੀ, ਸੁਖਵਿੰਦਰ ਸਿੰਘ ਹਰਿਆਣਾ ਆਦਿ ਹਾਜ਼ਰ ਸਨ।

ਪ੍ਰਿੰਸੀਪਲ ਸਕੱਤਰ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਨੂੰ ਲਿਖੇ ਪੱਤਰ 'ਚ ਹੋਇਆ ਵੱਡਾ ਖੁਲਾਸਾ

# ਸਿਵਲ ਹਸਪਤਾਲ ਹੁਸ਼ਿਆਰਪੁਰ ਅਤੇ ਦਸੂਹਾ 'ਚ ਗਰੀਬ ਮਰੀਜ਼ਾਂ ਦੀ ਹੈਰਾਨੀਜਨਕ ਢੰਗ ਨਾਲ ਹੋ ਰਹੀ ਲੁੱਟ

- ਡਾਕਟਰਾਂ ਦੀ ਮਿਲੀਭੁਗਤ ਨਾਲ ਅਣ ਅਧਿਕਾਰਿਤ ਵਿਅਕਤੀ ਅਪ੍ਰੇਸ਼ਨ ਥਿਏਟਰਾਂ ਚ ਕਰ ਰਿਹਾ ਪ੍ਰੈਕਟਿਸ
- ਸਰਜਰੀ ਦਾ 26 ਸਾਲ ਦਾ ਤਜ਼ਰਬਾ ; ਡਾਕਟਰਾਂ ਦੇ ਬੁਲਾਉਣ 'ਤੇ ਅਕਸਰ ਜਾਂਦਾ ਰਿਹਾ : ਪਰਮਜੀਤ ਸਿੰਘ

ਹੁਸ਼ਿਆਰਪੁਰ, 4 ਜੁਲਾਈ (ਆਵਾਜ਼ਿ ਕੌਮ ਬਿਊਰੋ)- ਸਿਵਲ ਹਸਪਤਾਲ ਹੁਸ਼ਿਆਰਪੁਰ ਅਤੇ ਦਸੂਹਾ ਵਰਗੇ ਸਰਕਾਰੀ ਹਸਪਤਾਲਾਂ ਵਿੱਚ ਉੱਚ ਸਿਹਤ ਅਧਿਕਾਰੀਆਂ ਦੀ ਕਥਿਤ ਮਿਲੀਭੁਗਤ ਨਾਲ ਮੈਟ੍ਰਿਕ ਪਾਸ ਇੱਕ ਵਿਅਕਤੀ ਵੱਲੋਂ ਲੋਕਾਂ ਦੇ ਇਲਾਜ ਤੇ ਅਪ੍ਰੇਸ਼ਨ ਦੇ ਬਹਾਨੇ ਲੱਖਾਂ ਰੁਪਏ ਬਟੋਰਨ ਦੀ ਖ਼ਬਰ ਮਿਲੀ ਹੈ, ਇਨ੍ਹਾਂ ਹੀ ਨਹੀਂ ਸਗੋਂ ਮੈਟ੍ਰਿਕ ਪਾਸ ਦੱਸੇ ਜਾਂਦੇ ਉਕਤ ਵਿਅਕਤੀ ਵੱਲੋਂ ਹੁਸ਼ਿਆਰਪੁਰ ਜਲੰਧਰ ਰੋਡ 'ਤੇ ਅੱਡਾ ਕੱਠਾਰ ਵਿਖੇ ਇੱਕ ਹਸਪਤਾਲ ਖੋਲ੍ਹ ਕੇ ਅਣ ਅਧਿਕਾਰਿਤ ਤਰੀਕੇ ਨਾਲ ਇਲਾਜ ਦੇ ਨਾਮ 'ਤੇ ਮਰੀਜ਼ਾਂ ਦਾ ਨਿਧੜਕ ਹੋ ਕੇ ਸ਼ੋਸ਼ਣ ਕੀਤਾ ਜਾ ਰਿਹਾ ਹੈ, ਇਸ ਸਾਰੇ ਮਾਮਲੇ ਨੂੰ ਸ਼ਿਕਾਇਤ ਦੇ ਰੂਪ ਵਿੱਚ ਪ੍ਰਿੰਸੀਪਲ ਸਕੱਤਰ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਨੂੰ ਡਾ. ਗੁਰਮਿੰਦਰ ਸਿੰਘ ਦੇ ਨਾਮ 'ਤੇ ਲਿਖੇ ਅਤੇ ਮੀਡੀਆ ਨੂੰ ਪ੍ਰਾਪਤ ਹੋਏ ਇੱਕ ਪੱਤਰ ਰਾਹੀਂ ਉਜਾਗਰ ਕਰਦਿਆਂ ਦੱਸਿਆ ਗਿਆ ਹੈ ਕਿ ਮੈਟ੍ਰਿਕ ਪਾਸ ਦੱਸੇ ਜਾਂਦੇ ਪਰਮਜੀਤ ਸਿੰਘ ਵੱਲੋਂ ਸਿਵਲ ਹਸਪਤਾਲ ਹੁਸ਼ਿਆਰਪੁਰ ਦੀ ਇੰਚਾਰਜ ਮਹਿਲਾ ਐੱਸਐੱਮਓ ਨਾਲ ਕਥਿਤ ਰੂਪ ਵਿੱਚ ਮਿਲੀਭੁਗਤ ਕਰਕੇ ਨਜਾਇਜ਼ ਤੌਰ ਤੇ ਅਪ੍ਰੇਸ਼ਨ ਥਿਏਟਰ ਵਿਚ ਕੰਮ ਕਰਨ ਅਤੇ ਗਰੀਬ ਮਰੀਜਾਂ ਤੋਂ ਵੱਡੀਆਂ ਰਕਮਾਂ ਬਟੋਰਨ ਅਤੇ ਥਿਏਟਰ ਦੀਆਂ ਸਟਾਫ ਨਰਸਾਂ ਬਾਰੇ ਗਲਤ ਅਤੇ ਨਜਾਇਜ਼ ਟਿੱਪਣੀਆਂ ਕਰਨ ਦਾ ਜ਼ਿਕਰ ਕੀਤਾ ਗਿਆ ਹੈ, ਮੀਡੀਆ ਦੇ ਹੱਥ ਲੱਗੇ ਉਕਤ ਸ਼ਿਕਾਇਤ ਪੱਤਰ ਅਨੁਸਾਰ ਪਰਮਜੀਤ ਸਿੰਘ ਅੰਸ਼ ਹਸਪਤਾਲ ਕਠਾਰ ਜ਼ਿਲ੍ਹਾ ਜਲੰਧਰ ਵਾਸੀ ਹੈ ਅਤੇ ਮੈਟ੍ਰਿਕ ਪਾਸ ਹੈ। ਇਸ ਨੇ ਹੱਡੀਆਂ ਦੇ ਮਾਹਿਰ ਡਾਕਟਰਾਂ ਅਤੇ ਸਰਜਨਾਂ ਨਾਲ ਕੰਮ ਕਰਕੇ ਅਪ੍ਰੇਸ਼ਨਾਂ ਦੌਰਾਨ ਡਾਕਟਰਾਂ ਨੂੰ ਅਸਿਸਟ ਕਰਨਾ ਸਿਖਿਆ ਹੋਇਆ ਹੈ ਅਤੇ ਇਸ ਦਾ ਹੌਂਸਲਾ ਹੁਣ ਇਨ੍ਹਾਂ ਵੱਧ ਗਿਆ ਹੈ ਕਿ ਖੁਦ ਹੀ ਪੁੱਠੇ-ਸਿੱਧੇ ਉਪਰੇਸ਼ਨ ਕਰਨ ਲੱਗ ਪਿਆ ਹੈ। ਜਿਸ ਲਈ ਇਸ ਨੇ ਨਾਜਾਇਜ਼ ਤੌਰ ਤੇ ਕਠਾਰ ਵਿਖੇ ਅੰਸ਼ ਹਸਪਤਾਲ ਖੋਲਿਆ ਹੋਇਆ ਹੈ ਅਤੇ ਆਪਣੇ ਆਪ ਨੂੰ ਬੀਏਐਮਐਸ ਦੱਸਦਾ ਹੈ ਜੇ ਕਿ ਇਹ ਜਾਅਲੀ ਡਾਕਟਰ ਬਣਿਆ ਫਿਰਦਾ ਹੈ। ਉਪਰੋਕਤ ਪਰਮਜੀਤ ਸਿੰਘ ਗਲਤ ਪਲਸਤਰ ਅਤੇ ਓਪਰੇਸ਼ਨ ਕਰਵਾਉਣ ਲਈ ਅਮਰਪ੍ਰੀਤ ਸਿੰਘ ਨਾਲ ਹੁਸ਼ਿਆਰਪੁਰ ਦੇ ਉਪਰੇਸ਼ਨ ਥਿਏਟਰ ਵਿੱਚ ਕੰਮ ਕਰਵਾਉਂਦਾ ਹੈ ਅਤੇ ਮਹੀਨੇ ਦੇ ਲੱਖਾਂ ਰੁਪਏ ਗਰੀਬ ਮਰੀਜਾਂ ਤੋਂ ਬਟੋਰ ਲੈਂਦਾ ਹੈ। ਇਹ ਸਭ ਕੁਝ ਡਾਕਟਰ ਅਮਰਪ੍ਰੀਤ ਸਿੰਘ ਅਤੇ ਡਾਕਟਰ ਸਵਾਤੀ ਐਸਐਮਓ ਦੀ ਕਥਿਤ ਸਰਪ੍ਰਸਤੀ ਹੇਠ ਹੋ ਰਿਹਾ ਹੈ। ਇਹ ਨਜਾਇਜ਼ ਪੈਸਾ ਗਰੀਬ ਮਰੀਜਾਂ ਕੋਲੋਂ ਕਿਵੇਂ ਬਟੋਰਿਆ ਜਾਂਦਾ ਹੈ ਇਸ ਸਬੰਧੀ ਇੰਨਕੁਆਰੀ ਕੀਤੀ ਜਾਵੇ ਅਤੇ ਬਣਦੀਆਂ ਧਾਰਾਵਾਂ ਅਧੀਨ ਪਰਚਾ ਦਰਜ ਕਰਵਾਇਆ ਜਾਵੇ, ਦੱਸਿਆ ਜਾਂਦਾ ਹੈ ਕਿ ਉਪਰੋਕਤ ਪਰਮਜੀਤ ਸਿੰਘ ਪਹਿਲਾਂ ਹਫ਼ਤੇ ਦੇ ਤਿੰਨ ਦਿਨ ਸਿਵਲ ਹਸਪਤਾਲ ਦਸੂਹਾ ਡਾਕਟਰ ਬਲਵਿੰਦਰ ਕੁਮਾਰ ਨਾਲ ਓਪਰੇਸ਼ਨ ਕਰਵਾਉਂਦਾ ਸੀ ਅਤੇ ਘੱਟੋ-ਘੱਟ ਦਸ ਲੱਖ ਗਰੀਬ ਮਰੀਜ਼ਾਂ ਤੋਂ ਬਟੋਰ ਚੁੱਕਾ ਹੈ। ਹੁਣ ਇਸ ਨੂੰ ਡਾਕਟਰ ਮਨਮੋਹਨ ਸਿੰਘ ਐਸ.ਐਮ.ਓ. ਵੱਲੋਂ ਆਪਣੀ ਡਿਊਟੀ ਜੁਆਇੰਨ ਕਰਨ ਉਪਰੰਤ ਦਸੂਹਾ ਹਸਪਤਾਲ ਆਉਣ ਤੋਂ ਵਰਜ ਦਿੱਤਾ ਗਿਆ ਹੈ। ਸਿਵਲ ਹਸਪਤਾਲ ਹੁਸ਼ਿਆਰਪੁਰ ਦੀ ਇੰਚਾਰਜ ਐੱਸਐੱਮਓ ਡਾ ਸਵਾਤੀ, ਹੱਡੀਆਂ ਦੇ ਮਾਹਿਰ ਡਾ ਅਮਰਪ੍ਰੀਤ ਸਿੰਘ ਸਿਵਲ ਹਸਪਤਾਲ ਹੁਸ਼ਿਆਰਪੁਰ ਅਤੇ ਡਾਕਟਰ ਦਵਿੰਦਰ ਕੁਮਾਰ ਮੈਡੀਕਲ ਅਫਸਰ, ਸਿਵਲ ਹਸਪਤਾਲ ਦਸੂਹਾ ਦੀ ਮਿਲੀ ਭੁਗਤ ਨਾਲ ਸਾਰਾ ਘਾਲਾ ਮਾਲਾ ਹੋ ਰਿਹਾ ਹੈ। ਸ਼ਿਕਾਇਤ ਵਿੱਚ ਲਿਖਿਆ ਗਿਆ ਹੈ ਕਿ ਨਿਰਪੱਖ ਏਜੰਸੀਆਂ ਵੱਲੋਂ ਇਸ ਮਾਮਲੇ ਦੀ ਜਾਂਚ ਕਰਨ 'ਤੇ ਵੱਡੇ ਖੁਲਾਸੇ ਹੋ ਸਕਦੇ ਹਨ । ਸ਼ਿਕਾਇਤਕਰਤਾ ਵੱਲੋਂ ਇਸ ਪੱਤਰ ਦੀਆਂ ਕਾਪੀਆਂ ਡਾਇਰੈਕਟਰ ਸਿਹਤ ਅਤੇ ਤਲਾਈ ਪਰਿਵਾਰ ਵਿਭਾਗ, ਪੰਜਾਬ, ਚੰਡੀਗੜ੍ਹ, ਸਿਵਲ ਸਰਜਨ, ਹੁਸ਼ਿਆਰਪੁਰ, ਸਿਵਲ ਸਰਜਨ ਜਲੰਧਰ, ਐਸ.ਐਮ.ਓ. ਸਿਵਲ ਹਸਪਤਾਲ ਦਸੂਹਾ ਨੂੰ ਲੋੜੀਂਦੀ ਕਾਰਵਾਈ ਅਤੇ ਛਿੰਦਪਾਲ ਨਰਸ ਉਪਰੇਸ਼ਨ ਥਿਏਟਰ, ਸਿਵਲ ਹਸਪਤਾਲ ਹੁਸਿਆਰਪੁਰ ਨੂੰ ਲੋੜੀਂਦੀ ਕਾਰਵਾਈ ਲਈ ਭੇਜੀਆਂ ਗਈਆਂ ਹਨ ।

## ਕੀ ਕਹਿਣਾ ਹੈ ਪਰਮਜੀਤ ਸਿੰਘ ਦਾ ?

**ਇਸ ਮਾਮਲੇ ਬਾਰੇ ਪੱਖ ਲੈਣ ਲਈ ਸੰਪਰਕ ਕਰਨ 'ਤੇ ਪਰਮਜੀਤ ਸਿੰਘ** ਨੇ ਕਿਹਾ ਕਿ ਉਸ ਨੇ ਸਰਜਰੀ ਮਾਮਲਿਆਂ ਵਿੱਚ ਵੱਖ ਵੱਖ ਡਾਕਟਰਾਂ ਨਾਲ ਲਗਾਤਾਰ 25-26 ਸਾਲ ਕੰਮ ਕਰਨ ਦਾ ਤਜ਼ਰਬਾ ਰਿਹਾ ਹੈ ਜਿਸ ਨੂੰ ਵੇਖਦਿਆਂ ਵੱਖ ਵੱਖ ਹਸਪਤਾਲਾਂ ਦੇ ਡਾਕਟਰ ਉਸ ਨੂੰ ਸਰਜਰੀ ਅਪ੍ਰੇਸ਼ਨਾਂ ਦੌਰਾਨ ਸਹਾਇਤਾ ਲਈ ਬੁਲਾਉਂਦੇ ਰਹਿੰਦੇ ਹਨ ਇਸੇ ਤਰ੍ਹਾਂ ਹੁਸ਼ਿਆਰਪੁਰ ਸਿਵਲ ਹਸਪਤਾਲ ਦੇ ਡਾਕਟਰ ਅਮਰਪ੍ਰੀਤ ਸਿੰਘ ਓਰਥੋ ਸਰਜਨ ਅਤੇ ਦਸੂਹਾ ਸਿਵਲ ਹਸਪਤਾਲ ਦੇ ਡਾਕਟਰ ਬਲਵਿੰਦਰ ਕੁਮਾਰ ਅਤੇ ਡਾ ਮਨਮੋਹਨ ਸਿੰਘ ਵੱਲੋਂ ਬੁਲਾਏ ਜਾਣ 'ਤੇ ਗਿਆ ਅਤੇ ਉਨ੍ਹਾਂ ਦੇ ਕੰਮ ਵਿੱਚ ਸਹਾਇਤਾ ਵੀ ਕੀਤੀ ਪਰ ਮਰੀਜ਼ਾਂ ਕੋਲੋਂ ਪੈਸੇ ਬਟੋਰਨ ਦੇ ਦੋਸ਼ਾਂ ਤੋਂ ਇਨਕਾਰ ਕਰਦਿਆਂ ਕਿਹਾ ਕਿ ਇਹ ਦੋਸ਼ ਮਨਘੜਤ ਹਨ।

## ਜਾਂਚ ਲਈ ਪੰਜ ਮੈਂਬਰੀ ਕਮੇਟੀ ਬਣਾਈ : ਸਿਵਲ ਸਰਜਨ ਹੁਸ਼ਿਆਰਪੁਰ

**ਇਸ ਮਾਮਲੇ ਬਾਰੇ ਪੱਖ ਲੈਣ ਲਈ ਪੱਤਰਕਾਰਾਂ ਵੱਲੋਂ ਸਿਵਲ ਸਰਜਨ** ਹੁਸ਼ਿਆਰਪੁਰ ਡਾ. ਪਵਨ ਕੁਮਾਰ ਸ਼ਗੋਤਰਾ ਨਾਲ ਉਨ੍ਹਾਂ ਦੇ ਦਫਤਰ ਮੁਲਾਕਾਤ ਕੀਤੀ ਗਈ ਇਸ ਮਾਮਲੇ ਬਾਰੇ ਪੁੱਛੇ ਜਾਣ 'ਤੇ ਉਨ੍ਹਾਂ ਕਿਹਾ ਕਿ ਇਹ ਸ਼ਿਕਾਇਤ ਉਨ੍ਹਾਂ ਪਾਸ ਆਈ ਹੈ ਜਿਸ ਦੀ ਪੜ੍ਹਤਾਲ ਕਰਨ ਲਈ ਪੰਜ ਮੈਂਬਰੀ ਕਮੇਟੀ ਬਣਾਈ ਗਈ ਹੈ ਜਿਸ ਵਿੱਚ ਡਿਪਟੀ ਮੈਡੀਕਲ ਕਮਿਸ਼ਨਰ ਡਾ ਹਰਬੰਸ ਕੌਰ, ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ ਸੀਮਾ ਗਰਗ, ਜ਼ਿਲ੍ਹਾ ਸਿਹਤ ਅਫ਼ਸਰ ਡਾ ਜਤਿੰਦਰ ਭਾਟੀਆ, ਏਸੀਐੱਸ ਡਾ ਦਵਿੰਦਰਪਾਲ ਅਤੇ ਦਫਤਰ ਸੁਪਰਡੈਂਟ ਦਵਿੰਦਰ ਕੁਮਾਰ (ਡੀਕੇ) ਭੱਟੀ ਸ਼ਾਮਿਲ ਹਨ, ਮਾਮਲੇ ਦੀ ਜਾਂਚ ਕਰਕੇ ਜਲਦੀ ਹੀ ਰਿਪੋਰਟ ਉਪਰਲੇ ਅਧਿਕਾਰੀਆਂ ਨੂੰ ਭੇਜ ਦਿੱਤੀ ਜਾਵੇਗੀ

# ਰੈੱਡ ਕਰਾਸ ਫਿਜੀਓਥੈਰੇਪੀ ਸੈਂਟਰ ਪੀੜਤਾਂ/ਰੋਗੀਆਂ ਨੂੰ ਮੁਹੱਈਆ ਕਰਵਾ ਰਿਹਾ ਸਸਤੀ ਫਿਜੀਓਥੈਰੇਪੀ ਸੇਵਾਵਾਂ




ਹੁਸ਼ਿਆਰਪੁਰ, 4 ਜੁਲਾਈ (ਆਵਾਜ਼ਿ ਕੌਮ ਬਿਊਰੋ)- ਜ਼ਿਲਾ ਰੈੱਡ ਕਰਾਸ ਸੋਸਾਇਟੀ ਦਾ ਮੁੱਖ ਟੀਚਾ ਮਨੁੱਖੀ ਸੇਵਾ ਕਰਨੀ ਹੈ, ਜਿਸ ਸਬੰਧੀ ਰੈੱਡ ਕਰਾਸ ਵੱਖ-ਵੱਖ ਸਮਾਜਿਕ ਅਤੇ ਸਿਹਤ ਸਬੰਧੀ ਉਪਰਾਲਿਆਂ ਰਾਹੀਂ ਹਜ਼ਾਰਾਂ ਲੋਕਾਂ ਦੀ ਜ਼ਿੰਦਗੀ 'ਤੇ ਸਕਾਰਾਤਮਕ ਅਸਰ ਪਾ ਰਹੀ ਹੈ। ਜਨਤਾ ਦੀ ਸੇਵਾ ਦੇ ਪ੍ਰਤੀ ਆਪਣੇ ਵਚਨਬੱਧਤਾ ਅਤੇ ਆਧੁਨਿਕ ਜੀਵਨਸ਼ੈਲੀ ਕਾਰਨ ਵਧ ਰਹੀਆਂ ਫਿਜੀਓਥੈਰੇਪੀ ਦੀਆਂ ਲੋੜਾਂ ਨੂੰ ਦੇਖਦਿਆਂ ਰੈਡ ਕਰਾਸ ਨੇ ਡਗਾਣਾ ਰੋਡ ਵਿਖੇ ਨਵਾਂ ਫਿਜੀਓਥੈਰੇਪੀ ਸੈਂਟਰ ਸ਼ੁਰੂ ਕੀਤਾ ਹੈ, ਜਿਸ ਵਿੱਚ ਸ਼ੁਰੂਆਤ ਤੋਂ ਹੀ ਲੋਕਾਂ ਵੱਲੋਂ ਵਧੀਆ ਪ੍ਰਤਿਕਿਰਿਆ ਮਿਲੀ ਹੈ। ਸਿਰਫ ਦੋ ਮਹੀਨਿਆਂ ਵਿਚ ਹੀ 100 ਤੋਂ ਵੱਧ ਓ.ਪੀ.ਡੀ. ਹੋ ਚੁੱਕੀਆਂ ਹਨ, ਜੋ ਕਿ ਇਲਾਕੇ ਵਿੱਚ ਇਨ੍ਹਾਂ ਸੇਵਾਵਾਂ ਦੀ ਲੋੜ ਅਤੇ ਵਿਸ਼ਵਾਸ ਨੂੰ ਦਰਸਾਉਂਦਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੱਕਤਰ ਜ਼ਿਲਾ ਰੈਡ ਕਰਾਸ ਸੋਸਾਇਟੀ ਮੰਗੇਸ਼ ਸੂਦ ਨੇ ਦੱਸਿਆ ਕਿ ਇਹ ਫਿਜੀਓਥੈਰੇਪੀ ਸੈਂਟਰ ਅਨੁਭਵੀ ਡਾ. ਅਮਨਦੀਪ ਕੌਰ ਵੱਲੋਂ ਚਲਾਇਆ ਜਾ ਰਿਹਾ ਹੈ, ਜਿਨ੍ਹਾਂ ਕੋਲ ਬੀ.ਪੀ.ਟੀ ਅਤੇ ਐਮ.ਪੀ.ਟੀ (ਆਰਥੋਪੈਡਿਕਸ ) ਦੀ ਡਿਗਰੀ ਹੈ ਅਤੇ ਉਹ ਪਹਿਲਾਂ ਵੀ ਮੈਕਸ ਹਸਪਤਾਲ, ਦਿੱਲੀ ਵਰਗੇ ਵਿਖਿਆਤ ਮਲਟੀ-ਸੁਪਰ-ਸਪੈਸ਼ਲਟੀ ਹਸਪਤਾਲਾਂ ਵਿਚ ਕੰਮ ਕਰ ਚੁੱਕੇ ਹਨ। ਜਿਸ ਅਨੁਸਾਰ ਮਰੀਜ਼ਾ ਨੂੰ ਆਧੁਨਿਕ ਉਪਰਕਰਣਾਂ ਦੀ ਮਦਦ ਅਤੇ ਵਿਗਿਆਨਕ ਢੰਗ ਨਾਲ ਸੇਵਾਵਾਂ ਦਿੱਤੀਆ ਜਾ ਰਹੀਆ ਹਨ। ਸੱਕਤਰ ਜ਼ਿਲਾ ਰੈਡ ਕਰਾਸ ਸੋਸਾਇਟੀ ਮੰਗੇਸ਼ ਸੂਦ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ-ਕਮ-ਪ੍ਰਧਾਨ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਆਸ਼ਿਕਾ ਜੈਨ ਵਲੋਂ ਇਹ ਯਕੀਨੀ ਬਣਾਇਆ ਗਿਆ ਹੈ ਕਿ ਹਰ ਕਿਸੇ ਮਰੀਜ਼ ਨੂੰ ਸਸਤੇ ਰੇਟਾਂ ਦੀ ਫਿਜਿਓਥੈਰੇਪੀ ਸੈਂਟਰ ਦਾ ਲਾਭ ਮਿਲ ਸਕੇ। ਇਸ ਲਈ ਓ.ਪੀ.ਡੀ. ਦੀ ਫੀਸ ਸਿਰਫ 70 ਰੁਪਏ ਰੱਖੀ ਗਈ ਹੈ। ਇਸ ਫਿਜਿਓਥੈਰੇਪੀ ਡਿਸਪੈਂਸਰੀ ਦੀਆ ਸੇਵਾਵਾਂ ਹਰ ਕਿਸੇ ਵਰਗ ਦਾ ਵਿਅਕਤੀ ਪ੍ਰਾਪਤ ਕਰ ਸਕਦਾ ਹੈ। ਉਨ੍ਹਾਂ ਦੱਸਿਆ ਕਿ ਕਈ ਮਰੀਜ਼ਾਂ ਵਲੋਂ ਇਨ੍ਹਾਂ ਸੇਵਾਵਾਂ ਦਾ ਲਾਭ ਉਠਾਇਆ ਗਿਆ ਹੈ ਅਤੇ ਆਪਣੇ ਸਕਾਰਾਤਮਕ ਅਨੁਭਵਾਂ ਨੂੰ ਸਾਂਝਾ ਕੀਤਾ ਗਿਆ ਹੈ। ਮੀਨਾ ਰਾਣੀ, ਸੁਭਾਸ਼ ਨਗਰ, ਗਲੀ ਨੰ. 4, ਨੇ ਕਿਹਾ ਕਿ ਉਹ ਪਿੱਠ ਦਰਦ ਕਾਰਨ ਢੰਗ ਨਾਲ ਬੈਠ ਵੀ ਨਹੀਂ ਸਕਦੀ ਸੀ, ਨਾ ਹੀ ਖੜੀ ਹੋ ਸਕਦੀ ਸੀ। ਉਸਨੇ ਇਕ ਪ੍ਰਾਈਵੇਟ ਫਿਜੀਓਥੈਰੇਪੀ ਸੈਂਟਰ ਤੋਂ ਇੱਕ ਹਫ਼ਤਾ ਇਲਾਜ ਲਿਆ ਪਰ ਜ਼ਿਆਦਾ ਫਰਕ ਨਹੀਂ ਪਿਆ। ਫਿਰ ਉਸਨੇ ਅਖ਼ਬਾਰ ਰਾਹੀਂ ਰੈੱਡ ਕਰਾਸ, ਫਿਜਿਓਥੈਰੇਪ ਸੈਂਟਰ ਬਾਰੇ ਜਾਣਿਆ। ਇੱਕ ਹਫ਼ਤੇ ਦੀ ਥੈਰੇਪੀ ਤੋਂ ਬਾਅਦ ਉਸਦੀ ਹਾਲਤ ਕਾਫੀ ਬਿਹਤਰ ਹੋ ਗਈ, ਹਿਲਜੁਲ ਆਸਾਨ ਹੋ ਗਈ ਅਤੇ ਉਹ ਆਪਣੀਆਂ ਰੋਜ਼ਾਨਾ ਦੀਆਂ ਗਤਿਵਿਧੀਆਂ ਆਸਾਨੀ ਨਾਲ ਕਰ ਸਕਦੀ ਹੈ। ਹਰਵਿੰਦਰ ਸਿੰਘ ਵਾਸੀ ਡਾਗਾਣਾ ਰੋਡ ਨੇ ਦੱਸਿਆ ਕਿ ਉਹ ਗਰਦਨ ਦਰਦ ਕਾਰਨ ਪ੍ਰੇਸ਼ਾਨ ਸੀ। ਇੱਕ ਦੋਸਤ ਨੇ ਰੈਡ ਕਰਾਸ ਸੈਂਟਰ ਬਾਰੇ ਦੱਸਿਆ। 10 ਦਿਨ ਦੇ ਇਲਾਜ ਤੋਂ ਬਾਅਦ ਉਸਦੀ ਗਰਦਨ ਦੀ ਸਖ਼ਤਤਾ ਘੱਟੀ, ਦਰਦ ਘੱਟ ਹੋਇਆ ਅਤੇ ਹਿਲਜੁਲ ਵੀ ਬਿਹਤਰ ਹੋਈ। ਉਨ੍ਹਾਂ ਕਿਹਾ ਕਿ ਇਹ ਸੈਂਟਰ ਮੇਰੇ ਜਿਹੇ ਮਰੀਜ਼ਾਂ ਲਈ ਇੱਕ ਉਮੀਦ ਦੀ ਕਿਰਨ ਹੈ ਅਤੇ ਇਹ ਦੂਜੇ ਨਿੱਜੀ ਸੈਂਟਰਾਂ ਨਾਲੋਂ ਕਾਫੀ ਸਸਤਾ ਵੀ ਹੈ। ਇੱਕ ਹੋਰ ਸਥਾਨਕ ਵਾਸੀ ਪੁਸ਼ਿਪੰਦਰ ਸਿੰਘ, ਜੋ ਕਿ ਗੋਡਿਆਂ ਦੇ ਦਰਦ ਨਾਲ ਪਰੇਸ਼ਾਨ ਸੀ, ਨੇ ਇਸ ਸੈਂਟਰ ਬਾਰੇ ਇਸ਼ਿਤਹਾਰੀ ਬੋਰਡ ਰਾਹੀਂ ਜਾਣਿਆ। ਇਲਾਜ ਤੋਂ ਪਹਿਲਾਂ ਉਹ ਢੰਗ ਨਾਲ ਖੜਾ ਵੀ ਨਹੀਂ ਹੋ ਸਕਦਾ ਸੀ, ਪਰ 3-4 ਦਿਨਾਂ ਦੀ ਥੈਰੇਪੀ ਤੋਂ ਬਾਅਦ ਉਸਨੂੰ ਕਾਫੀ ਸੁਧਾਰ ਮਹਿਸੂਸ ਹੋਇਆ। ਪੁਸ਼ਿਪੰਦਰ ਨੇ ਡਾ. ਅਮਨਦੀਪ ਕੌਰ ਦੀ ਕਾਫੀ ਸਿਫ਼ਤ ਕੀਤੀ ਅਤੇ ਕਿਹਾ ਕਿ ਉਹ ਮਰੀਜ਼ਾਂ ਪ੍ਰਤੀ ਬਹੁਤ ਸੰਵੇਦਨਸ਼ੀਲ ਅਤੇ ਸਮਝਦਾਰ ਹਨ। 70 ਰੁਪਏ ਦੀ ਫੀਸ ਹਰ ਨਾਗਰਿਕ ਲਈ ਬਹੁਤ ਹੀ ਸਸਤੀ ਹੈ। ਜੁਆਂਇੰਟ ਸੈਕਟਰੀ ਆਦਿਤਯ ਰਾਣਾ ਨੇ ਦੱਸਿਆ ਕਿ ਜ਼ਿਲਾ ਰੈਡ ਕਰਾਸ ਸੋਸਾਇਟੀ ਭਵਿੱਖ ਵਿੱਚ ਹੋਰ ਅਜਿਹੀਆਂ ਲੋਕ-ਭਲਾਈ ਪਹਿਲਾਂ ਲਿਆਉਣ ਲਈ ਵਚਨਬੱਧ ਹੈ ਅਤੇ ਜਨਤਾ ਨੂੰ ਅਪੀਲ ਕਰਦੀ ਹੈ ਕਿ ਉਹ ਇਸ ਉੱਚ ਗੁਣਵੱਤਾ ਵਾਲੀ ਸਸਤੀ ਸਿਹਤ ਸੇਵਾ ਦਾ ਪੂਰਾ ਲਾਭ ਲੈਣ।

# ਦੇਸ਼ ਵਿਆਪੀ ਹੜਤਾਲ ਲਈ ਪੈਨਸ਼ਨਰਾਂ ਵਿਚ ਉਤਸ਼ਾਹ ਤੇ ਜ਼ੋਸ਼—ਆਗੂ



ਫ਼ਿਰੋਜ਼ਪੁਰ, 4 ਜੁਲਾਈ (ਮਨੋਹਰ ਲਾਲ) :— ਅੱਜ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਸਰਕਲ ਫ਼ਿਰੋਜ਼ਪੁਰ ਦੀ ਮੀਟਿੰਗ ਸਰਕਲ ਪ੍ਰਧਨ ਸੁਖਦੇਵ ਸਿੰਘ ਬੱਗੀ ਪਤਨੀ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ ਸਰਕਲ ਸਕੱਤਰ ਅਸ਼ਵਨੀ ਕੁਮਾਰ, ਸੀਨੀਅਰ ਆਗੂ ਬਲਕਾਰ ਸਿੰਘ ਭੁੱਲਰ, ਸੀਨੀਅਰ ਮੀਤ ਪ੍ਰਧਾਨ ਗੁਰਦਿੱਤ ਸਿੰਘ ਸਿੱਧੂ, ਕੈਸ਼ੀਅਰ ਰਾਮਦੇਵ, ਗੁਰਮੇਲ ਸਿੰਘ ਬਰਾੜ, ਸੁਰਜੀਤ ਸਿੰਘ ਗਿੱਲ ਜ਼ੀਰਾ, ਸੁਖਦੇਵ ਸਿੰਘ ਫ਼ਿਰੋਜ਼ਪੁਰ, ਅਵਤਾਰ ਸਿੰਘ ਸ਼ੇਰਖਾਂ, ਜਗਰੂਪ ਸਿੰਘ ਪੰਮਾ ਆਦਿ ਆਗੂਆਂ ਨੇ ਹਿੱਸਾ ਲਿਆ। ਇਸ ਮੌਕੇ ਬੋਲਦਿਆਂ ਆਗੂਆਂ ਨੇ ਕਿਹਾ ਕਿ 9—7—25 ਦੇਸ਼ ਵਿਆਪੀ ਜ਼ੋ ਹੜਤਾਲ ਹੋ ਰਹੀ ਹੈ, ਉਸ ਵਿਚ ਪੈਨਸ਼ਨਰਜ਼ ਵੱਡੀ ਗਿਣਤੀ ਵਿਚ ਸ਼ਮੂਲੀਅਤ ਕਰਨਗੇ। ਗੱਲਬਾਤ ਕਰਦਿਆਂ ਅਸ਼ਵਨੀ ਕੁਮਾਰ ਤੇ ਬਲਕਾਰ ਸਿੰਘ ਭੁੱਲਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮਜ਼ਦੂਰਾਂ, ਕਿਸਾਨਾਂ, ਮੁਲਾਜ਼ਮਾਂ ਅਤੇ ਹੋਰ ਮਿਹਨਤੀ ਵਰਗਾਂ ਦੇ ਹੱਕੀ ਘੋਲਾਂ ਨੂੰ ਪੁਲਿਸ ਜਬਰ ਰਾਹੀਂ ਦਬਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਅੱਜ ਸਾਰੇ ਪੰਜਾਬ ਅੰਦਰ ਹਰ ਵਰਗ ਆਪਣੇ ਹੱਕਾਂ ਲਈ ਸੜਕਾਂ ਤੇ ਸੰਘਰਸ਼ ਕਰ ਰਹੇ ਹਨ, ਪਰ ਬੜੇ ਅਫਸੋਸ ਦੀ ਗੱਲ ਹੈ ਕਿ ਰਾਜ ਸਰਕਾਰ ਕੁੰਭ ਕਰਨੀ ਨੀਂਦ ਸੁੱਤੀ ਪਈ ਹੈ। ਸਮੂਹ ਸਾਥੀਆਂ ਨੂੰ ਸੰਘਰਸ਼ ਲਈ ਤਿਆਰ—ਬਰ—ਤਿਆਰ ਰਹਿਣ ਦੀ ਅਪੀਲ ਕਰਦਿਆਂ ਆਗੂਆਂ ਨੇ ਕਿਹਾ ਕਿ ਸਮੇਂ ਦੇ ਹਾਕਮਾਂ ਤੋਂ ਆਪਣੇ ਹੱਕਾਂ ਲਈ ਉਹ ਹਰ ਤਰ੍ਹਾਂ ਦਾ ਸੰਘਰਸ਼ ਕਰਨ ਲਈ ਤਿਆਰ ਹਨ।

# ਪੰਜਾਬ ਫੋਰੈਸਟ ਐਸੋਸੀਏਸ਼ਨ ਦੀ ਹੋਈ ਮੀਟਿੰਗ ਵਿਚ ਸਰਕਲ ਫ਼ਿਰੋਜ਼ਪੁਰ ਤੇ ਬਠਿੰਡਾ ਦਾ ਹੋਇਆ ਵਿਸਥਾਰ



ਫ਼ਿਰੋਜ਼ਪੁਰ, 4 ਜੁਲਾਈ (ਮਨੋਹਰ ਲਾਲ) :— ਪੰਜ਼ਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਫ਼ਿਰੋਜ਼ਪੁਰ ਸਰਕਲ ਕਮੇਟੀ ਦੀ ਮੀਟਿੰਗ ਅੱਜ ਜੋਗਾ ਨੰਦ ਰੋਡ ਸਾਹਮਣੇ ਥਰਮਲ ਕਲੋਨੀ ਬਠਿੰਡਾ ਵਿਖੇ ਹੋਈ ਅਤੇ ਇਸ ਮੀਟਿੰਗ ਦੀ ਪ੍ਰਧਾਨਗੀ ਬਲਵਿੰਦਰ ਸਿੰਘ ਸੰਧੂ ਮੀਤ ਪ੍ਰਧਾਨ ਵੱਲੋਂ ਕੀਤੀ ਗਈ, ਜਦੋਂ ਕਿ ਵੱਡੀ ਗਿਣਤੀ ਵੱਖ—ਵੱਖ ਮੰਡਲ ਕਮੇਟੀ ਦੇ ਅਹੁਦੇਦਾਰ ਤੇ ਸਰਗਰਮ ਮੈਂਬਰ ਸ਼ਾਮਲ ਹੋਏ ਅਤੇ ਸ਼੍ਰੀ ਕੁਲਵੰਤ ਰਾਏ ਰਿਟਾਇਰਡ ਫਾਰੈਸਟ ਰਾਜਸਥਾਨ ਵਿਸ਼ੇਸ਼ ਤੌਰ ਤੇ ਪਹੁੰਚੇ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਪੰਜਾਬ ਫੋਰੈਸਟ ਪੈਨਸ਼ਨਰਜ਼ ਐਸੋਸੀਏਸ਼ਨ ਨੇ ਦੱਸਿਆ ਕਿ ਮੀਟਿੰਗ ਦਾ ਆਗਾਜ ਕਰਨ ਤੋਂ ਪਹਿਲਾਂ ਹਾਜਰੀਨ ਵੱਲੋਂ ਅਹਿਮਦਾਬਾਦ ਗੁਜਰਾਤ ਵਿਖੇ ਹੋਏ ਹਵਾਈ ਹਾਸਦੇ ਵਿਚ ਮਾਰੇ ਗਏ ਮੁਸਾਫਰਾਂ, ਸਟਾਫ ਅਤੇ ਬਲਬੀਰ ਸਿੰਘ ਬਾਗੀ ਦੇ ਬੇਟੇ ਦੀ ਮੌਤ ਤੇ ਗੁਰਜਾਂਗ ਸਿੰਘ ਮੰਡਲ ਧ੍ਰਿਾਨ ਫ਼ਿਰੋਜ਼ਪੁਰ ਮੰਡਲ ਕਮੇਟੀ ਦੇ ਭਰਾ ਸੁਰਿੰਦਰ ਸਿੰਘ ਸਾਬਕਾ ਆਰਮੀ ਅਫਸਰ ਦੀ ਅਚਾਨਕ ਮੌਤ ਦੇ ਸਬੰਧ ਵਿਚ ਹਾਜ਼ਰ ਸਾਥਿਆਂ ਨੇ ਖੜ੍ਹੇ ਹੋ ਕੇ ਸ਼ਰਧਾਂਜਲੀ ਭੇਂਟ ਕੀਤੀ। ਇਸ ਸਮੇਂ ਬੁਲਾਰਿਆਂ ਨੇ ਬਣਦਾ ਬਕਾਇਆ ਇਕ ਕਿਸ਼ਤ ਵਿਚ ਦੇਣ, ਕੌਮੀ ਪੱਧਰ ਦੀ ਹੜਤਾਲ ਦਾ ਸਮਰਥਨ, ਮੈਂਬਰਸ਼ਿਪ ਵਧਾਉਣ ਆਦਿ ਬਾਰੇ ਵਿਚਾਰ ਵਟਾਂਦਰਾ ਕੀਤਾ। ਇਸ ਸਮੇਂ ਐਸੋਸੀਏਸ਼ਨ ਨੂੰ ਕਾਮਯਾਬ ਕਰਨ ਲਈ ਮੰਡਲ ਕਮੇਟੀ ਬਠਿੰਡਾ ਅਤੇ ਸਰਕਲ ਕਮੇਟੀ ਫ਼ਿਰੋਜ਼ਪੁਰ ਸਰਕਲ ਦਾ ਸਰਬਸੰਮਤੀ ਨਾਲ ਵਿਸਥਾਰ ਕੀਤਾ ਗਿਆ, ਜਿਸ ਵਿੱਚ ਮੰਡਲ ਕਮੇਟੀ ਬਠਿੰਡਾ ਦੇ ਪ੍ਰਧਾਨ ਰਸ਼ਪਾਲ ਸਿੰਘ, ਸੀਨੀਅਰ ਮੀਤ ਪ੍ਰਧਾਨ ਹਰਜੀਤ ਸਿੰਘ, ਮੀਤ ਪ੍ਰਧਾਨ ਦਲਜੀਤ ਸਿੰਘ ਤਹਲਾ ਸਾਹਿਬ, ਸਕੱਤਰ ਮਧੂ ਭੂਸ਼ਣ, ਸਹਾਇਕ ਸਕੱਤਰ ਰਾਜਿੰਦਰ ਸਿੰਘ ਰਾਏ ਖਾਣਾ ਸਰਪ੍ਰਸਤ ਰਾਮਪਾਲ ਸ਼ਰਮਾ ਅਤੇ ਸ਼੍ਰੀ ਜਗਸੀਰ ਸਿੰਘ ਮੌੜ ਵਿੱਤ ਸਕੱਤਰ ਚੁਣੇ ਗਏ। ਇਸੇ ਤਰ੍ਹਾਂ ਸਰਕਲ ਕਮੇਟੀ ਫ਼ਿਰੋਜ਼ਪੁਰ ਸਰਕਲ ਲਈ ਮਧੂ ਭੂਸ਼ਣ ਪ੍ਰਧਾਨ, ਗੁਰਜੰਗ ਸਿੰਘ ਸੀਨੀਅਰ ਮੀਤ ਪ੍ਰਧਾਨ, ਬਲਵਿੰਦਰ ਸਿੰਘ ਸੰਧੂ ਅਬੋਹਰ ਮੀਤ ਪ੍ਰਧਾਨ, ਰਵੀ ਕੁਮਾਰ ਬਰਗਾੜੀ ਮੀਤ ਪ੍ਰਧਾਨ, ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ, ਰਸ਼ਪਾਲ ਸਿੰਘ ਵਿੱਤ ਸਕੱਤਰ ਸੁਖਦਰਸ਼ਨ ਸਿੰਘ ਬਜਾਖਾਜ਼ਾ ਸਹਾਇਕ ਸਕੱਤਰ ਚੁਣੇ ਗਏ। ਅੰਤ ਵਿਚ ਨਵੇਂ ਚੁਣੇ ਆਹੁਦੇਦਾਰਾਂ ਨੇ ਵਿਸ਼ਵਾਸ ਦਵਾਇਆ ਕਿ ਉਹ ਜੁੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣ ਲਈ ਹਰ ਯਤਨ ਕਰਣਗੇ। ਨਵੀਂ ਸਰਕਲ ਕਮੇਟੀ ਦੇ ਪ੍ਰਧਾਨ ਮਧੂ ਭੂਸ਼ਣ ਮੰਡਲ ਕਮੇਟੀ ਬਠਿੰਡਾ ਦੇ ਪ੍ਰਧਾਨ ਰਸ਼ਪਾਲ ਸਿੰਘ ਅਤੇ ਸੂਬਾ ਪ੍ਰਧਾਨ ਬਲਵਿੰਦਰ ਸਿੰਘ ਸੰਧੂ ਨੇ ਸਮੂਹ ਹਾਜ਼ਰ ਸਾਥੀਆਂ ਦਾ ਧੰਨਵਾਦ ਕੀਤਾ।

# ਪੁਲਿਸ ਨੇ ਐਨ.ਡੀ.ਪੀ.ਐਸ.ਐਕਟ ਦੇ ਤਹਿਤ ਇਕ ਕਥਿਤ ਦੋਸ਼ੀ ਨੂੰ ਕੀਤਾ ਗ੍ਰਿਫਤਾਰ

**ਹੁਸ਼ਿਆਰਪੁਰ, 4 ਜੁਲਾਈ (ਆਵਾਜ਼ਿ ਕੌਮ ਬਿਊਰੋ)-** ਸੰਦੀਪ ਕੁਮਾਰ ਮਲਿਕ ਆਈ.ਪੀ.ਐਸ. ਸੀਨੀਅਰ ਪੁਲਿਸ ਕਪਤਾਨ ਹੁਸ਼ਿਆਰਪੁਰ ਦੇ ਦਿਸ਼ਾ ਨਿਰਦੇਸ਼ਾ ਤੇ ਮੁਕੇਸ਼ ਕੁਮਾਰ ਐਸ.ਪੀ ਇੰਨਵੈਸਟੀਗੇਸ਼ਨ ਅਤੇ ਡੀ. ਐਸ. ਪੀ. ਸਬ-ਡਵੀਜ਼ਨ ਦਸੂਹਾ ਦੀਆ ਹਦਾਇਤਾਂ ਮੁਤਾਬਿਕ ਇੰਸਪੈਕਟਰ ਰਜਿੰਦਰ ਸਿੰਘ ਮੁੱਖ ਅਫਸਰ ਥਾਣਾ ਦਸੂਹਾ ਦੀ ਅਗਵਾਈ ਹੇਠ ਨਸ਼ਾ ਵੇਚਣ ਅਤੇ ਪੀਣ ਵਾਲਿਆ ਖਿਲਾਫ ਚਲਾਈ ਗਈ ਮੁਹਿੰਮ "ਯੁੱਧ ਨਸ਼ਿਆ ਵਿਰੁੱਧ" ਤਹਿਤ ਏ.ਐਸ.ਆਈ ਰਵਿੰਦਰ ਸਿੰਘ ਨੇ ਆਪਣੇ ਸਾਥੀ ਕਰਮਚਾਰੀਆ ਦੇ ਨਾਲ ਮੁਲਜਮ ਮਨੂੰ ਪੁੱਤਰ ਕਾਕੂ ਵਾਸੀ ਮਹਾਜਨਾ ਮੁਹੱਲਾ ਦਸੂਹਾ ਦਸੂਹਾ ਹਸਿਆਰਪੁਰ ਨੂੰ ਕਾਬੂ ਕਰਕੇ ਉਸ ਪਾਸੋ ਇਕ ਸਿਲਵਰ ਪੰਨੀ, ਲਾਈਟਰ ਅਤੇ 10 ਰੁਪਏ ਦਾ ਭਾਰਤੀ ਕਰੰਸੀ ਨੋਟ ਨੂੰ ਬ੍ਰਾਮਦ ਕਰਕੇ ਐਨ.ਡੀ.ਪੀ.ਐਸ ਐਕਟ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ, ਉਹਨਾਂ ਕਿਹਾ ਕਿ ਉਸ ਕੋਲੋਂ ਡੂੰਘਾਈ ਨਾਲ ਪੁੱਛਗਿੱਛ ਕਰਕੇ ਅਦਾਲਤ ਵਿੱਚ ਪੇਸ਼ ਕਰਕੇ ਉਕਤ ਵਿਅਕਤੀ ਨੂੰ ਪੁਲਿਸ ਨਸ਼ਾ ਛੁਡਾਓ ਕੇਂਦਰ ਸਿਵਲ ਹਸਪਤਾਲ ਦਸੂਹਾ ਵਿਖੇ ਦਾਖਲ ਕਰਵਾਇਆ ਜਾਵੇਗਾ ! ਐਨ.ਡੀ.ਪੀ.ਐਸ ਐਕਟ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ, ਉਹਨਾਂ ਕਿਹਾ ਕਿ ਉਸ ਕੋਲੋਂ ਡੂੰਘਾਈ ਨਾਲ ਪੁੱਛਗਿੱਛ ਕਰਕੇ ਅਦਾਲਤ ਵਿੱਚ ਪੇਸ਼ ਕਰਕੇ ਉਕਤ ਵਿਅਕਤੀ ਨੂੰ ਪੁਲਿਸ ਨਸ਼ਾ ਛੁਡਾਓ ਕੇਂਦਰ ਸਿਵਲ ਹਸਪਤਾਲ ਦਸੂਹਾ ਵਿਖੇ ਦਾਖਲ ਕਰਵਾਇਆ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243